Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
seadesigncompany
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 81 Chief Editor : Chowdhary Prabhjit Singh, Editor : Chhatarpal Singh 98146-32807, Friday 11 September 2026 Price : 2 Rs. 

## ਪੰਜਾਬ ਨੂੰ ਦੇਸ਼ ਦਾ ਸਭ ਤੋਂ ਵਧੀਆ ਉਦਯੋਗਿਕ ਹੱਬ ਬਣਾਉਣ ਲਈ ਸਰਕਾਰ ਵਚਨਬੱਧ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਚੰਡੀਗੜ੍ਹ, 10 ਸਤੰਬਰ -ਜੀ. ਐਸ. ਤੁੰਗ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਫਸਲਾਂ ਦੀ ਰਹਿੰਦ-ਖੂੰਹਦ ਦੇ ਟਿਕਾਊ ਪ੍ਰਬੰਧਨ, ਬਾਗਬਾਨੀ ਖੇਤਰ ਨੂੰ ਮਜ਼ਬੂਤ ਕਰਨ ਅਤੇ ਉਦਯੋਗਾਂ ਲਈ ਹੁਨਰਮੰਦ ਮਨੁੱਖੀ ਸਰੋਤ ਤਿਆਰ ਕਰਨ ਵਾਸਤੇ Confederation of Indian Industry (CII) ਨਾਲ ਵਧੇਰੇ ਸਹਿਯੋਗ ਦੀ ਲੋੜ ’ਤੇ ਜ਼ੋਰ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸੂਬੇ ਨੂੰ ਦੇਸ਼ ਦਾ ਸਭ ਤੋਂ ਵਧੀਆ ਉਦਯੋਗਿਕ ਹੱਬ ਬਣਾਉਣਾ ਅਤੇ ਉਦਯੋਗਪਤੀਆਂ ਤੇ ਕਾਰੋਬਾਰੀਆਂ ਲਈ ਅਨੁਕੂਲ ਅਤੇ ਸੁਖਾਵਾਂ ਮਾਹੌਲ ਤਿਆਰ ਕਰਨਾ ਹੈ। ਉਨ੍ਹਾਂ ਕਿਹਾ ਕਿ ਉਦਯੋਗਿਕ ਵਿਕਾਸ ਦੇ ਨਾਲ-ਨਾਲ ਵਾਤਾਵਰਣ ਦੀ ਸੰਭਾਲ ਅਤੇ ਖੇਤੀਬਾੜੀ ਨੂੰ ਟਿਕਾਊ ਬਣਾਉਣਾ ਵੀ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਮਾਨ ਨੇ 399 ਤੋਂ ਫਸਲਾਂ ਦੀ ਰਹਿੰਦ-ਖੂੰਹਦ ਦੇ ਵਿਗਿਆਨਕ ਅਤੇ ਟਿਕਾਊ ਪ੍ਰਬੰਧਨ ਲਈ ਉਦਯੋਗਿਕ ਮਾਹਿਰਤਾ, ਤਕਨਾਲੋਜੀ ਅਤੇ ਨਵੀਨਤਮ ਹੱਲ ਮੁਹੱਈਆ ਕਰਵਾਉਣ ਵਿੱਚ ਸਹਿਯੋਗ ਦੀ ਮੰਗ ਕੀਤੀ। ਸਰਕਾਰ ਦਾ ਮੰਨਣਾ ਹੈ ਕਿ ਪਰਾਲੀ ਨੂੰ ਸਾੜਨ ਦੀ ਬਜਾਏ ਇਸ ਨੂੰ ਉਪਯੋਗੀ ਉਤਪਾਦਾਂ ਅਤੇ ਉਦਯੋਗਿਕ ਕੱਚੇ ਮਾਲ ਵਿੱਚ ਬਦਲਣ ਲਈ ਨਵੇਂ ਮਾਡਲ ਵਿਕਸਿਤ ਕੀਤੇ ਜਾ ਸਕਦੇ ਹਨ।

ਇਸ ਸਹਿਯੋਗ ਰਾਹੀਂ ਕਿਸਾਨਾਂ ਲਈ ਵਿਕਲਪਿਕ ਪ੍ਰਬੰਧਨ ਤਕਨੀਕਾਂ, ਉਦਯੋਗਾਂ ਲਈ ਬਾਇਓਮਾਸ ਦੀ ਵਰਤੋਂ ਅਤੇ ਵਾਤਾਵਰਣ-ਅਨੁਕੂਲ ਕਾਰੋਬਾਰੀ




ਮਾਡਲਾਂ ਨੂੰ ਉਤਸ਼ਾਹਿਤ ਕਰਨ ’ਤੇ ਧਿਆਨ ਦਿੱਤਾ ਜਾ ਸਕਦਾ ਹੈ। ਇਸ ਨਾਲ ਪਰਾਲੀ ਸਾੜਨ ਦੀ ਸਮੱਸਿਆ ਅਤੇ ਇਸ ਨਾਲ ਜੁੜੇ ਹਵਾ ਪ੍ਰਦੂਸ਼ਣ ਨੂੰ ਘਟਾਉਣ ਵਿੱਚ ਮਦਦ ਮਿਲਣ ਦੀ ਉਮੀਦ ਹੈ। ਮੁੱਖ ਮੰਤਰੀ ਨੇ ਪੰਜਾਬ ਦੇ ਬਾਗਬਾਨੀ ਖੇਤਰ ਨੂੰ ਹੋਰ ਮਜ਼ਬੂਤ ਕਰਨ ਲਈ CII ਨਾਲ ਗਿਆਨ ਅਤੇ ਤਕਨਾਲੋਜੀ ਦੇ ਆਦਾਨ-ਪ੍ਰਦਾਨ ਦੀ ਲੋੜ ਵੀ ਉਜਾਗਰ ਕੀਤੀ। ਆਧੁਨਿਕ ਤਕਨੀਕ, ਵੈਲਿਊ ਐਡੀਸ਼ਨ, ਪ੍ਰੋਸੈਸਿੰਗ ਅਤੇ ਬਿਹਤਰ ਮਾਰਕੀਟ ਲਿੰਕੇਜ ਰਾਹੀਂ ਕਿਸਾਨਾਂ ਦੀ ਆਮਦਨ ਅਤੇ ਖੇਤੀਬਾੜੀ ਦੀ ਆਰਥਿਕ ਸਮਰੱਥਾ ਵਧਾਉਣ ’ਤੇ ਧਿਆਨ ਦਿੱਤਾ ਜਾ ਸਕਦਾ ਹੈ।

ਮਾਨ ਨੇ ਕਿਹਾ ਕਿ ਪੰਜਾਬ ਵਿੱਚ ਨਵੇਂ ਉਦਯੋਗ ਅਤੇ ਨਿਵੇਸ਼ ਆਉਣ ਦੇ ਨਾਲ ਹੁਨਰਮੰਦ ਮਨੁੱਖੀ ਸਰੋਤਾਂ ਦੀ ਮੰਗ ਵੀ ਵਧੇਗੀ। ਇਸ ਲਈ ਸਰਕਾਰ ਉਦਯੋਗਾਂ ਦੀ ਲੋੜ ਅਨੁਸਾਰ ਨੌਜਵਾਨਾਂ ਨੂੰ ਹੁਨਰ ਸਿਖਲਾਈ ਦੇਣ ਅਤੇ ਰੋਜ਼ਗਾਰ ਦੇ ਮੌਕੇ ਵਧਾਉਣ ਲਈ ਉਦਯੋਗ ਜਗਤ ਨਾਲ ਸਾਂਝ ਮਜ਼ਬੂਤ ਕਰਨਾ ਚਾਹੁੰਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਮਕਸਦ ਸਿਰਫ਼ ਉਦਯੋਗ ਸਥਾਪਤ ਕਰਨਾ ਨਹੀਂ, ਸਗੋਂ ਅਜਿਹਾ ਕਾਰੋਬਾਰੀ ਵਾਤਾਵਰਣ ਤਿਆਰ ਕਰਨਾ ਹੈ ਜਿਸ ਵਿੱਚ ਨਿਵੇਸ਼, ਉਤਪਾਦਨ, ਰੋਜ਼ਗਾਰ ਅਤੇ ਨਿਰਯਾਤ ਨੂੰ ਇਕੱਠੇ ਉਤਸ਼ਾਹ ਮਿਲੇ।

ਮੁੱਖ ਮੰਤਰੀ ਨੇ ਆਪਣੇ ਸੁਨੇਹੇ ਵਿੱਚ ਕਿਹਾ ਕਿ ਉਦਯੋਗਿਕ ਵਿਕਾਸ ਅਤੇ ਵਾਤਾਵਰਣ ਸੁਰੱਖਿਆ ਇਕ-ਦੂਜੇ ਦੇ ਵਿਰੋਧੀ ਨਹੀਂ ਹਨ, ਬਲਕਿ ਤਕਨਾਲੋਜੀ ਅਤੇ ਉਦਯੋਗਿਕ ਨਵੀਨਤਾ ਰਾਹੀਂ ਦੋਵਾਂ ਨੂੰ ਇਕੱਠੇ ਅੱਗੇ ਵਧਾਇਆ ਜਾ ਸਕਦਾ ਹੈ। CII ਵਰਗੀਆਂ ਉਦਯੋਗਿਕ ਸੰਸਥਾਵਾਂ ਨਾਲ ਭਾਈਵਾਲੀ ਪੰਜਾਬ ਨੂੰ ਟਿਕਾਊ ਖੇਤੀਬਾੜੀ, ਸਾਫ਼ ਵਾਤਾਵਰਣ ਅਤੇ ਮਜ਼ਬੂਤ ਉਦਯੋਗਿਕ ਅਰਥਵਿਵਸਥਾ ਵੱਲ ਲਿਜਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ।

## ਹਾਈ ਕੋਰਟ ਦੇ ਹੁਕਮਾਂ ਨੂੰ ਲਟਕਾ ਕੇ ਨਾ ਰੱਖਿਆ ਜਾਵੇ, ਖਾਮੀਆਂ ਦੂਰ ਕਰਕੇ ਅਗਲੇ ਹਫ਼ਤੇ ਤੱਕ ਕੀਤੀ ਜਾਵੇ ਸੁਣਵਾਈ: ਅਦਾਲਤ




**ਚੰਡੀਗੜ੍ਹ 10 ਸਤੰਬਰ -ਛਤਰਪਾਲ ਸਿੰਘ-**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਵੀਰਵਾਰ ਨੂੰ ਪੰਜਾਬ ਸਰਕਾਰ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਬਕਾਇਆ ਮਹਿੰਗਾਈ ਭੱਤੇ (41) ਦੇ ਭੁਗਤਾਨ ਸਬੰਧੀ ਹਾਈ ਕੋਰਟ ਦੇ ਹੁਕਮਾਂ ਵਿਰੁੱਧ ਸੁਪਰੀਮ ਕੋਰਟ ਵਿੱਚ ਦਾਇਰ ਕੀਤੀ ਅਪੀਲ ਦੀ ਤੁਰੰਤ ਪੈਰਵੀ ਕਰੇ। ਅਦਾਲਤ ਨੇ ਸਪੱਸ਼ਟ ਕੀਤਾ ਕਿ ਸੂਬਾ ਸਰਕਾਰ ਅਪਣੀ ਵਿਸ਼ੇਸ਼ ਇਜਾਜ਼ਤ ਪਟੀਸ਼ਨ ਵਿੱਚ ਤਕਨੀਕੀ ਖਾਮੀਆਂ ਨੂੰ ਬਹਾਨਾ ਬਣਾ ਕੇ ਹਾਈ ਕੋਰਟ ਦੇ ਨਿਰਦੇਸ਼ਾਂ ਨੂੰ ਲਟਕਾ ਕੇ ਨਹੀਂ ਰੱਖ ਸਕਦੀ। ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਡਿਵੀਜ਼ਨ ਬੈਂਚ ਨੇ ਸਰਕਾਰ ਦੀ ਕਾਰਗੁਜ਼ਾਰੀ ’ਤੇ ਸਖ਼ਤ ਟਿੱਪਣੀ ਕਰਦਿਆਂ ਕਿਹਾ, ਅਦਾਲਤ ਨਾਲ ਖੇਡਾਂ ਖੇਡਣ ਜਾਂ ਅੱਖਾਂ ਵਿੱਚ ਘੱਟਾ ਪਾਉਣ ਦੀ ਕੋਸ਼ਿਸ਼ ਨਾ ਕੀਤੀ ਜਾਵੇ। ਤੁਹਾਨੂੰ ਅਪੀਲ ਕਰਨ ਦਾ ਪੂਰਾ ਹੱਕ ਹੈ, ਕਿਰਪਾ ਕਰਕੇ ਉਸ ਹੱਕ ਦੀ ਵਰਤੋਂ ਕਰਦਿਆਂ ਅਦਾਲਤ ਤੋਂ ਫ਼ੈਸਲਾ ਲਓ। ਅਦਾਲਤ ਪੰਜਾਬ ਸਰਕਾਰ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਕੇਂਦਰ ਸਰਕਾਰ ਦੀ ਤਰਜ਼ ’ਤੇ ਬਕਾਇਆ ਡੀਏ/ਡੀਆਰ ਦੀਆਂ ਕਿਸ਼ਤਾਂ ਜਾਰੀ ਕਰਨ ਦੇ 3 ਅਗਸਤ ਦੇ ਹੁਕਮਾਂ ਦੀ ਤਾਮੀਲ ਨਾ ਕਰਨ ਨਾਲ ਸਬੰਧਤ ਅਰਜ਼ੀਆਂ ’ਤੇ ਸੁਣਵਾਈ ਕਰ ਰਹੀ ਸੀ। ਸੁਣਵਾਈ ਦੌਰਾਨ ਸਰਕਾਰੀ ਵਕੀਲ ਨੇ ਦੱਸਿਆ ਕਿ ਸਰਕਾਰ ਸੁਪਰੀਮ ਕੋਰਟ ਵਿੱਚ ਦਾਇਰ ਅਪੀਲ ਦੀਆਂ ਖਾਮੀਆਂ ਨੂੰ ਦੂਰ ਕਰਨ ਦੀ ਪ੍ਰਕਿਰਿਆ ਵਿੱਚ ਹੈ ਅਤੇ ਅਪੀਲ ਲਈ 90 ਦਿਨਾਂ ਦੀ ਮਿਆਦ ਉਪਲਬਧ ਹੈ। ਇਸ ’ਤੇ ਬੈਂਚ ਨੇ ਕਿਹਾ ਕਿ ਸਰਕਾਰ ਦੇ ਅਪੀਲ ਦੇ ਅਧਿਕਾਰ ’ਤੇ ਕੋਈ ਸਵਾਲ ਨਹੀਂ ਹੈ, ਪਰ ਮਾਮਲੇ ਨੂੰ ਇਸ ਤਰ੍ਹਾਂ ਲਟਕਾ ਕੇ ਨਹੀਂ ਰੱਖਿਆ ਜਾ ਸਕਦਾ। ਬੈਂਚ ਨੇ ਕਿਹਾ, ਅਸੀਂ ਮਾਮਲਾ ਇੱਕ ਹਫ਼ਤੇ ਲਈ ਮੁਲਤਵੀ ਕਰ ਰਹੇ ਹਾਂ, ਅਗਲੇ ਹਫ਼ਤੇ ਤੱਕ ਸੁਪਰੀਮ ਕੋਰਟ ਵਿੱਚ ਆਪਣੀ ਅਪੀਲ ’ਤੇ ਸੁਣਵਾਈ ਕਰਵਾਓ, ਨਹੀਂ ਤਾਂ ਅਸੀਂ ਇਸ ਮਾਮਲੇ ’ਚ ਅਗਲੀ ਕਾਰਵਾਈ ਕਰਾਂਗੇ।

ਸਰਕਾਰੀ ਵਕੀਲ ਨੇ ਅਦਾਲਤ ਦੇ ਧਿਆਨ ਵਿੱਚ ਲਿਆਂਦਾ ਕਿ ਮੂਲ ਪਟੀਸ਼ਨਰਾਂ ਨੇ ਪਹਿਲਾਂ ਹੀ ਨਿਯਮਤ ਬੈਂਚ ਦੇ ਸਾਹਮਣੇ ਅਦਾਲਤੀ ਮਾਣਹਾਨੀ ਦੀਆਂ ਕਾਰਵਾਈਆਂ ਸ਼ੁਰੂ ਕੀਤੀਆਂ ਹੋਈਆਂ ਹਨ, ਜਿਸ ਨਾਲ ਮਾਮਲਿਆਂ ਦੀ ਗਿਣਤੀ ਵਧ ਰਹੀ ਹੈ। ਦੂਜੇ ਪਾਸੇ, ਪਟੀਸ਼ਨਰਾਂ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਚੇਤਨ ਮਿੱਤਲ ਨੇ ਜ਼ੋਰ ਦਿੱਤਾ ਕਿ ਪੰਜਾਬ ਸਰਕਾਰ ਨੂੰ ਹੁਕਮਾਂ ਦੀ ਪਾਲਣਾ ਜਾਂ ਸੁਪਰੀਮ ਕੋਰਟ ਵਿੱਚ ਅਪੀਲ ਦੀ ਮੌਜੂਦਾ ਸਥਿਤੀ ਬਾਰੇ ਹਲਫ਼ਨਾਮਾ ਦਾਇਰ ਕਰਨਾ ਚਾਹੀਦਾ ਹੈ।

ਜ਼ਿਕਰਯੋਗ ਹੈ ਕਿ ਇਹ ਵਿਵਾਦ ਹਾਈ ਕੋਰਟ ਦੇ 8 ਅਪਰੈਲ ਦੇ ਸਿੰਗਲ ਬੈਂਚ ਦੇ ਫ਼ੈਸਲੇ ਤੋਂ ਸ਼ੁਰੂ ਹੋਇਆ ਸੀ, ਜਿਸ ਵਿੱਚ ਪੰਜਾਬ ਸਰਕਾਰ ਨੂੰ ਆਪਣੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਕੇਂਦਰ ਸਰਕਾਰ ਦੇ ਪੈਟਰਨ ’ਤੇ ਡੀਏ ਅਤੇ ਡੀਆਰ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਇਸ ਤੋਂ ਬਾਅਦ 3 ਅਗਸਤ ਨੂੰ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਡਿਵੀਜ਼ਨ ਬੈਂਚ ਨੇ ਸਰਕਾਰ ਅਤੇ ਪੀ.ਐੱਸ.ਪੀ.ਸੀ.ਐੱਲ. ਦੀਆਂ ਅਪੀਲਾਂ ਨੂੰ ਖਾਰਜ ਕਰਦਿਆਂ ਸਿੰਗਲ ਬੈਂਚ ਦੇ ਹੁਕਮਾਂ ਦੀ ਪੁਸ਼ਟੀ ਕੀਤੀ ਸੀ ਅਤੇ ਦੋ ਹਫ਼ਤਿਆਂ ਦੇ ਅੰਦਰ-ਅੰਦਰ ਬਕਾਇਆ ਡੀਏ ਜਾਰੀ ਕਰਨ ਦਾ ਹੁਕਮ ਦਿੱਤਾ ਸੀ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਸਰਕਾਰੀ ਮੁਲਾਜ਼ਮਾਂ ਦੀਆਂ ਪੈਨਸ਼ਨਾਂ, ਗ੍ਰੈਚੁਇਟੀ, ਛੁੱਟੀਆਂ ਦੇ ਬਦਲੇ ਨਕਦੀ (ਲੀਵ ਐਨਕੈਸ਼ਮੈਂਟ) ਅਤੇ ਐਸ਼ੋਰਡ ਕੈਰੀਅਰ ਪ੍ਰੋਗਰੈਸ਼ਨ ਸਕੀਮ ਸਮੇਤ ਹੋਰ ਸੇਵਾਮੁਕਤੀ ਲਾਭਾਂ ਨਾਲ ਸਬੰਧਤ ਸ਼ਿਕਾਇਤਾਂ ਦੀ ਨਵੇਂ ਸਿਰੇ ਤੋਂ ਸੁਤੰਤਰ ਜਾਂਚ ਕਰੇ।

## ਅਮਨ ਅਰੋੜਾ ਨੇ ਪੰਜਾਬ-ਸ਼ਾਰਜਾਹ ਵਪਾਰਕ ਰਿਸ਼ਤਿਆਂ ਨੂੰ ਮਜ਼ਬੂਤ ਕਰਨ ਲਈ ਸਾਂਝੇ ਉੱਦਮ, ਬਰਾਮਦ, ਤਕਨੀਕੀ ਸਹਿਯੋਗ ਤੇ ਸੁਖਾਲੀ ਮਾਰਕੀਟ ਪਹੁੰਚ ’ਤੇ ਦਿੱਤਾ ਜ਼ੋਰ

**ਚੰਡੀਗੜ੍ਹ/ਸ਼ਾਰਜਾਹ, 10 ਸਤੰਬਰ -ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੀ ਯੂ.ਏ.ਈ. ਨਿਵੇਸ਼ ਪਹੁੰਚ ਨੂੰ ਅਗਲੇ ਪੜਾਅ ’ਤੇ ਲਿਜਾਂਦਿਆਂ ਸੂਬੇ ਦੇ ਉਦਯੋਗ ਅਤੇ ਵਣਜ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਪੰਜਾਬ ਅਤੇ ਯੂ.ਏ.ਈ. ਦਰਮਿਆਨ ਵਪਾਰਕ, ਨਿਵੇਸ਼ ਅਤੇ ਉਦਯੋਗਿਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਸ਼ਾਰਜਾਹ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਅਤੇ ਇੰਡੀਅਨ ਬਿਜ਼ਨਸ ਐਂਡ ਪ੍ਰੋਫੈਸ਼ਨਲ ਕੌਂਸਲ ਨਾਲ ਰਣਨੀਤਕ ਗੱਲਬਾਤ ਕੀਤੀ।

ਇਹ ਗੱਲਬਾਤ ਬਿਜ਼ਨਸ-ਟੂ-




ਬਿਜ਼ਨਸ (ਬੀ2ਬੀ) ਸਬੰਧਾਂ ਨੂੰ ਮਜ਼ਬੂਤ ਕਰਨ ਅਤੇ ਇੱਕ ਸੰਗਠਿਤ ਢਾਂਚਾ ਸਥਾਪਿਤ ਕਰਨ ’ਤੇ ਕੇਂਦਰਿਤ ਸੀ ਤਾਂ ਜੋ ਪੰਜਾਬ ਅਤੇ ਸ਼ਾਰਜਾਹ ਦੇ ਉੱਦਮੀਆਂ ਨੂੰ ਭਾਈਵਾਲ ਲੱਭਣ, ਜੁਆਇੰਟ ਵੈਂਚਰ (ਸਾਂਝੇ ਉੱਦਮ) ਲਗਾਉਣ, ਬਰਾਮਦ ਵਧਾਉਣ ਅਤੇ ਲੰਬੇ ਸਮੇਂ ਦੇ ਆਪਸੀ ਲਾਭਕਾਰੀ ਵਪਾਰਕ ਸਬੰਧ ਸਥਾਪਤ ਕਰਨ ਵਿੱਚ ਮਦਦ ਮਿਲ ਸਕੇ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਦੇ ਨਤੀਜੇ ਵਜੋਂ ਇੰਡੀਅਨ ਬਿਜ਼ਨਸ ਐਂਡ ਪ੍ਰੋਫੈਸ਼ਨਲ ਕੌਂਸਲ ਅਤੇ ’ਇਨਵੈਸਟ ਪੰਜਾਬ’ ਉਦਯੋਗ-ਤੋਂ-ਉਦਯੋਗ ਤਾਲਮੇਲ ਨੂੰ ਤੇਜ਼ ਕਰਨ ਲਈ ਸਹਿਮਤ ਹੋਏ। ਸ਼੍ਰੀ ਅਮਨ ਅਰੋੜਾ ਨੇ ਦੱਸਿਆ ਕਿ ’ਇਨਵੈਸਟ ਪੰਜਾਬ’ ਸ਼ਾਰਜਾਹ ਦੇ ਨਿਰਮਾਤਾਵਾਂ, ਨਿਰਯਾਤਕਾਂ ਅਤੇ ਸੇਵਾ ਪ੍ਰਦਾਤਾਵਾਂ ਨੂੰ ਪੰਜਾਬ ਦੇ ਢੁਕਵੇਂ ਉਦਯੋਗਾਂ ਨਾਲ ਜੋੜਨ ਵਿੱਚ ਸਹੂਲਤ ਦੇਵੇਗਾ, ਨਾਲ ਹੀ ਯੂ.ਏ.ਈ. ਵਿੱਚ ਵਪਾਰਕ ਸੰਭਾਵਨਾਵਾਂ ਦੀ ਤਲਾਸ਼ ਕਰਨ ਵਾਲੀਆਂ ਪੰਜਾਬ ਦੀਆਂ ਕੰਪਨੀਆਂ ਦੀ ਵੀ ਮਦਦ ਕਰੇਗਾ। ਉਦਯੋਗ ਮੰਤਰੀ ਨੇ ਪੰਜਾਬ ਦੇ ਮਜ਼ਬੂਤ ਉਦਯੋਗਿਕ ਆਧਾਰ, ਬਿਹਤਰ ਉੱਦਮੀ ਈਕੋਸਿਸਟਮ ਅਤੇ ਉੱਤਰੀ ਭਾਰਤ ਵਿੱਚ ਇਸਦੀ ਰਣਨੀਤਕ ਸਥਿਤੀ ਨੂੰ ਪ੍ਰਦਰਸ਼ਿਤ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਨਿਯਮਾਂ ਨੂੰ ਸਰਲ ਬਣਾ ਕੇ, ’ਈਜ਼ ਆਫ਼ ਡੂਇੰਗ ਬਿਜ਼ਨਸ’ ਨੂੰ ਵਧਾ ਕੇ ਅਤੇ ਨਿਵੇਸ਼ਕਾਂ ਨੂੰ ਸ਼ੁਰੂ ਤੋਂ ਅੰਤ ਤੱਕ ਪੇਸ਼ੇਵਰ ਸਹੂਲਤਾਂ ਪ੍ਰਦਾਨ ਕਰਕੇ ਪੰਜਾਬ ਨੂੰ ਭਾਰਤ ਦੇ ਸਭ ਤੋਂ ਪਸੰਦੀਦਾ ਨਿਵੇਸ਼ ਸਥਾਨਾਂ ਵਿੱਚੋਂ ਇੱਕ ਬਣਾਉਣ ਲਈ ਨਿਰਣਾਇਕ ਸੁਧਾਰ ਕੀਤੇ ਹਨ।

## ਜਨਹਿਤ ਸਮਿਤੀ ਅਤੇ ਆਪਣਾ ਘਰ ਆਸ਼ਰਮ ਭਰਤਪੁਰ ਮਿਲ ਕੇ 25 ਅਕਤੂਬਰ ਨੂੰ ਬੇਸਹਾਰਾ ਮਰੀਜਾਂ ਲਈ ਖੋਲਣਗੇ ਆਸ਼ਰਮ

**ਪਟਿਆਲਾ 10 ਅਗਸਤ (ਜਗਜੀਤ ਸਿੰਘ):** ਨਿਸ਼ਕਾਮ ਸਮਾਜ ਸੇਵਾ ਲਈ ਪ੍ਰਸਿੱਧ ਪਟਿਆਲਾ ਦੀ ਜਨਹਿਤ ਸਮਿਤੀ (ਰਜਿ.) ਸੰਸਥਾ ਹੁਣ ਦੁਨੀਆ ਦੀ ਸਭ ਤੋ ਵੱਡੀ ਮਨੁੱਖਤਾ ਦੀ ਸੇਵਾ ਕਰਨ ਵਾਲੀ ਸੰਸਥਾ ‘ ਆਪਣਾ ਘਰ ਆਸ਼ਰਮ ‘ ਭਰਤਪੁਰ (ਰਾਜਸਥਾਨ) ਨਾਲ ਮਿਲ ਕੇ ਪਟਿਆਲਾ ਸ਼ਹਿਰ ਦੇ ਪਿੰਡ ਰਾਏਪੁਰ ਮੰਡਲਾਂ ਵਿੱਚ ਲਾਵਾਰਸ, ਲਾਚਾਰ ਅਤੇ ਬਿਮਾਰ ਵਿਅਕਤੀਆਂ ਦੀ ਸਾਂਭ ਸੰਭਾਲ ਲਈ ਇੱਕ ‘ ਜਨਹਿਤ ਆਪਣਾ ਘਰ ਆਸ਼ਰਮ ਪਟਿਆਲਾ ‘ ਖੋਲਣ ਜਾ ਰਹੀ ਹੈ। ਜਨਹਿਤ ਸਮਿਤੀ ਦੇ ਪ੍ਰਧਾਨ ਸ਼੍ਰੀ ਐਸ ਕੇ ਗੌਤਮ ਅਤੇ ਫਾਉਂਡਰ ਮੈਂਬਰ ਅਨਿਲ ਕੁਮਾਰ ਭਾਰਤੀ ਨੇ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸਬੰਧੀ ਜਨਹਿਤ ਸੰਮਤੀ ਜਨਰਲ ਸਕੱਤਰ ਵਿਨੋਦ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਸੀਨੀਅਰ ਮੈਂਬਰਾਂ ਦੀ ਟੀਮ ਵੱਲੋਂ ਆਪਣਾ ਘਰ ਆਸ਼ਰਮ ਭਰਤਪੁਰ ਦੇ ਸੰਸਥਾਪਕ ਡਾਕਟਰ ਬ੍ਰਿਜ ਮੋਹਨ ਭਾਰਤਵਾਜ, ਉਨ੍ਹਾਂ ਦੀ ਧਰਮ ਪਤਨੀ ਸ਼੍ਰੀ ਮਤੀ ਮਾਧੁਰੀ ਭਾਰਦਵਾਜ ਅਤੇ ਉਹਨਾਂ ਦੀ ਪੂਰੀ ਟੀਮ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਉਕਤ ਮਹਤਵਪੂਰਨ ਫੈਸਲਾ ਕੀਤਾ ਗਿਆ ਹੈ। ਜਨਹਿਤ ਸਮਿਤੀ ਦੇ ਜਨਰਲ



ਸਕੱਤਰ ਵਿਨੋਦ ਸ਼ਰਮਾ ਨੇ ਦੱਸਿਆ ਕਿ ਹੁਣ ਇਹ ਦੋਵੇਂ ਸੰਸਥਾਵਾਂ ਜ਼ਿਲ੍ਹਾ ਪਟਿਆਲਾ ਅਤੇ ਇਸਦੇ ਨੇੜਲੇ ਇਲਾਕਿਆਂ ਵਿੱਚ ਕਿਸੇ ਵੀ ਇਨਸਾਨ ਨੂੰ ਲਾਵਾਰਸ ਹਾਲਾਤਾਂ ਵਿੱਚ, ਲਾਚਾਰ ਹਾਲਤਾਂ ਵਿੱਚ ਭੁੱਖਾ ਤੇ ਪਿਆਸਾ ਮਰਨ ਨਹੀਂ ਦੇਣਗੀਆਂ। ਇਹ ਸੰਸਥਾਵਾਂ ਇਨ੍ਹਾਂ ਵਿਅਕਤੀਆਂ ਨੂੰ ਪ੍ਰਭੂ ਜੀ ਭਾਵ ਪਰਮਾਤਮਾ ਦਾ ਰੂਪ ਮੰਨਦੇ ਹੋਏ ਉਨ੍ਹਾਂ ਲਈ ਰੋਟੀ, ਕੱਪੜਾ ਅਤੇ ਮਕਾਨ ਦੇ ਨਾਲ - ਨਾਲ ਦਵਾਈਆਂ ਆਦਿ ਦਾ ਪ੍ਰਬੰਧ ਤਾਂ ਕਰਨਗੀਆਂ ਹੀ ਇਸ ਤੋਂ ਇਲਾਵਾ ਇਹਨਾਂ ਵਿਅਕਤੀਆਂ ਲਈ ਜਨਹਿੱਤ ਆਪਣਾ ਘਰ ਆਸ਼ਰਮ ਵਿਖੇ ਇੱਕ ਪਰਿਵਾਰਕ ਮਾਹੌਲ ਦਾ ਆਪਣਾਪਣ ਵੀ ਦੇਣਗੀਆਂ ਤਾਂ ਜੋ ਇਹ ਲੋਕ ਵੀ ਆਪਣੀ ਜਿੰਦਗੀ ਆਰਾਮਦਾਇਕ ਅਤੇ ਪਿਆਰ ਭਰੇ ਮਾਹੌਲ ਵਿੱਚ ਜੀ ਸਕਣ। ਇਸ ਮੌਕੇ ਤੇ ਸ਼੍ਰੀ ਕੇਵਲ ਕ੍ਰਿਸ਼ਨ ਕਟਾਰੀਆ ਅਤੇ ਡਾ. ਹਰੀ ਓਮ ਅੱਗਰਵਾਲ ਨੇ ਦੱਸਿਆ ਕਿ ਹੁਣ ਪਟਿਆਲੇ ਜ਼ਿਲ੍ਹੇ ਦੇ ਕਿਸੇ ਵੀ ਲਾਵਾਰਿਸ, ਬੇਸਹਾਰਾ ਮਰੀਜ਼ ਨੂੰ ਸੜਕਾਂ ਤੇ ਰੁਲਣ ਨਹੀਂ ਦਿੱਤਾ ਜਾਵੇਗਾ। ਇਨ੍ਹਾਂ ਮਰੀਜਾਂ ਦੇ ਪੂਰਨ ਇਲਾਜ ਉਪਰੰਤ ਇਨ੍ਹਾਂ ਦੇ ਪੁਨਰਵਾਸ ਲਈ ਇੰਤਜ਼ਾਮ ਕੀਤੇ ਜਾਣਗੇ। ਜਨਹਿਤ ਸਮਿਤੀ (ਰਜਿ.) ਪਟਿਆਲਾ ਵੱਲੋਂ ਇਸ ਮਿਸ਼ਨ ਦੀ ਕਾਮਯਾਬੀ ਲਈ ਡਾ. ਹਰੀ ਓਮ ਅੱਗਰਵਾਲ ਅਤੇ ਸ਼੍ਰੀ ਕੇਵਲ ਕ੍ਰਿਸ਼ਨ ਕਟਾਰੀਆ ਦਾ ਖ਼ਾਸ ਤੌਰ ਤੇ ਧੰਨਵਾਦ ਵੀ ਕੀਤਾ ਗਿਆ ਜਿਨ੍ਹਾਂ ਨੇ ਇਸ ਆਸ਼ਰਮ ਨੂੰ ਖੋਲ੍ਹਣ ਦੇ ਵਿਚਾਰ ਨੂੰ ਹਕੀਕੀ ਮੰਜ਼ਿਲ ਤੱਕ ਪੁਜਾਉਣ ਵਿੱਚ ਆਪਣਾ ਮਹਤਵਪੂਰਨ ਕਿਰਦਾਰ ਨਿਭਾਇਆ ਹੈ। ਇਸ ਮੌਕੇ ਤੇ ਆਯੋਜਤ ਸਾਂਝੀ ਮੀਟਿੰਗ ਵਿੱਚ ਆਪਣਾ ਘਰ ਆਸ਼ਰਮ ਭਰਤਪੁਰ ਰਾਜਸਥਾਨ ਦੇ ਬਾਨੀ ਡਾ. ਬ੍ਰਿਜ ਮੋਹਨ ਭਾਰਦਵਾਜ, ਸ਼੍ਰੀ ਮਤੀ ਮਾਧੁਰੀ ਭਾਰਦਵਾਜ, ਸ਼੍ਰੀ ਵੀਰ ਪਾਲ, ਸ਼੍ਰੀ ਚੰਦਰ ਸ਼ੇਖਰ ਗੁਪਤਾ, ਫ਼ਰੀਦਕੋਟ ਤੋਂ ਸ਼੍ਰੀ ਕੇਵਲ ਕ੍ਰਿਸ਼ਨ ਕਟਾਰੀਆ ਅਤੇ ਜਨਹਿਤ ਸਮਿਤੀ ਰਜਿ. ਪਟਿਆਲਾ ਦੇ ਜਨਰਲ ਸਕੱਤਰ ਸਟੇਟ ਐਵਾਰਡੀ ਵਿਨੋਦ ਕੁਮਾਰ ਸ਼ਰਮਾ, ਮੈਨੇਜਰ ਸਤੀਸ਼ ਜੋਸ਼ੀ, ਗਗਨਦੀਪ ਸਿੰਘ ਆਦਿ ਵੀ ਹਾਜਰ ਸਨ।




## ਪੰਜਾਬ ਚੋਣਾਂ ਤੋਂ ਪਹਿਲਾਂ ‘ਆਪ’ ਦਾ ਵੱਡਾ ਸੰਗਠਨਾਤਮਕ ਫੇਰਬਦਲ

### ਅਮਨ ਅਰੋੜਾ ਸਮੇਤ ਪੁਰਾਣੀ ਕੌਮੀ ਕਾਰਜਕਾਰਨੀ ਦੇ ਕਈ ਆਗੂ ਨਵੀਂ 23 ਮੈਂਬਰੀ ਟੀਮ ’ਚੋਂ ਬਾਹਰ; ਭਗਵੰਤ ਮਾਨ ਤੇ ਹਰਪਾਲ ਚੀਮਾ ਨੂੰ PAC ’ਚ ਥਾਂ

**ਨਵੀਂ ਦਿੱਲੀ/ਚੰਡੀਗੜ੍ਹ। (ਗੁਰਮੀਤ ਸਿੰਘ ਤੁੰਗ)** ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ (AAP) ਨੇ ਆਪਣੇ ਕੌਮੀ ਸੰਗਠਨ ਵਿੱਚ ਵੱਡਾ ਫੇਰਬਦਲ ਕਰਦਿਆਂ ਨਵੀਂ 23 ਮੈਂਬਰੀ ਕੌਮੀ ਕਾਰਜਕਾਰਨੀ ਦਾ ਗਠਨ ਕੀਤਾ ਹੈ। ਇਸ ਦੇ ਨਾਲ ਹੀ ਪਾਰਟੀ ਨੇ ਆਪਣੀ ਸਭ ਤੋਂ ਉੱਚੀ ਫੈਸਲਾ ਲੈਣ ਵਾਲੀ ਸੰਸਥਾ ਪੋਲੀਟਿਕਲ ਅਫੇਅਰਜ਼ ਕਮੇਟੀ (PAC) ਵਿੱਚ ਵੀ ਬਦਲਾਅ ਕੀਤੇ ਹਨ।

ਪਾਰਟੀ ਦੀ ਕੌਮੀ ਕੌਂਸਲ ਦੀ 15ਵੀਂ ਮੀਟਿੰਗ ਦੌਰਾਨ ਅਰਵਿੰਦ ਕੇਜਰੀਵਾਲ ਨੂੰ ਮੁੜ ਸਰਬਸੰਮਤੀ ਨਾਲ ਕੌਮੀ ਕਨਵੀਨਰ ਚੁਣਿਆ ਗਿਆ। ਪੰਕਜ ਗੁਪਤਾ ਨੂੰ ਕੌਮੀ ਸਕੱਤਰ ਅਤੇ ਐੱਨ.ਡੀ. ਗੁਪਤਾ ਨੂੰ ਮੁੜ ਕੌਮੀ ਖਜ਼ਾਨਚੀ ਚੁਣਿਆ ਗਿਆ। ਇਸ ਮੀਟਿੰਗ ਵਿੱਚ ਦੇਸ਼ ਭਰ ਤੋਂ 330 ਮੈਂਬਰਾਂ ਨੇ ਹਿੱਸਾ ਲਿਆ।

ਨਵੀਂ ਕੌਮੀ ਕਾਰਜਕਾਰਨੀ ਵਿੱਚ 23 ਮੈਂਬਰ: AAP ਵੱਲੋਂ ਬਣਾਈ ਗਈ ਨਵੀਂ 23 ਮੈਂਬਰੀ ਕੌਮੀ ਕਾਰਜਕਾਰਨੀ ਵਿੱਚ ਅਰਵਿੰਦ ਕੇਜਰੀਵਾਲ, ਆਤਿਸ਼ੀ, ਆਦਿਲ ਅਹਿਮਦ ਖਾਨ, ਅਨੁਰਾਗ ਢਾਂਡਾ, ਭਗਵੰਤ ਸਿੰਘ ਮਾਨ, ਦਿਲੀਪ ਪਾਂਡੇ, ਦੁਰਗੇਸ਼ ਪਾਠਕ, ਗੋਪਾਲ ਇਟਾਲੀਆ, ਗੋਪਾਲ ਰਾਏ, ਰਾਣੀ ਅਗਰਵਾਲ, ਹਰਪਾਲ ਸਿੰਘ ਚੀਮਾ, ਮਨੀਸ਼ ਸਿਸੋਦੀਆ, ਮੁਹੰਮਦ ਇਰਸ਼ਾਦ, ਐੱਨ.ਡੀ. ਗੁਪਤਾ, ਪੰਕਜ ਗੁਪਤਾ, ਪ੍ਰੀਤੀ ਸ਼ਰਮਾ ਮੇਨਨ, ਪ੍ਰਿਥਵੀ ਰੈੱਡੀ, ਰਾਖੀ ਬਿਰਲਾ, ਬਿਭਵ ਕੁਮਾਰ, ਸੰਜੇ ਸਿੰਘ, ਸਤਿੰਦਰ ਜੈਨ, ਸ਼ੈਲੀ ਓਬਰਾਏ ਅਤੇ ਰਾਜਬੀਰ ਸਿੰਘ ਘੁੰਮਣ ਸ਼ਾਮਲ ਹਨ।

ਇਸ ਨਵੀਂ ਸੂਚੀ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਥਾਂ ਮਿਲੀ ਹੈ। ਇਸ ਦੇ ਉਲਟ, ਪੁਰਾਣੀ ਕੌਮੀ ਕਾਰਜਕਾਰਨੀ ਵਿੱਚ ਸ਼ਾਮਲ ਰਹੇ ਅਮਨ ਅਰੋੜਾ ਦਾ ਨਾਮ ਨਵੀਂ 23 ਮੈਂਬਰੀ ਕਾਰਜਕਾਰਨੀ ਵਿੱਚ ਨਹੀਂ ਹੈ। ਪਾਰਟੀ ਦੀ ਪੁਰਾਣੀ ਸੂਚੀ ਵਿੱਚ ਅਮਨ ਅਰੋੜਾ ਕੌਮੀ ਕਾਰਜਕਾਰਨੀ ਦੇ ਮੈਂਬਰ ਸਨ।

PAC ਵਿੱਚ ਮਾਨ ਅਤੇ ਚੀਮਾ ਦੀ ਐਂਟਰੀ: ਸੰਗਠਨਾਤਮਕ ਤਬਦੀਲੀ ਦਾ ਸਭ ਤੋਂ ਅਹਿਮ ਪੱਖ ਇਹ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ AAP ਦੀ ਪੋਲੀਟਿਕਲ ਅਫੇਅਰਜ਼ ਕਮੇਟੀ (PAC) ਵਿੱਚ ਸ਼ਾਮਲ ਕੀਤਾ ਗਿਆ ਹੈ। ਇਸ ਕਮੇਟੀ ਨੂੰ ਪਾਰਟੀ ਦੀ ਸਭ ਤੋਂ ਉੱਚੀ ਫੈਸਲਾ ਲੈਣ ਵਾਲੀ ਸੰਸਥਾ ਮੰਨਿਆ ਜਾਂਦਾ ਹੈ। ਸਾਬਕਾ ਦਿੱਲੀ ਮੰਤਰੀ ਸਤਿੰਦਰ ਜੈਨ ਨੂੰ ਵੀ PAC ਵਿੱਚ ਸ਼ਾਮਲ ਕੀਤਾ ਗਿਆ ਹੈ।

ਪੰਜਾਬ ਦੇ ਦੋ ਪ੍ਰਮੁੱਖ ਆਗੂਆਂ ਨੂੰ PAC ਵਿੱਚ ਸ਼ਾਮਲ ਕਰਨ ਨੂੰ ਸੂਬੇ ਦੀ ਪਾਰਟੀ ਇਕਾਈ ਨੂੰ ਕੌਮੀ ਫੈਸਲਾ-ਪ੍ਰਕਿਰਿਆ ਨਾਲ ਹੋਰ ਮਜ਼ਬੂਤੀ ਨਾਲ ਜੋੜਨ ਦੇ ਕਦਮ ਵਜੋਂ ਦੇਖਿਆ ਜਾ ਰਿਹਾ ਹੈ। ਖ਼ਾਸ ਤੌਰ ’ਤੇ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਇਹ ਤਬਦੀਲੀ ਸਿਆਸੀ ਤੌਰ ’ਤੇ ਮਹੱਤਵਪੂਰਨ ਹੈ।

ਨਵੀਂ ਟੀਮ ਵਿੱਚ ਨਵੇਂ ਚਿਹਰੇ ਵੀ: ਨਵੀਂ ਕਾਰਜਕਾਰਨੀ ਵਿੱਚ ਦਿੱਲੀ ਅਤੇ ਹੋਰ ਸੂਬਿਆਂ ਦੇ ਕੁਝ ਨਵੇਂ ਚਿਹਰਿਆਂ ਨੂੰ ਵੀ ਜਗ੍ਹਾ ਦਿੱਤੀ ਗਈ ਹੈ। ਬਿਭਵ ਕੁਮਾਰ, ਜੋ ਅਰਵਿੰਦ ਕੇਜਰੀਵਾਲ ਦੇ ਕਰੀਬੀ ਸਹਿਯੋਗੀ ਵਜੋਂ ਜਾਣੇ ਜਾਂਦੇ ਹਨ, ਅਤੇ ਪੰਜਾਬ ਨਾਲ ਸਬੰਧਤ ਰਾਜਬੀਰ ਸਿੰਘ ਘੁੰਮਣ, ਜੋ ਮੁੱਖ ਮੰਤਰੀ ਭਗਵੰਤ ਮਾਨ ਦੇ ਸਹਿਯੋਗੀ ਵਜੋਂ ਜਾਣੇ ਜਾਂਦੇ ਹਨ, ਵੀ ਨਵੀਂ ਕੌਮੀ ਕਾਰਜਕਾਰਨੀ ਵਿੱਚ ਸ਼ਾਮਲ ਕੀਤੇ ਗਏ ਹਨ।

AAP ਦਾ ਇਹ ਸੰਗਠਨਾਤਮਕ ਫੇਰਬਦਲ ਅਜਿਹੇ ਸਮੇਂ ਹੋਇਆ ਹੈ ਜਦੋਂ ਪੰਜਾਬ ਵਿੱਚ ਅਗਾਮੀ ਵਿਧਾਨ ਸਭਾ ਚੋਣਾਂ ਲਈ ਸਿਆਸੀ ਸਰਗਰਮੀਆਂ ਤੇਜ਼ ਹੋ ਰਹੀਆਂ ਹਨ। ਪਾਰਟੀ ਵੱਲੋਂ ਕੌਮੀ ਪੱਧਰ ’ਤੇ ਨਵੀਂ ਟੀਮ ਬਣਾਉਣ ਦੇ ਨਾਲ-ਨਾਲ ਪੰਜਾਬ ਦੇ ਦੋ ਸੀਨੀਅਰ ਆਗੂਆਂ ਨੂੰ PAC ਵਿੱਚ ਸ਼ਾਮਲ ਕਰਨਾ ਇਹ ਦਰਸਾਉਂਦਾ ਹੈ ਕਿ ਸੂਬਾ ਪਾਰਟੀ ਦੀ ਕੌਮੀ ਰਣਨੀਤੀ ਵਿੱਚ ਮਹੱਤਵਪੂਰਨ ਸਥਾਨ ਰੱਖਦਾ ਹੈ। ਇਸ ਫੇਰਬਦਲ ਨਾਲ ਇੱਕ ਪਾਸੇ ਕੇਜਰੀਵਾਲ ਦੀ ਕੌਮੀ ਪੱਧਰ ’ਤੇ ਅਗਵਾਈ ਮੁੜ ਪੱਕੀ ਹੋਈ ਹੈ, ਉੱਥੇ ਦੂਜੇ ਪਾਸੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿੱਤ ਮੰਤਰੀ ਹਰਪਾਲ ਚੀਮਾ ਦੀ ਕੌਮੀ ਫੈਸਲਾ-ਪ੍ਰਕਿਰਿਆ ਵਿੱਚ ਭੂਮਿਕਾ ਹੋਰ ਮਜ਼ਬੂਤ ਹੋਈ ਹੈ। ਹੁਣ ਨਵੀਂ ਟੀਮ ਨੂੰ ਪੰਜਾਬ ਸਮੇਤ ਆਉਣ ਵਾਲੀਆਂ ਚੋਣੀ ਚੁਣੌਤੀਆਂ ਲਈ ਪਾਰਟੀ ਦੇ ਸੰਗਠਨ ਅਤੇ ਰਣਨੀਤੀ ਨੂੰ ਅੱਗੇ ਵਧਾਉਣ ਦੀ ਜ਼ਿੰਮੇਵਾਰੀ ਹੋਵੇਗੀ।

## ਧਰਮ, ਸਿਆਸਤ ਤੇ ਸਮਾਜ ਦੀਆਂ ਨਾਮਵਰ ਸ਼ਖ਼ਸੀਅਤਾਂ ਵੱਲੋਂ ਸ੍ਰੀਮਤੀ ਇੰਦਰਜੀਤ ਕੌਰ ਹੈਰੀ ਨੂੰ ਭਾਵਭਿੰਨੀ ਸ਼ਰਧਾਂਜਲੀ

## ਗੁਰੂ ਚਰਨਾਂ ਵਿੱਚ ਲੀਨ ਹੋਈ ਸਾਧਾਰਨ ਪਰ ਮਹਾਨ ਰੂਹ -ਪੂਰੇ ਪੰਥਕ ਤੇ ਸਿਆਸੀ ਹਲਕਿਆਂ ਵਿੱਚ ਸੋਗ ਦੀ ਲਹਿਰ

ਪਟਿਆਲਾ, 10 ਸਤੰਬਰ (ਗੁਰਮੀਤ ਸਿੰਘ ਤੁੰਗ): ਪਟਿਆਲਾ ਸ਼ਹਿਰ ਅੱਜ ਇੱਕ ਅਜਿਹੀ ਸ਼ਖ਼ਸੀਅਤ ਦੇ ਵਿਛੋੜੇ ‘ਤੇ ਸੋਗਮਈ ਮਾਹੌਲ ਵਿੱਚ ਡੁੱਬਿਆ ਨਜ਼ਰ ਆਇਆ, ਜਿਸ ਨੇ ਆਪਣੀ ਸਾਰੀ ਉਮਰ ਗੁਰੂ ਦੀ ਬੰਦਗੀ, ਨਿਮਰਤਾ ਅਤੇ ਸੇਵਾ-ਭਾਵਨਾ ਨੂੰ ਸਮਰਪਿਤ ਕਰ ਦਿੱਤੀ। ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਪਦਮਸ਼੍ਰੀ ਡਾ. ਜਗਜੀਤ ਸਿੰਘ ਦਰਦੀ ਅਤੇ ਅਦਾਰਾ ਸ਼ਹੀਦ-ਏ-ਆਜ਼ਮ ਦੇ ਚੇਅਰਮੈਨ ਚੌਧਰੀ ਪ੍ਰਭਜੀਤ ਸਿੰਘ ਦੇ ਸਤਿਕਾਰਯੋਗ ਭੈਣ ਜੀ ਅਤੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੇ ਓਐਸਡੀ ਡਾ. ਪ੍ਰਭਲੀਨ ਸਿੰਘ ਦੇ ਸਤਿਕਾਰਯੋਗ ਮਾਤਾ ਜੀ, ਸ੍ਰੀਮਤੀ ਇੰਦਰਜੀਤ ਕੌਰ ਹੈਰੀ (ਪਤਨੀ ਸਵ. ਹਰਮਿੰਦਰ ਸਿੰਘ ਹੈਰੀ), ਬੀਤੇ ਦਿਨ 9 ਸਤੰਬਰ 2026 ਨੂੰ ਸਵੇਰੇ ਤੜਕਸਾਰ ਇਸ ਫ਼ਾਨੀ ਸੰਸਾਰ ਨੂੰ ਸਦੀਵੀ ਅਲਵਿਦਾ ਆਖ ਗਏ। ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਫੈਲਦਿਆਂ ਹੀ ਪੰਜਾਬ ਤੇ ਹਰਿਆਣਾ ਦੇ ਧਾਰਮਿਕ, ਸਿਆਸੀ ਅਤੇ ਸਮਾਜਿਕ ਹਲਕਿਆਂ ਵਿੱਚ ਸੋਗ ਦੀ ਲਹਿਰ ਦੌੜ ਗਈ। ਉਸੇ ਦਿਨ ਪਟਿਆਲਾ ਦੇ ਰਾਜਪੁਰਾ ਰੋਡ ਸਥਿਤ ਵੀਰ ਜੀ ਦੀਆਂ ਮੜ੍ਹੀਆਂ ਵਿਖੇ ਪੂਰੇ ਧਾਰਮਿਕ ਰੀਤੀ-ਰਿਵਾਜ ਨਾਲ ਸ੍ਰੀਮਤੀ ਇੰਦਰਜੀਤ ਕੌਰ ਹੈਰੀ ਦਾ ਅੰਤਿਮ ਸਸਕਾਰ ਕੀਤਾ ਗਿਆ। ਇਸ ਭਾਵੁਕ ਮੌਕੇ ਉਨ੍ਹਾਂ ਦੇ ਸਪੁੱਤਰ ਡਾ. ਪ੍ਰਭਲੀਨ ਸਿੰਘ ਨੇ ਭਰੇ ਮਨ ਨਾਲ ਮਾਤਾ ਜੀ ਦੇ ਪਾਰਥਿਵ ਸਰੀਰ ਨੂੰ ਅਗਨੀ ਭੇਟ ਕੀਤੀ, ਜਦਕਿ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਪ੍ਰਨਾਮ ਸਿੰਘ ਨੇ ਅਰਦਾਸ ਕਰਕੇ ਵਿਛੜੀ ਰੂਹ ਦੀ ਸਦੀਵੀ ਸ਼ਾਂਤੀ ਲਈ ਅਰਦਾਸ ਕੀਤੀ।

**ਪ੍ਰਭੂ-ਭਗਤੀ ਤੇ ਨਿਤਨੇਮ ਨੂੰ ਸਮਰਪਿਤ ਰਹੀ ਸਾਰੀ ਜ਼ਿੰਦਗੀ:**

ਅੰਤਿਮ ਸਸਕਾਰ ਮੌਕੇ ਭਾਵੁਕ ਹੋਏ ਪਦਮਸ਼੍ਰੀ ਡਾ. ਜਗਜੀਤ ਸਿੰਘ ਦਰਦੀ ਨੇ ਦੁੱਖ ਭਰੇ ਸ਼ਬਦਾਂ ਵਿੱਚ ਆਪਣੇ ਭੈਣ ਜੀ ਨੂੰ ਯਾਦ ਕਰਦਿਆਂ ਦੱਸਿਆ ਕਿ ਸ੍ਰੀਮਤੀ ਇੰਦਰਜੀਤ ਕੌਰ ਸ਼ੁਰੂ ਤੋਂ ਹੀ ਪਰਮਾਤਮਾ ਦੇ ਲੜ ਲੱਗੇ ਹੋਏ ਸਨ ਅਤੇ ਗੁਰੂ ਦੀ ਬਾਣੀ ਵਿੱਚ ਅਥਾਹ ਵਿਸ਼ਵਾਸ ਰੱਖਦੇ ਸਨ। ਉਨ੍ਹਾਂ ਦੱਸਿਆ ਕਿ ਭੈਣ ਜੀ ਸਵੇਰ-ਸ਼ਾਮ ਗੁਰਬਾਣੀ ਦੇ ਪਾਠ ਵਿੱਚ ਇਸ ਕਦਰ ਲੀਨ ਰਹਿੰਦੇ ਸਨ ਕਿ ਨਿਤਨੇਮ ਉਨ੍ਹਾਂ ਦੀ ਰੋਜ਼ਾਨਾ ਜ਼ਿੰਦਗੀ ਦਾ ਇੱਕ ਅਟੁੱਟ ਅੰਗ ਬਣ ਚੁੱਕਾ ਸੀ। ਗੁਰੂ ਦੀ ਸ਼ਰਨ ਵਿੱਚ ਰਹਿ ਕੇ ਉਹ ਹਮੇਸ਼ਾ ਸਰਬੱਤ ਦੇ ਭਲੇ ਦੀ ਅਰਦਾਸ ਲੋਚਦੇ ਰਹੇ — ਇਹੀ ਉਨ੍ਹਾਂ ਦੀ ਜੀਵਨ-ਜਾਚ ਦਾ ਸਾਰ ਸੀ।

ਡਾ. ਦਰਦੀ ਨੇ ਅੱਗੇ ਦੱਸਿਆ ਕਿ ਕੁਝ ਸਮਾਂ ਪਹਿਲਾਂ ਅਚਾਨਕ ਭੈਣ ਜੀ ਦੀ ਸਿਹਤ ਵਿਗੜ ਗਈ ਸੀ, ਜਿਸ ਤੋਂ ਬਾਅਦ ਉਹ ਲਗਾਤਾਰ ਬਿਮਾਰ ਚੱਲ ਰਹੇ ਸਨ। ਬਿਮਾਰੀ ਦੇ ਇਸ ਦੌਰ ਦੌਰਾਨ ਕੁਝ ਸਮਾਂ ਭੈਣ ਜੀ ਕੋਮਾ ਦੀ ਹਾਲਤ ਵਿੱਚ ਵੀ ਰਹੇ ਅਤੇ ਸਰੀਰਕ ਤੌਰ ‘ਤੇ ਕਾਫ਼ੀ ਕਮਜ਼ੋਰ ਹੋ ਗਏ ਸਨ। ਇਸੇ ਲੰਬੀ ਬਿਮਾਰੀ ਦੇ ਚੱਲਦਿਆਂ ਅੱਜ ਤੜਕਸਾਰ ਉਨ੍ਹਾਂ ਨੇ ਆਖਰੀ ਸਾਹ ਲਏ ਅਤੇ ਸਦਾ



ਲਈ ਆਪਣੇ ਪਰਿਵਾਰ, ਸਨੇਹੀਆਂ ਅਤੇ ਸ਼ਰਧਾਲੂਆਂ ਨੂੰ ਸੋਗ ਵਿੱਚ ਛੱਡ ਗਏ।

ਧਾਰਮਿਕ, ਸਿਆਸੀ ਤੇ ਸਮਾਜਿਕ ਖੇਤਰਾਂ ਦੀਆਂ ਨਾਮਵਰ ਸ਼ਖ਼ਸੀਅਤਾਂ ਦੀ ਸ਼ਮੂਲੀਅਤ:

ਅੰਤਿਮ ਸਸਕਾਰ ਸਮਾਗਮ ਵਿੱਚ ਪੰਜਾਬ, ਹਰਿਆਣਾ ਸਮੇਤ ਹੋਰਨਾਂ ਰਾਜਾਂ ਤੋਂ ਵੱਡੀ ਗਿਣਤੀ ਵਿੱਚ ਪੰਥਕ ਸ਼ਖ਼ਸੀਅਤਾਂ, ਰਾਜਨੀਤਿਕ ਆਗੂ ਅਤੇ ਸਮਾਜਿਕ ਕਾਰਕੁਨ ਪਹੁੰਚੇ, ਜਿਸ ਨਾਲ ਸ੍ਰੀਮਤੀ ਇੰਦਰਜੀਤ ਕੌਰ ਹੈਰੀ ਦੇ ਪਰਿਵਾਰ ਦੇ ਵਿਸ਼ਾਲ ਸਨੇਹ-ਸਰਕਲ ਅਤੇ ਸਮਾਜ ਵਿੱਚ ਉਨ੍ਹਾਂ ਦੀ ਡੂੰਘੀ ਸਾਖ ਦਾ ਪ੍ਰਤੱਖ ਪ੍ਰਮਾਣ ਮਿਲਿਆ। ਇਸ ਮੌਕੇ ਵਿਸ਼ੇਸ਼ ਤੌਰ ‘ਤੇ ਪੰਜਾਬ ਸਰਕਾਰ ਦੀ ਤਰਫ਼ੋਂ ਸਿੱਖਿਆ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਅਤੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਖ਼ਾਸ ਤੌਰ ‘ਤੇ ਪੁੱਜੇ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

ਹਰਿਆਣਾ ਵੱਲੋਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਸਮੇਤ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਸਮੂਹ ਮੈਂਬਰ ਅਤੇ ਆਗੂ ਵੀ ਸ਼ਮੂਲੀਅਤ ਲਈ ਵਿਸ਼ੇਸ਼ ਤੌਰ ‘ਤੇ ਪਟਿਆਲਾ ਪੁੱਜੇ। ਇਸ ਤੋਂ ਇਲਾਵਾ ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਹਰਿਆਣਾ ਦੇ ਮੁੱਖ ਮੰਤਰੀ ਦੇ ਓਐਸਡੀ ਪਵਨ ਚੌਧਰੀ, ਹਰਿੰਦਰਪਾਲ ਸਿੰਘ ਟੌਹੜਾ, ਸ. ਸਤਵੀਰ ਸਿੰਘ ਖਟੜਾ, ਚੜ੍ਹਦੀਕਲਾ ਚੰਡੀਗੜ੍ਹ ਦੇ ਡਾਇਰੈਕਟਰ ਹਰਪ੍ਰੀਤ ਸਿੰਘ ਦਰਦੀ, ਸ. ਅੰਮ੍ਰਿਤਪਾਲ ਸਿੰਘ, ਸਾਬਕਾ ਚੇਅਰਮੈਨ ਤੇਜਿੰਦਰਪਾਲ ਸਿੰਘ ਸੰਧੂ, ਜਥੇਦਾਰ ਇੰਦਰਮੋਹਨ ਸਿੰਘ ਬਿੱਟੀ, ਚਰਨਜੀਤ ਸਿੰਘ ਗਰੋਵਰ, ਗੁਰਜੀਤ ਸਿੰਘ ਕੋਹਲੀ ਅਤੇ ਕਰਨਵੀਰ ਸਿੰਘ ਟੌਹੜਾ (ਨਾਭਾ ਤੋਂ ਵਿਧਾਇਕ) ਸਮੇਤ ਹੋਰ ਕਈ ਆਗੂ ਵੀ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਦੇ ਨਾਲ ਖੜ੍ਹੇ ਨਜ਼ਰ ਆਏ।

ਇੰਨਾ ਹੀ ਨਹੀਂ, ਸਮੁੱਚੀ ਹਰਿਆਣਾ ਕੈਬਨਿਟ ਦੇ ਨਾਲ-ਨਾਲ ਮੌਜੂਦਾ ਹਰਿਆਣਾ ਸਰਕਾਰ ਦੇ ਸਾਰੇ ਵਿਧਾਇਕਾਂ, ਵੱਖ-ਵੱਖ ਬੋਰਡਾਂ-ਕਾਰਪੋਰੇਸ਼ਨਾਂ ਦੇ ਚੇਅਰਮੈਨਾਂ ਅਤੇ ਨੁਮਾਇੰਦਿਆਂ ਨੇ ਵੀ ਫ਼ੋਨ ਰਾਹੀਂ ਡਾ. ਪ੍ਰਭਲੀਨ ਸਿੰਘ ਨਾਲ ਸੰਪਰਕ ਕਰਕੇ ਆਪਣਾ ਦੁੱਖ ਸਾਂਝਾ ਕੀਤਾ ਅਤੇ ਪਰਿਵਾਰ ਨੂੰ ਹੌਸਲਾ ਦਿੱਤਾ। ਇਸ ਦੌਰਾਨ ਚੜ੍ਹਦੀਕਲਾ ਅਦਾਰੇ ਦਾ ਸਮੂਹ ਸਟਾਫ ਵੀ ਆਪਣੇ ਚੇਅਰਮੈਨ ਦੇ ਪਰਿਵਾਰ ਦੇ ਨਾਲ ਇਸ ਦੁੱਖ ਦੀ ਘੜੀ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਹਾਜ਼ਰ ਰਿਹਾ, ਜੋ ਅਦਾਰੇ ਦੇ ਪਰਿਵਾਰਕ ਰਿਸ਼ਤੇ ਦੀ ਮਿਸਾਲ ਬਣਿਆ।

**ਇੱਕ ਪ੍ਰੇਰਨਾਦਾਇਕ ਵਿਰਾਸਤ:**

ਸ੍ਰੀਮਤੀ ਇੰਦਰਜੀਤ ਕੌਰ ਹੈਰੀ ਦਾ ਜੀਵਨ ਗੁਰਸਿੱਖੀ ਜੀਵਨ-ਜਾਚ, ਨਿਮਰਤਾ ਅਤੇ ਨਿਤਨੇਮ ਦੀ ਇੱਕ ਜਿਉਂਦੀ-ਜਾਗਦੀ ਮਿਸਾਲ ਰਿਹਾ। ਪਰਿਵਾਰ ਅਤੇ ਸਮਾਜ ਵਿੱਚ ਉਨ੍ਹਾਂ ਦੀ ਧਾਰਮਿਕ ਲਗਨ ਅਤੇ ਸਾਦਗੀ ਭਰੀ ਸ਼ਖ਼ਸੀਅਤ ਹਮੇਸ਼ਾ ਯਾਦ ਰੱਖੀ ਜਾਵੇਗੀ। ਉਨ੍ਹਾਂ ਦੇ ਦੇਹਾਂਤ ਨਾਲ ਪਰਿਵਾਰ ਸਮੇਤ ਪੂਰੇ ਪੰਥਕ ਹਲਕੇ ਨੂੰ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਅੰਤਿਮ ਅਰਦਾਸ ਦੀ ਜਾਣਕਾਰੀ: ਸਵਰਗਵਾਸੀ ਸ੍ਰੀਮਤੀ ਇੰਦਰਜੀਤ ਕੌਰ ਹੈਰੀ ਦੀ ਅੰਤਿਮ ਅਰਦਾਸ ਐਤਵਾਰ, 13 ਸਤੰਬਰ ਨੂੰ ਬਾਅਦ ਦੁਪਹਿਰ 12 ਵਜੇ ਤੋਂ 1 ਵਜੇ ਤੱਕ ਗੁਰਦੁਆਰਾ ਮੋਤੀਬਾਗ ਸਾਹਿਬ, ਪਟਿਆਲਾ ਵਿਖੇ ਹੋਵੇਗੀ। ਸਮੂਹ ਸਨੇਹੀਆਂ, ਸ਼ਰਧਾਲੂਆਂ ਅਤੇ ਪਰਿਵਾਰਕ ਮੈਂਬਰਾਂ ਨੂੰ ਇਸ ਭੋਗ ਸਮਾਗਮ ਵਿੱਚ ਸ਼ਾਮਲ ਹੋ ਕੇ ਵਿਛੜੀ ਰੂਹ ਦੀ ਸਦੀਵੀ ਸ਼ਾਂਤੀ ਲਈ ਅਰਦਾਸ ਕਰਨ ਦੀ ਅਪੀਲ ਕੀਤੀ ਗਈ ਹੈ। ਪਰਿਵਾਰ ਦੇ ਇਸ ਦੁੱਖ ਦੀ ਘੜੀ ਵਿੱਚ ਸਮੂਹ ਸਟਾਫ ਅਤੇ ਸ਼ੁਭਚਿੰਤਕ ਦਿਲੋਂ ਸ਼ਰਧਾਂਜਲੀ ਭੇਟ ਕਰਦੇ ਹਨ ਅਤੇ ਪਰਮਾਤਮਾ ਅੱਗੇ ਅਰਦਾਸ ਕਰਦੇ ਹਨ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਇਹ ਦੁੱਖ ਸਹਿਣ ਦਾ ਬਲ ਬਖਸ਼ਣ।

# ਸੰਪਾਦਕੀ

## ਘੱਟ ਕੂੜਾ - ਵੱਧ ਬਚਤ , ਚੰਗੀ ਆਦਤ ਘਟਾਏ ਬਜਟ

ਅਸੀਂ ਅਕਸਰ ਸਮਝਦੇ ਹਾਂ ਕਿ ਪੈਸਾ ਬਚਾਉਣ ਲਈ ਵੱਡੀ ਕਮਾਈ ਜ਼ਰੂਰੀ ਹੈ। ਪਰ ਅਸਲ ਵਿੱਚ ਬਚਤ ਦੀ ਸ਼ੁਰੂਆਤ ਵੱਡੀ ਕਮਾਈ ਤੋਂ ਨਹੀਂ, ਛੋਟੀ ਬਰਬਾਦੀ ਰੋਕਣ ਤੋਂ ਹੁੰਦੀ ਹੈ। ਘਰ ਵਿੱਚ ਬਚਿਆ ਖਾਣਾ ਸੁੱਟਣਾ, ਲੋੜ ਤੋਂ ਵੱਧ ਸਮਾਨ ਖਰੀਦਣਾ, ਇਕ-ਵਾਰ ਵਰਤੋਂ ਵਾਲੀਆਂ ਚੀਜ਼ਾਂ ਲੈਣਾ, ਬਿਨਾਂ ਲੋੜ ਬਿਜਲੀ ਖਰਚਣਾ ਜਾਂ ਪੁਰਾਣੀ ਚੀਜ਼ ਨੂੰ ਥੋੜ੍ਹੀ ਮੁਰੰਮਤ ਦੀ ਬਜਾਏ ਨਵੀਂ ਖਰੀਦ ਲੈਣਾਆਦਿ ਇਹ ਸਾਰੀਆਂ ਆਦਤਾਂ ਮਿਲ ਕੇ ਘਰੇਲੂ ਬਜਟ ’ਤੇ ਨਾ ਦਿੱਸਣ ਵਾਲਾ ਬੋਝ ਪਾਉਂਦੀਆਂ ਹਨ। ਦੁਨੀਆ ਦੀ ਕੂੜੇ ਦੀ ਸਮੱਸਿਆ ਹੁਣ ਸਿਰਫ਼ ਸਫ਼ਾਈ ਦਾ ਮੁੱਦਾ ਨਹੀਂ ਰਹੀ। ਵਿਸ਼ਵ ਬੈਂਕ ਦੀ ਨਵੀਂ ਵੱਟ ਅ ਵੇਸਟ 3.0 ਰਿਪੋਰਟ ਮੁਤਾਬਕ 2022 ਵਿੱਚ ਦੁਨੀਆ ਨੇ ਲਗਭਗ 2.56 ਅਰਬ ਟਨ ਕੂੜਾ ਪੈਦਾ ਕੀਤਾ ਅਤੇ ਮੌਜੂਦਾ ਰੁਝਾਨ ਜਾਰੀ ਰਹੇ ਤਾਂ 2050 ਤੱਕ ਇਹ 3.86 ਅਰਬ ਟਨ ਹੋ ਸਕਦਾ ਹੈ। ਇਸ ਦਾ ਮਤਲਬ ਹੈ ਕਿ ਅਸੀਂ ਜਿੰਨਾ ਖਰੀਦਦੇ ਹਾਂ, ਉਸ ਦਾ ਵੱਡਾ ਹਿੱਸਾ ਆਖ਼ਰਕਾਰ ਕੂੜੇ ਵਿੱਚ ਬਦਲ ਜਾਂਦਾ ਹੈ। ਸਾਡੀ ਰਸੋਈ ਘਰੇਲੂ ਬਚਤ ਦਾ ਸਭ ਤੋਂ ਵੱਡਾ ਮੌਕਾ ਹੈ। ਸੰਯੁਕਤ ਰਾਸ਼ਟਰ ਵਾਤਾਵਰਨ ਪ੍ਰੋਗਰਾਮ ਤਹਿਤ 2022 ਵਿੱਚ ਦੁਨੀਆ ਭਰ ਵਿੱਚ 1.05 ਅਰਬ ਟਨ ਖਾਣਾ ਬਰਬਾਦ ਹੋਇਆ, ਭਾਵ ਖਪਤਕਾਰਾਂ ਲਈ ਉਪਲਬਧ ਖਾਣੇ ਦਾ ਲਗਭਗ 19 ਫ਼ੀਸਦੀ। ਇਸ ਵਿੱਚ ਘਰਾਂ ਦੀ ਹਿੱਸੇਦਾਰੀ 60 ਫ਼ੀਸਦੀ ਸੀ। ਇਸ ਲਈ ਹਫ਼ਤੇ ਦੀ ਖਰੀਦਦਾਰੀ ਤੋਂ ਪਹਿਲਾਂ ਘਰ ਵਿੱਚ ਮੌਜੂਦ ਸਮਾਨ ਦੀ ਸੂਚੀ ਬਣਾਓ। ਜਿੰਨੀ ਲੋੜ ਹੈ ਉਨਾ ਹੀ ਖਰੀਦੋ। ਬਚਿਆ ਖਾਣਾ ਢੰਗ ਨਾਲ ਸੰਭਾਲ ਕੇ ਅਗਲੇ ਭੋਜਨ ਵਿੱਚ ਵਰਤੋ। ਸਬਜ਼ੀਆਂ ਅਤੇ ਫਲਾਂ ਨੂੰ ਸਹੀ ਢੰਗ ਨਾਲ ਸਟੋਰ ਕਰਨਾ ਉਨ੍ਹਾਂ ਦੀ ਉਮਰ ਵਧਾਉਂਦਾ ਹੈ। ਜੋ ਖਾਣਾ ਕੂੜੇ ਵਿੱਚ ਜਾਂਦਾ ਹੈ, ਉਸ ਨਾਲ ਉਸ ’ਤੇ ਪੈਸੇ ਵੀ ਵੱਧ ਖ਼ਰਚੇ ਜਾਂਦੇ ਹਨ। ਵੱਡਾ ਪੈਕ, ਦੋ ਦੇ ਨਾਲ ਇੱਕ ਮੁਫ਼ਤ ਜਾਂ ਭਾਰੀ ਛੂਟ—ਹਰ ਪੇਸ਼ਕਸ਼ ਬਚਤ ਨਹੀਂ ਹੁੰਦੀ। ਜੇ ਚੀਜ਼ ਦੀ ਲੋੜ ਹੀ ਨਹੀਂ ਤਾਂ 50 ਫ਼ੀਸਦੀ ਛੂਟ ’ਤੇ ਖਰੀਦੀ ਚੀਜ਼ ਵੀ 100 ਫ਼ੀਸਦੀ ਫ਼ਜ਼ੂਲ ਖਰਚ ਹੈ। ਇੱਕ ਸੌਖਾ ਨਿਯਮ ਬਣਾਇਆ ਜਾ ਸਕਦਾ ਹੈ, ਕੀ ਮੈਨੂੰ ਇਹ ਚੀਜ਼ ਸੱਚਮੁੱਚ ਚਾਹੀਦੀ ਹੈ ? ਗੈਰ-ਜ਼ਰੂਰੀ ਖਰੀਦ ਲਈ 24 ਘੰਟਿਆਂ ਦੀ ਉਡੀਕ ਕਰੋ। ਇਹ ਛੋਟੀ ਆਦਤ ਖ਼ਾਸ ਕਰਕੇ ਆਨਲਾਈਨ ਖਰੀਦਦਾਰੀ ਵਿੱਚ ਬੇਲੋੜੇ ਖਰਚ ਨੂੰ ਰੋਕ ਸਕਦੀ ਹੈ। ਟੁੱਟੀ ਕੁਰਸੀ, ਬੈਗ, ਕੱਪੜਾ, ਬਰਤਨ ਜਾਂ ਛੋਟਾ ਇਲੈਕਟ੍ਰਾਨਿਕ ਉਪਕਰਣ ਤੁਰੰਤ ਬਦਲਣ ਦੀ ਬਜਾਏ ਪਹਿਲਾਂ ਮੁਰੰਮਤ ਦੀ ਸੰਭਾਵਨਾ ਵੇਖੋ। ਪੁਰਾਣੀਆਂ ਬੋਤਲਾਂ, ਡੱਬੇ ਅਤੇ ਕੱਪੜੇ ਵੀ ਨਵੀਂ ਵਰਤੋਂ ਵਿੱਚ ਲਿਆਂਦੇ ਜਾ ਸਕਦੇ ਹਨ। ਇਹ ਸੋਚ ‘ਲਓ-ਵਰਤੋ-ਸੁੱਟੋ’ ਦੀ ਥਾਂ ‘ਘਟਾਓ-ਦੁਬਾਰਾ ਵਰਤੋ-ਮੁਰੰਮਤ ਕਰੋ-ਰੀਸਾਈਕਲ ਕਰੋ’ ਵਾਲੀ ਅਰਥਵਿਵਸਥਾ ਵੱਲ ਲੈ ਜਾਂਦੀ ਹੈ। ਪਲਾਸਟਿਕ ਇਸ ਸਮੱਸਿਆ ਦਾ ਵੱਡਾ ਹਿੱਸਾ ਹੈ। ਭਾਰਤ ਵਿੱਚ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅੰਕੜਿਆਂ ਅਨੁਸਾਰ 2021-22 ਵਿੱਚ ਅੰਦਾਜ਼ਨ 39.02 ਲੱਖ ਟਨ ਪਲਾਸਟਿਕ ਕੂੜਾ ਪੈਦਾ ਹੋਇਆ। ਇਸ ਲਈ ਆਪਣਾ ਕੱਪ, ਪਾਣੀ ਦੀ ਬੋਤਲ, ਕੱਪੜੇ ਦਾ ਥੈਲਾ ਅਤੇ ਦੁਬਾਰਾ ਵਰਤੇ ਜਾ ਸਕਣ ਵਾਲੇ ਡੱਬੇ ਰੱਖਣਾ ਸਿਰਫ਼ ਵਾਤਾਵਰਨ-ਪੱਖੀ ਕਦਮ ਨਹੀਂ, ਲੰਬੇ ਸਮੇਂ ਵਿੱਚ ਪੈਸਾ ਬਚਾਉਣ ਦਾ ਵੀ ਤਰੀਕਾ ਹੈ। ਰਸੋਈ ਦਾ ਗਿੱਲਾ ਕੂੜਾ ਵੱਖਰਾ ਕਰਕੇ ਘਰ ਵਿੱਚ ਜਾਂ ਸਥਾਨਕ ਪੱਧਰ ’ਤੇ ਕੰਪੋਸਟ ਬਣਾਈ ਜਾ ਸਕਦੀ ਹੈ। ਸੁੱਕਾ ਕੂੜਾ—ਕਾਗਜ਼, ਧਾਤ, ਕੱਚ ਅਤੇ ਯੋਗ ਪਲਾਸਟਿਕ—ਵੱਖਰਾ ਰੱਖਣ ਨਾਲ ਰੀਸਾਈਕਲਿੰਗ ਆਸਾਨ ਹੁੰਦੀ ਹੈ। ਇਸ ਨਾਲ ਕੂੜੇ ਦੀ ਮਾਤਰਾ ਘਟਦੀ ਹੈ ਅਤੇ ਨਗਰ ਨਿਗਮਾਂ ’ਤੇ ਪ੍ਰਬੰਧਨ ਦਾ ਬੋਝ ਵੀ ਘਟਦਾ ਹੈ। ਇਸ ਦਾ ਆਰਥਿਕ ਪੱਖ ਵੀ ਮਹੱਤਵਪੂਰਨ ਹੈ। ਵਿਸ਼ਵ ਬੈਂਕ ਮੁਤਾਬਕ ਦੁਨੀਆ ਵਿੱਚ ਕੂੜਾ ਪ੍ਰਬੰਧਨ ਦੀ ਸਾਲਾਨਾ ਲਾਗਤ ਪਹਿਲਾਂ ਹੀ 250 ਅਰਬ ਅਮਰੀਕੀ ਡਾਲਰ ਤੋਂ ਵੱਧ ਹੈ ਅਤੇ 2050 ਤੱਕ ਇਹ ਲਗਭਗ 426 ਅਰਬ ਡਾਲਰ ਹੋ ਸਕਦੀ ਹੈ। ਤੁਸੀਂ ਹਰ ਘਰ ਵਿੱਚ ਅੱਜ ਤੋਂ ਸਿਰਫ਼ ਪੰਜ ਬਦਲਾਅ ਕਰ ਸਕਦੇ ਹੋ- ਘੱਟ ਖਰੀਦੋ, ਖਾਣਾ ਨਾ ਸੁੱਟੋ, ਦੁਬਾਰਾ ਵਰਤੋ, ਮੁਰੰਮਤ ਕਰੋ ਅਤੇ ਕੂੜਾ ਵੱਖਰਾ ਕਰੋ।

ਇਹ ਕਦਮ ਛੋਟੇ ਹਨ, ਪਰ ਪ੍ਰਭਾਵ ਵੱਡਾ ਹੈ। ਇੱਕ ਪਰਿਵਾਰ ਜੇ ਹਰ ਮਹੀਨੇ ਕੁਝ ਖਾਣਾ, ਕੁਝ ਬੇਲੋੜੀ ਖਰੀਦਦਾਰੀ ਅਤੇ ਕੁਝ ਇਕ-ਵਾਰ ਵਰਤੋਂ ਵਾਲੀਆਂ ਚੀਜ਼ਾਂ ਦਾ ਖਰਚ ਬਚਾ ਲਵੇ ਤਾਂ ਸਾਲ ਦੇ ਅੰਤ ਵਿੱਚ ਇਹ ਰਕਮ ਕਾਫ਼ੀ ਬਣ ਸਕਦੀ ਹੈ। ਇਸ ਦੇ ਨਾਲ ਘੱਟ ਕੂੜਾ ਲੈਂਡਫ਼ਿਲ, ਪ੍ਰਦੂਸ਼ਣ ਅਤੇ ਕੁਦਰਤੀ ਸਰੋਤਾਂ ’ਤੇ ਦਬਾਅ ਵੀ ਘਟਾਉਂਦਾ ਹੈ।

ਅਸਲ ਸਮਝਦਾਰੀ ਵੱਧ ਖਰੀਦਣ ਵਿੱਚ ਨਹੀਂ, ਘੱਟ ਬਰਬਾਦ ਕਰਨ ਵਿੱਚ ਹੈ। ਜਿਹੜਾ ਪਰਿਵਾਰ ਕੂੜਾ ਘਟਾਉਂਦਾ ਹੈ, ਉਹ ਸਿਰਫ਼ ਆਪਣਾ ਘਰ ਸਾਫ਼ ਨਹੀਂ ਰੱਖਦਾ—ਉਹ ਆਪਣਾ ਬਜਟ, ਕੁਦਰਤੀ ਸਰੋਤ ਅਤੇ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਵੀ ਬਚਾਉਂਦਾ ਹੈ।

-ਛੱਤਰਪਾਲ ਸਿੰਘ


Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ: 9814632807



Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807


# ਹੜਤਾਲਾਂ ਕਾਰਨ ਰੁਲਦੀ ਜਨਤਾ : ਲੋਕ ਦੇ ਰਹੇ ਲੋਕਾਂ ਨੂੰ ਸਜ਼ਾ ?




ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193


ਲੋਕਤੰਤਰ ਵਿੱਚ ਵਿਰੋਧ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ। ਆਪਣੀਆਂ ਮੰਗਾਂ ਲਈ ਹੜਤਾਲ ਕਰਨਾ, ਧਰਨਾ ਦੇਣਾ, ਰੋਸ ਪ੍ਰਗਟ ਕਰਨਾ, ਸਰਕਾਰ ਦੀਆਂ ਨੀਤੀਆਂ ਨਾਲ ਅਸਹਿਮਤੀ ਜਤਾਉਣਾ ਅਤੇ ਆਪਣੇ ਹੱਕਾਂ ਲਈ ਸੰਘਰਸ਼ ਕਰਨਾ ਲੋਕਤੰਤਰੀ ਵਿਵਸਥਾ ਦਾ ਅਹਿਮ ਹਿੱਸਾ ਹੈ। ਪਰ ਸਵਾਲ ਇਹ ਹੈ ਕਿ ਜਦੋਂ ਕਿਸੇ ਦੇ ਹੱਕ ਦੀ ਲੜਾਈ ਦਾ ਸਭ ਤੋਂ ਵੱਡਾ ਖ਼ਮਿਆਜ਼ਾ ਉਸ ਆਮ ਨਾਗਰਿਕ ਨੂੰ ਭੁਗਤਣਾ ਪਵੇ ਜਿਸ ਦਾ ਉਸ ਵਿਵਾਦ ਨਾਲ ਕੋਈ ਸਿੱਧਾ ਵਾਹ -ਵਾਸਤਾ ਹੀ ਨਹੀਂ, ਤਾਂ ਕੀ ਇਹ ਵਿਰੋਧ ਆਪਣੇ ਮੂਲ ਲੋਕਰਾਜ ਮਕਸਦ ਨਾਲ ਨਿਆਂ ਕਰਦਾ ਹੈ ?

ਅੱਜ ਪੰਜਾਬ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਹੜਤਾਲਾਂ, ਧਰਨਿਆਂ, ਸੜਕ ਜਾਮਾਂ, ਸਰਕਾਰੀ ਦਫ਼ਤਰਾਂ ਦੇ ਬਾਈਕਾਟ ਅਤੇ ਜਨਤਕ ਆਵਾਜਾਈ ਦੇ ਠੱਪ ਹੋਣ ਦੀਆਂ ਘਟਨਾਵਾਂ ਆਮ ਲੋਕਾਂ ਦੀ ਜ਼ਿੰਦਗੀ ਨੂੰ ਪ੍ਰਭਾਵਿਤ ਕਰਦੀਆਂ ਹਨ। ਕਿਤੇ ਮੁਲਾਜ਼ਮਾਂ ਦੀ ਹੜਤਾਲ, ਕਿਤੇ ਬੱਸਾਂ ਬੰਦ, ਕਿਤੇ ਦਫ਼ਤਰਾਂ ਵਿੱਚ ਕੰਮ ਠੱਪ ਅਤੇ ਕਿਤੇ ਸੜਕਾਂ ’ਤੇ ਰੋਸ ਪ੍ਰਦਰਸ਼ਨ ਦਾ ਨਤੀਜਾ ਇਹ ਕਿ ਆਮ ਨਾਗਰਿਕ ਪੁੱਛਣ ਲਈ ਮਜਬੂਰ ਹੈ ਕਿ ਸਰਕਾਰ ਅਤੇ ਅੰਦੋਲਨਕਾਰੀਆਂ ਵਿਚਕਾਰ ਟਕਰਾਅ ਦੀ ਕੀਮਤ ਜਨਤਾ ਹੀ ਕਿਉਂ ਅਦਾ ਕਰੇ ?

ਭਾਰਤੀ ਸੰਵਿਧਾਨ ਦਾ ਅਨੁਛੇਦ 19(1)(a) ਨਾਗਰਿਕਾਂ ਨੂੰ ਵਿਚਾਰ ਅਤੇ ਅਭਿਵਿਅਕਤੀ ਦੀ ਆਜ਼ਾਦੀ ਦਿੰਦਾ ਹੈ, ਜਦਕਿ ਅਨੁਛੇਦ 19(1)(b) ਸ਼ਾਂਤੀਪੂਰਨ ਅਤੇ ਬਿਨਾਂ ਹਥਿਆਰ ਇਕੱਠੇ ਹੋਣ ਦਾ ਹੱਕ ਦਿੰਦਾ ਹੈ। ਪਰ ਇਹ ਹੱਕ ਪੂਰਨ ਜਾਂ ਅਸੀਮਿਤ ਨਹੀਂ ਹਨ। ਸੰਵਿਧਾਨ ਦੇ ਅਨੁਛੇਦ 19(2) ਅਤੇ 19(3) ਦੇ ਤਹਿਤ ਜਨਤਕ ਕਾਨੂੰਨ-ਵਿਵਸਥਾ ਆਦਿ ਦੇ ਹਿੱਤ ਵਿੱਚ ਵਾਜਬ ਪਾਬੰਦੀਆਂ ਲਗਾਈਆਂ ਜਾ ਸਕਦੀਆਂ ਹਨ। ਸੁਪਰੀਮ ਕੋਰਟ ਨੇ ਵੀ ਵਾਰ-ਵਾਰ ਇਹ ਸਪਸ਼ਟ ਕੀਤਾ ਹੈ ਕਿ ਵਿਰੋਧ ਦਾ ਅਧਿਕਾਰ ਹੋਰ ਨਾਗਰਿਕਾਂ ਦੇ ਅਧਿਕਾਰਾਂ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਨਹੀਂ ਕਰ ਸਕਦਾ।

ਇੱਥੇ ਇਹ ਨੁਕਤਾ ਜ਼ਿਕਰਯੋਗ ਹੈ ਕਿ ਵਿਰੋਧ ਦਾ ਹੱਕ ਅਤੇ ਹੜਤਾਲ ਦਾ ਹੱਕ ਹਰ ਸਥਿਤੀ ਵਿੱਚ ਇੱਕੋ ਜਿਹਾ ਕਾਨੂੰਨੀ ਦਰਜਾ ਨਹੀਂ ਰੱਖਦੇ।

ਉਦਯੋਗਿਕ ਸੰਬੰਧਾਂ ਦੇ ਖੇਤਰ ਵਿੱਚ 21 ਨਵੰਬਰ 2025 ਤੋਂ ਇੰਡਸਟਰੀਅਲ ਰਿਲੇਸ਼ਨਜ਼ ਕੋਡ , 2020 ਲਾਗੂ ਹੈ। ਇਸ ਦੀ ਧਾਰਾ 62 ਹੜਤਾਲ ਅਤੇ ਤਾਲਾਬੰਦੀ ਸਬੰਧੀ ਨਿਯਮ ਨਿਰਧਾਰਤ ਕਰਦੀ ਹੈ ਅਤੇ ਨਿਰਧਾਰਤ ਹਾਲਾਤਾਂ ਵਿੱਚ ਹੜਤਾਲ ਤੋਂ ਪਹਿਲਾਂ ਨੋਟਿਸ ਦੀ ਵਿਵਸਥਾ ਕਰਦੀ ਹੈ। ਸਰਕਾਰ ਵੱਲੋਂ ਜਾਰੀ ਸਪਸ਼ਟੀਕਰਨ ਅਨੁਸਾਰ ਇਹ ਸੰਹਿਤਾ ਹੜਤਾਲ ਨੂੰ ਪੂਰੀ ਤਰ੍ਹਾਂ ਬੰਦ ਨਹੀਂ ਕਰਦੀ, ਪਰ 14 ਦਿਨਾਂ ਦੀ ਨੋਟਿਸ ਲਾਜ਼ਮੀ ਕਰਦੀ ਹੈ।

ਇਸ ਲਈ ਇਹ ਕਹਿਣਾ ਵੀ ਸਹੀ ਨਹੀਂ ਕਿ ਹੜਤਾਲ ਆਪਣੇ ਆਪ ਵਿੱਚ ਗੈਰ-ਕਾਨੂੰਨੀ ਹੈ, ਅਤੇ ਇਹ ਕਹਿਣਾ ਵੀ ਸਹੀ ਨਹੀਂ ਕਿ ਹਰ ਕਿਸਮ ਦੀ ਹੜਤਾਲ ਜਾਂ ਸੜਕ ਜਾਮ ਸੰਵਿਧਾਨਕ ਹੱਕ ਦੇ ਨਾਂ ’ਤੇ ਜਾਇਜ਼ ਹੈ।

ਇੱਕ ਦਿਹਾੜੀਦਾਰ ਮਜ਼ਦੂਰ ਲਈ ਬੱਸ ਬੰਦ ਹੋਣ ਦਾ ਮਤਲਬ ਸਿਰਫ਼ ਆਵਾਜਾਈ ਦੀ ਸਮੱਸਿਆ ਨਹੀਂ ਸਗੋਂ ਇੱਕ ਦਿਨ ਦੀ ਕਮਾਈ ਦਾ ਨੁਕਸਾਨ ਹੈ।

ਇੱਕ ਮਰੀਜ਼ ਲਈ ਹਸਪਤਾਲ ਤੱਕ ਪਹੁੰਚ ਵਿੱਚ ਦੇਰੀ ਸਿਰਫ਼ ਅਸੁਵਿਧਾ ਨਹੀਂ ਸਗੋਂ ਕਈ ਵਾਰ ਜ਼ਿੰਦਗੀ ਅਤੇ ਮੌਤ ਦਾ ਸਵਾਲ ਹੋ ਸਕਦੀ ਹੈ।

ਇੱਕ ਵਿਦਿਆਰਥੀ ਲਈ ਸੜਕ ਜਾਮ ਜਾਂ ਆਵਾਜਾਈ ਬੰਦ ਹੋਣਾ ਇਮਤਿਹਾਨ ,ਪੜ੍ਹਾਈ ਜਾਂ ਖੇਡ ਦਾ ਨੁਕਸਾਨ ਹੈ।

ਇੱਕ ਛੋਟੇ ਵਪਾਰੀ ਲਈ ਬਾਜ਼ਾਰ ਬੰਦ ਹੋਣਾ ਸਿੱਧਾ ਆਰਥਿਕ ਘਾਟਾ ਹੈ।

ਇੱਕ ਕਿਸਾਨ ਲਈ ਮੰਡੀ ਜਾਂ ਸਰਕਾਰੀ ਦਫ਼ਤਰ ਦਾ ਕੰਮ ਰੁਕਣਾ ਉਸ ਦੇ ਸਮੇਂ ਅਤੇ ਪੈਸੇ ਦੋਵਾਂ ਦਾ ਨੁਕਸਾਨ ਹੈ।

ਇਸ ਲਈ ਜਦੋਂ ਵਿਰੋਧ ਦਾ ਹਥਿਆਰ ਇਸ ਹੱਦ ਤੱਕ ਪਹੁੰਚ ਜਾਵੇ ਕਿ ਸਰਕਾਰ ਨੂੰ ਦਬਾਅ ਵਿੱਚ ਲਿਆਉਣ ਦੀ ਥਾਂ ਆਮ ਜਨਤਾ ਨੂੰ ਬੰਧਕ ਬਣਾਇਆ ਜਾਣ ਲੱਗੇ, ਤਾਂ ਸਾਨੂੰ ਰੁਕ ਕੇ ਸੋਚਣਾ ਪਵੇਗਾ।

ਸ਼ਾਹੀਨ ਬਾਗ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਸ਼ਾਂਤੀਪੂਰਨ ਵਿਰੋਧ ਦੇ ਹੱਕ ਨੂੰ ਮੰਨਦਿਆਂ ਇਹ ਵੀ ਸਪਸ਼ਟ ਕੀਤਾ ਕਿ ਜਨਤਕ ਰਸਤੇ ਅਤੇ ਜਨਤਕ ਥਾਵਾਂ ਨੂੰ ਅਣਮਿਆਦੀ ਸਮੇਂ ਲਈ ਰੋਕਿਆ ਨਹੀਂ ਜਾ ਸਕਦਾ। ਅਦਾਲਤ ਨੇ ਕਿਹਾ ਕਿ ਲੋਕਤੰਤਰ ਅਤੇ ਅਸਹਿਮਤੀ ਇਕੱਠੇ ਚੱਲਦੇ ਹਨ, ਪਰ ਵਿਰੋਧ ਲਈ ਨਿਰਧਾਰਤ ਥਾਵਾਂ ਦੀ ਵਰਤੋਂ ਅਤੇ ਹੋਰ ਲੋਕਾਂ ਦੇ ਅਧਿਕਾਰਾਂ ਦਾ ਧਿਆਨ ਰੱਖਣਾ ਲਾਜ਼ਮੀ ਹੈ।

ਇਸ ਫ਼ੈਸਲੇ ਦਾ ਮੂਲ ਸੰਦੇਸ਼ ਕਿਸੇ ਇੱਕ ਅੰਦੋਲਨ ਦੇ ਹੱਕ ਜਾਂ ਵਿਰੋਧ ਵਿੱਚ ਨਹੀਂ, ਸਗੋਂ ਅਧਿਕਾਰਾਂ ਦੇ ਸੰਤੁਲਨ ਵਿੱਚ ਹੈ।

ਜੇ ਇੱਕ ਵਿਅਕਤੀ ਨੂੰ ਆਪਣੀ ਗੱਲ ਕਹਿਣ ਦਾ ਹੱਕ ਹੈ ਤਾਂ ਦੂਜੇ ਵਿਅਕਤੀ ਨੂੰ ਉਸੇ ਸੜਕ ਤੋਂ ਲੰਘਣ ਦਾ ਹੱਕ ਵੀ ਹੈ।

ਜੇ ਇੱਕ ਜਥੇਬੰਦੀ ਨੂੰ ਸਰਕਾਰ ਖ਼ਿਲਾਫ਼ ਨਾਅਰਾ ਲਾਉਣ ਦੀ ਆਜ਼ਾਦੀ ਹੈ ਤਾਂ ਐਂਬੂਲੈਂਸ ਵਿੱਚ ਪਏ ਮਰੀਜ਼ ਨੂੰ ਹਸਪਤਾਲ ਪਹੁੰਚਣ ਦਾ ਅਧਿਕਾਰ ਵੀ ਹੈ।

ਹਰ ਹੜਤਾਲ ਲਈ ਸਿਰਫ਼ ਮੁਲਾਜ਼ਮਾਂ ਜਾਂ ਜਥੇਬੰਦੀਆਂ ਨੂੰ ਦੋਸ਼ੀ ਠਹਿਰਾਉਣਾ ਵੀ ਨਿਆਂਸੰਗਤ ਨਹੀਂ ਕਿਉਂਕਿ ਕਈ ਵਾਰ ਹੜਤਾਲ ਦੀ ਜੜ੍ਹ ਸਰਕਾਰ ਦੀ ਲੰਬੇ ਸਮੇਂ ਦੀ ਚੁੱਪ ਹੁੰਦੀ ਹੈ।

ਮੰਗਾਂ ਸਾਲਾਂ ਤੱਕ ਲਟਕਦੀਆਂ ਹਨ। ਕਮੇਟੀਆਂ ਬਣਦੀਆਂ ਹਨ। ਮੀਟਿੰਗਾਂ ਹੁੰਦੀਆਂ ਹਨ। ਭਰੋਸੇ ਦਿੱਤੇ ਜਾਂਦੇ ਹਨ। ਫ਼ਾਈਲਾਂ ਇੱਕ ਮੇਜ਼ ਤੋਂ ਦੂਜੀ ਮੇਜ਼ ਤੱਕ ਜਾਂਦੀਆਂ ਹਨ। ਪਰ ਫ਼ੈਸਲਾ ਨਹੀਂ ਹੁੰਦਾ। ਅੰਤ ਵਿੱਚ ਜਥੇਬੰਦੀ ਹੜਤਾਲ ਦਾ ਰਸਤਾ ਚੁਣਦੀ ਹੈ।

ਕਾਮਯਾਬ ਸ਼ਾਸਨ ਦੀ ਪਰਖ ਸਿਰਫ਼ ਇਹ ਨਹੀਂ ਕਿ ਉਹ ਹੜਤਾਲ ਕਿਵੇਂ ਖ਼ਤਮ ਕਰਵਾਉਂਦਾ ਹੈ। ਅਸਲ ਪ੍ਰਸ਼ਾਸਕੀ ਕਾਬਲੀਅਤ ਇਹ ਹੈ ਕਿ ਹੜਤਾਲ ਦੀ ਨੌਬਤ ਹੀ ਘੱਟ ਤੋਂ ਘੱਟ ਆਵੇ।

ਇੰਡਸਟਰੀਅਲ ਰਿਲੇਸ਼ਨਜ਼ ਕੋਡ , 2020 ਦੀ ਧਾਰਾ 62 ਹੜਤਾਲਾਂ ਲਈ ਨਿਯਮ ਅਤੇ ਨੋਟਿਸ ਦੀ ਵਿਵਸਥਾ ਕਰਦੀ ਹੈ। ਇਸੇ ਸੰਹਿਤਾ ਦੀ ਧਾਰਾ 63 ਨਿਰਧਾਰਤ ਹਾਲਾਤਾਂ ਵਿੱਚ ਗੈਰ-ਕਾਨੂੰਨੀ ਹੜਤਾਲਾਂ ਅਤੇ ਤਾਲਾਬੰਦੀਆਂ ਨਾਲ ਸਬੰਧਤ ਪ੍ਰਬੰਧ ਕਰਦੀ ਹੈ। ਇਸ ਤੋਂ ਇਲਾਵਾ ਸੰਹਿਤਾ ਵਿੱਚ ਗੈਰ-ਕਾਨੂੰਨੀ ਹੜਤਾਲ ਨੂੰ ਉਤਸ਼ਾਹਿਤ ਕਰਨ ਅਤੇ ਹਿੰਸਾ, ਧਮਕੀ ਜਾਂ ਜ਼ਬਰਦਸਤੀ ਵਰਗੀਆਂ ਕਾਰਵਾਈਆਂ ਨਾਲ ਸਬੰਧਤ ਪ੍ਰਬੰਧ ਵੀ ਹਨ।

ਇਸਦਾ ਮਤਲਬ ਇਹ ਹੈ ਕਿ ਕਾਨੂੰਨ ਹੜਤਾਲ ਦੇ ਮਸਲੇ ਨੂੰ ਸਿਰਫ਼ ਹੱਕ ਬਨਾਮ ਸਰਕਾਰ ਦੇ ਰੂਪ ਵਿੱਚ ਨਹੀਂ ਦੇਖਦਾ; ਉਦਯੋਗਿਕ ਵਿਵਾਦ, ਗੱਲਬਾਤ, ਨੋਟਿਸ, ਸੁਲਹ ਅਤੇ ਕਾਨੂੰਨੀ ਪ੍ਰਕਿਰਿਆ ਵੀ ਇਸ ਦਾ ਹਿੱਸਾ ਹਨ।

ਇੱਥੇ ਇੱਕ ਹੋਰ ਮਹੱਤਵਪੂਰਨ ਗੱਲ ਹੈ—ਪੁਰਾਣੇ ਇੰਡਸਟਰੀਅਲ ਡਿਸਪਿਊਟਸ ਐਕਟ , 1947 ਦੀ ਧਾਰਾ 22 ਦਾ ਹਵਾਲਾ ਅੱਜ ਦੇ ਮੁੱਦੇ ਵਿੱਚ ਇਕੱਲੇ ਦੇਣਾ ਅਪਡੇਟ ਕਾਨੂੰਨੀ ਸਥਿਤੀ ਨਹੀਂ ਹੋਵੇਗੀ, ਕਿਉਂਕਿ 21 ਨਵੰਬਰ 2025 ਤੋਂ ਨਵਾਂ ਇੰਡਸਟ੍ਰੀਅਲ ਰਿਲੇਸ਼ਨਜ਼ ਕੋਡ ਲਾਗੂ ਹੋ ਚੁੱਕਾ ਹੈ।

ਸਿਹਤ, ਐਮਰਜੈਂਸੀ ਸੇਵਾਵਾਂ, ਪਾਣੀ, ਬਿਜਲੀ, ਆਵਾਜਾਈ ਅਤੇ ਹੋਰ ਅਤਿ-ਜ਼ਰੂਰੀ ਸੇਵਾਵਾਂ ਨਾਲ ਜੁੜੇ ਕਰਮਚਾਰੀਆਂ ਦੀ ਹੜਤਾਲ ਦਾ ਪ੍ਰਭਾਵ ਆਮ ਉਦਯੋਗ ਨਾਲੋਂ ਕਿਤੇ ਵੱਧ ਹੁੰਦਾ ਹੈ।

ਇੱਥੇ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਜਾਇਜ਼ ਮੰਗਾਂ ਨੂੰ ਸਮੇਂ ਸਿਰ ਸੁਣੇ, ਪਰ ਨਾਲ ਹੀ ਜੀਵਨ-ਰੱਖੂ ਅਤੇ ਅਤਿ-ਜ਼ਰੂਰੀ ਸੇਵਾਵਾਂ ਲਈ ਘੱਟੋ-ਘੱਟ ਸੇਵਾ-ਪੱਧਰ (ਨਿਊਨਤਮ ਸਰਵਿਸ ਅਰੇਂਜਮੈਂਟਸ ) ਯਕੀਨੀ ਬਣਾਏ।

ਦੂਜੇ ਪਾਸੇ ਜਥੇਬੰਦੀਆਂ ਨੂੰ ਵੀ ਇਹ ਸੋਚਣਾ ਪਵੇਗਾ ਕਿ ਉਨ੍ਹਾਂ ਦੀ ਲੜਾਈ ਸਰਕਾਰ ਨਾਲ ਹੈ ਜਾਂ ਆਮ ਲੋਕਾਂ ਨਾਲ ?

ਜਨਤਕ ਸੜਕ ਕਿਸੇ ਦੀ ਨਿੱਜੀ ਜਾਇਦਾਦ ਨਹੀਂ

ਧਰਨਾ ਦੇਣਾ ਇੱਕ ਗੱਲ ਹੈ।

ਸੜਕ ਨੂੰ ਲੰਬੇ ਸਮੇਂ ਲਈ ਬੰਦ ਕਰ ਦੇਣਾ ਦੂਜੀ ਗੱਲ ਹੈ।

ਐਂਬੂਲੈਂਸ, ਸਕੂਲ ਬੱਸ, ਇਮਤਿਹਾਨ ਦੇਣ ਜਾ ਰਹੇ ਵਿਦਿਆਰਥੀ ਜਾਂ ਰੋਜ਼ੀ ਕਮਾਉਣ ਜਾ ਰਹੇ ਮਜ਼ਦੂਰ ਦਾ ਰਸਤਾ ਰੋਕ ਦੇਣਾ ਬਿਲਕੁਲ ਵੱਖਰੀ ਗੱਲ ਹੈ।

ਇਸੇ ਲਈ ਸੁਪਰੀਮ ਕੋਰਟ ਨੇ ਸ਼ਾਹੀਨ ਬਾਗ ਮਾਮਲੇ ਵਿੱਚ ਜਨਤਕ ਰਸਤਿਆਂ ਦੀ ਲੰਬੇ ਸਮੇਂ ਲਈ ਰੋਕ ਨੂੰ ਸਵੀਕਾਰ ਨਹੀਂ ਕੀਤਾ ਅਤੇ ਪ੍ਰਸ਼ਾਸਨ ਨੂੰ ਜਨਤਕ ਰਸਤੇ ਰੁਕਾਵਟਾਂ ਤੋਂ ਮੁਕਤ ਰੱਖਣ ਦੀ ਜ਼ਿੰਮੇਵਾਰੀ ਵੱਲ ਇਸ਼ਾਰਾ ਕੀਤਾ।

ਇਹ ਸਭ ਤੋਂ ਗੰਭੀਰ ਸਵਾਲ ਹੈ ਕੀ ਜਿਸ ਦੀ ਲਾਠੀ, ਉਸ ਦੀ ਭੈਂਸ ਲੋਕਤੰਤਰ ਦਾ ਨਵਾਂ ਨਿਯਮ ਬਣ ਰਿਹਾ ਹੈ ?

ਜੇ ਸਮਾਜ ਵਿੱਚ ਇਹ ਧਾਰਨਾ ਪੈਦਾ ਹੋ ਜਾਵੇ ਕਿ ਮੰਗ ਮਨਵਾਉਣ ਲਈ ਪਹਿਲਾਂ ਸੜਕ ਬੰਦ ਕਰੋ, ਫਿਰ ਸਰਕਾਰੀ ਦਫ਼ਤਰ ਬੰਦ ਕਰੋ, ਫਿਰ ਆਵਾਜਾਈ ਠੱਪ ਕਰੋ ਅਤੇ ਅੰਤ ਵਿੱਚ ਸਰਕਾਰ ਨੂੰ ਫ਼ੈਸਲਾ ਕਰਨ ਲਈ ਮਜਬੂਰ ਕਰੋ—ਤਾਂ ਇਹ ਲੋਕਤੰਤਰ ਦੀ ਸਿਹਤ ਲਈ ਚੰਗਾ ਸੰਕੇਤ ਨਹੀਂ।

ਇਸ ਨਾਲ ਹੌਲੀ-ਹੌਲੀ ਇਹ ਮਨੋਵਿਗਿਆਨ ਪੈਦਾ ਹੋ ਜਾਵੇਗਾ ਕਿ ਜਿਸ ਕੋਲ ਵੱਧ ਲੋਕ, ਵੱਧ ਦਬਾਅ ਅਤੇ ਵੱਧ ਸਿਆਸੀ ਤਾਕਤ ਹੈ, ਉਸ ਦੀ ਗੱਲ ਪਹਿਲਾਂ ਸੁਣੀ ਜਾਵੇਗੀ। ਫਿਰ ਉਹ ਨਾਗਰਿਕ ਜਿਸ ਕੋਲ ਨਾ ਜਥੇਬੰਦੀ ਹੈ, ਨਾ ਸਿਆਸੀ ਤਾਕਤ ਅਤੇ ਨਾ ਹੀ ਸੜਕ ਰੋਕਣ ਦੀ ਸਮਰੱਥ ਉਹ ਭ੍ਰਿਸ਼ਟਾਚਾਰ ਦਾ ਗਾਹਕ ਬਣੇਗਾ।

ਇਹੀ ਉਹ ਮੋੜ ਹੈ ਜਿੱਥੇ ਲੋਕਤੰਤਰ ਬਹੁਮਤ ਦਾ ਸ਼ਾਸਨ ਤਾਂ ਰਹਿ ਸਕਦਾ ਹੈ, ਪਰ ਹਰ ਨਾਗਰਿਕ ਦੇ ਹੱਕਾਂ ਦੀ ਰੱਖਿਆ ਕਰਨ ਵਾਲੀ ਵਿਵਸਥਾ ਕਮਜ਼ੋਰ ਪੈਣ ਲੱਗਦੀ ਹੈ।ਸਰਕਾਰ ਨੂੰ ਇੱਕ ਸਥਾਈ ਅਤੇ ਸਮਾਂਬੱਧ ਸੰਵਾਦ ਪ੍ਰਣਾਲੀ ਬਣਾਉਣੀ ਚਾਹੀਦੀ ਹੈ।

ਮੁਲਾਜ਼ਮ ਜਥੇਬੰਦੀਆਂ ਦੀਆਂ ਮੰਗਾਂ ਲਈ:

* ਨਿਯਮਤ ਗੱਲਬਾਤ ਮੰਚ ਹੋਵੇ।
* ਹਰ ਮੰਗ ’ਤੇ ਲਿਖਤੀ ਸਥਿਤੀ ਜਾਰੀ ਕੀਤੀ ਜਾਵੇ।
* ਜਾਇਜ਼ ਮੰਗਾਂ ਲਈ ਸਮਾਂ-ਸੀਮਾ ਨਿਰਧਾਰਤ ਹੋਵੇ।
* ਫ਼ੈਸਲਿਆਂ ਨੂੰ ਲਾਗੂ ਕਰਨ ਦੀ ਨਿਗਰਾਨੀ ਹੋਵੇ।
* ਅਸਹਿਮਤੀ ਦੀ ਸਥਿਤੀ ਵਿੱਚ ਸੁਤੰਤਰ ਸੁਲਹ ਜਾਂ ਮਧਸਥਤਾ ਦੀ ਵਿਵਸਥਾ ਹੋਵੇ।
* ਜ਼ਰੂਰੀ ਸੇਵਾਵਾਂ ਲਈ ਬਦਲਵਾਂ ਪ੍ਰਬੰਧ ਪਹਿਲਾਂ ਤੋਂ ਤਿਆਰ ਹੋਵੇ।

ਅੰਦੋਲਨਕਾਰੀ ਜਥੇਬੰਦੀਆਂ ਨੂੰ ਵੀ:

* ਸ਼ਾਂਤੀਪੂਰਨ ਅਤੇ ਅਨੁਸ਼ਾਸਿਤ ਵਿਰੋਧ ਨੂੰ ਤਰਜੀਹ ਦੇਣੀ ਚਾਹੀਦੀ ਹੈ।
* ਐਂਬੂਲੈਂਸ ਅਤੇ ਐਮਰਜੈਂਸੀ ਸੇਵਾਵਾਂ ਦਾ ਰਸਤਾ ਖੁੱਲ੍ਹਾ ਰੱਖਣਾ ਚਾਹੀਦਾ ਹੈ।
* ਵਿਦਿਆਰਥੀਆਂ, ਮਰੀਜ਼ਾਂ ਅਤੇ ਦਿਹਾੜੀਦਾਰਾਂ ਦੇ ਹਿੱਤਾਂ ਦਾ ਧਿਆਨ ਰੱਖਣਾ ਚਾਹੀਦਾ ਹੈ।
* ਲੰਬੇ ਸਮੇਂ ਲਈ ਜਨਤਕ ਰਸਤੇ ਬੰਦ ਕਰਨ ਦੀ ਥਾਂ ਕਾਨੂੰਨੀ ਅਤੇ ਨਿਰਧਾਰਤ ਪ੍ਰਦਰਸ਼ਨ ਸਥਾਨ ਵਰਤਣੇ ਚਾਹੀਦੇ ਹਨ।
* ਹਿੰਸਾ, ਧਮਕੀ ਅਤੇ ਜ਼ਬਰਦਸਤੀ ਤੋਂ ਪੂਰੀ ਤਰ੍ਹਾਂ ਬਚਣਾ ਚਾਹੀਦਾ

ਵਿਸ਼ਵ ਦੇ ਸਭ ਤੋਂ ਵੱਡੇ ਲੋਕਤੰਤਰ ਵਿੱਚ ਹਰ ਮਸਲਾ ਹੜਤਾਲ ਤੱਕ ਕਿਉਂ ਪਹੁੰਚਦਾ ਹੈ ?

ਮੰਗਾਂ ਸਮੇਂ ਸਿਰ ਸੁਣੀਆਂ ਕਿਉਂ ਨਹੀਂ ਜਾਂਦੀਆਂ ?

ਸਰਕਾਰ ਅਤੇ ਮੁਲਾਜ਼ਮ ਜਥੇਬੰਦੀਆਂ ਵਿਚਕਾਰ ਸਥਾਈ ਸੰਵਾਦ ਕਿਉਂ ਨਹੀਂ ਬਣ ਸਕਦਾ ?

ਆਪਣੇ ਹੱਕ ਲਈ ਲੜਦਿਆਂ ਉਸ ਆਮ ਨਾਗਰਿਕ ਦਾ ਹੱਕ ਕਿਉਂ ਕੁਚਲਿਆ ਜਾਂਦਾ ਹੈ ਜਿਸ ਲਈ ਇਹ ਲੋਕਤੰਤਰ ਬਣਿਆ ਹੈ ?

ਜੇ ਲੋਕਾਂ ਦੀ ਆਵਾਜ਼ ਸੁਣਨ ਲਈ ਹਰ ਵਾਰ ਸੜਕ ’ਤੇ ਉਤਰਨਾ ਪਵੇ, ਤਾਂ ਸ਼ਾਸਨ ਦੇ ਸੰਵਾਦੀ ਤੰਤਰ ਦੀ ਪਕਿਆਈ ਕੀ ਰਹਿ ਜਾਂਦੀ ਹੈ ?

ਲੋਕਤੰਤਰ ਦੀ ਤਾਕਤ ਵਿਰੋਧ ਨੂੰ ਦਬਾਉਣ ਵਿੱਚ ਨਹੀਂ, ਵਿਰੋਧ ਨੂੰ ਸੁਣਨ ਦੀ ਸਮਰੱਥਾ ਵਿੱਚ ਹੈ।

ਅੰਦੋਲਨ ਦੀ ਤਾਕਤ ਜਨਤਾ ਨੂੰ ਪੀਸਣ ਵਿੱਚ ਨਹੀਂ, ਜਨਤਾ ਨੂੰ ਨਾਲ ਲੈ ਕੇ ਆਪਣੀ ਗੱਲ ਮਨਵਾਉਣ ਵਿੱਚ ਹੈ।

ਧਰਨਾ ਹੋਵੇ ਪਰ ਐਂਬੂਲੈਂਸ ਦਾ ਰਸਤਾ ਖੁੱਲ੍ਹਾ ਰਹੇ।

ਹੜਤਾਲ ਹੋਵੇ ਪਰ ਜ਼ਿੰਦਗੀ ਬਚਾਉਣ ਵਾਲੀਆਂ ਸੇਵਾਵਾਂ ਦਾ ਪ੍ਰਬੰਧ ਬਣਿਆ ਰਹੇ।

ਰੋਸ ਹੋਵੇ ਪਰ ਵਿਦਿਆਰਥੀ ਦੀ ਪ੍ਰੀਖਿਆ ਨਾ ਰੁਕੇ।

ਸੰਘਰਸ਼ ਹੋਵੇ ਪਰ ਦਿਹਾੜੀਦਾਰ ਦੀ ਰੋਜ਼ੀ ਨਾ ਖੋਹੀ ਜਾਵੇ।

ਕਿਉਂਕਿ ਲੋਕਤੰਤਰ ਵਿੱਚ ਸਰਕਾਰ ਵੀ ਜਨਤਾ ਲਈ ਹੈ ਅਤੇ ਅੰਦੋਲਨ ਵੀ ਜਨਤਾ ਦੇ ਹੱਕ ਲਈ। ਜੇ ਦੋਵਾਂ ਦੀ ਲੜਾਈ ਵਿੱਚ ਜਨਤਾ ਹੀ ਪਿਸਣ ਲੱਗ ਪਵੇ, ਤਾਂ ਫਿਰ ਸਵਾਲ ਸਿਰਫ਼ ਹੜਤਾਲ ਦਾ ਨਹੀਂ ਰਹਿੰਦਾ—ਸਵਾਲ ਲੋਕਤੰਤਰ ਦੀ ਕਾਰਗੁਜ਼ਾਰੀ ਦਾ ਬਣ ਜਾਂਦਾ ਹੈ।

ਹੱਕ ਲਈ ਸੰਘਰਸ਼ ਬੇਸ਼ੱਕ ਜ਼ਰੂਰੀ ਹੈ, ਪਰ ਦੂਜੇ ਦੇ ਹੱਕ / ਜਾਨ ਦੀ ਕੀਮਤ ’ਤੇ ਬਿਲਕੁਲ ਵੀ ਨਹੀਂ।




# ਆਪ ਸਰਕਾਰ ਦੇ ਰਾਜ ’ਚ ਡਾ.ਅੰਬੇਦਕਰ ਜਿਹੀਆਂ ਸਖਸ਼ੀਅਤਾਂ ਵੀ ਮਹਿਫੂਜ ਨਹੀਂ : ਖੱਟੜਾ



ਜਲੰਧਰ, 10 ਸਤੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਿਛਲੇ ਦਿਨੀਂ ਲੁਧਿਆਣਾ ਵਿਚ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਦਕਰ ਦੇ ਬੁੱਤ ਦੀ ਕੀਤੀ ਗਈ ਬੇਅਦਬੀ, ਪੰਜਾਬ ’ਚ ਨਸ਼ਿਆਂ ਦਾ ਵਧ ਰਿਹਾ ਮੱਕੜ ਜਾਲ, ਗੁਰੂ ਸਾਹਿਬ ਦੀਆਂ ਬੇਅਦਬੀਆਂ ਅਤੇ ਮੋਹਨਦੀਪ ਸਿੰਘ ਸ਼ੇਰੋਂ ਉਤੇ ਕੀਤਾ ਗਿਆ ਵਹਿਸ਼ੀਆਨਾ ਜੁਲਮ ਆਦਿ ਮੁੱਦਿਆਂ ਨੂੰ ਲੈ ਕੇ ਭਾਜਪਾ ਪਟਿਆਲਾ ਦਿਹਾਤੀ ਅਤੇ ਸ਼ਹਿਰੀ ਨੇ ਇੱਥੇ ਮਿੰਨੀ ਸਕੱਤਰੇਤ ਦੇ ਸਾਹਮਣੇ ਜੋਰਦਾਰ ਧਰਨਾ ਪ੍ਰਦਰਸ਼ਨ ਕੀਤਾ ਗਿਆ।

ਇਸ ਮੌਕੇ ਬੋਲਦਿਆਂ ਭਾਜਪਾ ਦਿਹਾਤੀ ਦੇ ਸੀਨੀਅਰ ਆਗੂ ਸਤਬੀਰ ਸਿੰਘ ਖੱਟੜਾ ਨੇ ਕਿਹਾ ਕਿ ਬਦਲਾਅ ਦੇ ਨਾਂ ’ਤੇ ਝੂਠ ਬੋਲਕੇ ਪੰਜਾਬ ਵਿਚ ਸਰਕਾਰ ਬਣਾਉਣ ਵਾਲੀ ਆਮ ਆਦਮੀ ਪਾਰਟੀ ਦੇ ਰਾਜ ਵਿਚ ਡਾ.ਭੀਮ ਰਾਓ ਜਿਹੀਆਂ ਉਚੇ ਰਾਸ਼ਟਰੀ ਕੱਦ ਵਾਲੀਆਂ ਸਖਸ਼ੀਅਤਾਂ ਵੀ ਮਹਿਫੂਜ ਨਹੀਂ। ਉਨ੍ਹਾਂ ਕਿਹਾ ਕਿ ਡਾ. ਭੀਮ ਰਾਓ ਅੰਬੇਦਕਰ ਦੇ ਬੁੱਤ ਦੀ ਬੇਅਦਬੀ ਕਰਨ ਵਾਲੇ ਸਮਾਜ ਵਿਰੋਧੀ ਅਨਸਰਾਂ ਨੂੰ ਫੜਕੇ ਉਨ੍ਹਾਂ ਉਪਰ ਐਨ.ਐਸ.ਏ. ਲਗਾਇਆ ਜਾਵੇ ਕਿਉਂਕਿ ਅਜਿਹੇ ਲੋਕ ਸਮਾਜ ਦੇ ਆਪਸੀ ਭਾਈਚਾਰੇ ਲਈ ਖਤਰਾ ਹਨ। ਉਨ੍ਹਾਂ ਹੋਰ ਕਿਹਾ ਕਿ ਬੇਅਦਬੀ ਬਾਰੇ ਕਾਨੂੰਨ ਪਾਸ ਕਰਨ ਦੇ ਦਮਗਜੇ ਮਾਰਨ ਵਾਲੀ ਸਰਕਾਰ ਦੇ ਰਾਜ ਵਿਚ ਬੇਅਦਬੀਆਂ ਬੇਰੋਕ ਹੋ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਨਸ਼ੇ ਰੋਕਣ ਦੇ ਨਾਂ ’ਤੇ ਲੋਕਾਂ ਨੂੰ ਗੁੰਮਰਾਹ ਕਰਨ ਵਾਲੀ ਸਰਕਾਰ ਦੇ ਰਾਜ ’ਚ ਨਸ਼ੇ ਹਰ ਗਲੀ ਮੁਹੱਲੇ ਵਿਕ ਰਹੇ ਹਨ ਜਦੋਂਕਿ ਸਰਕਾਰ ਛੋਟੇ ਮੋਟੇ ਤਸਕਰਾਂ ਨੂੰ ਫੜ੍ਹਕੇ ਕਰੋੜਾਂ ਰੁਪਏ ਅਖਬਾਰਾਂ ਰਾਹੀਂ ਖਰਚ ਕਰਨ ’ਚ ਮਸ਼ਰੂਫ ਹੈ। ਸ਼ੇਰੋਂ ਵਿਖੇ ਮੋਹਨਦੀਪ ਸਿੰਘ ਸ਼ੇਰੋਂ ਉਪਰ ਕੀਤੀ ਜਾਲਮਾਨਾ ਕਾਰਵਾਈ ਦੀ ਵੀ ਉਨ੍ਹਾਂ ਪੁਰਜੋਰ ਨਿਖੇਧੀ ਕੀਤੀ। ਉਨ੍ਹਾਂ ਲੋਕਾਂ ਨੂੰ 2027 ’ਚ ਇਸ ਡਰਾਮੇਬਾਜ਼ ਸਰਕਾਰ ਨੂੰ ਚਲਦਾ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸ਼ਹਿਰੀ ਪ੍ਰਧਾਨ ਵਿਜੇ ਕੁਮਾਰ ਕੁੱਕਾ ਅਤੇ ਭਾਜਪਾ ਦੇ ਮੁੱਖ ਬੁਲਾਰੇ ਯੁਵਰਾਜ ਸ਼ਰਮਾ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਕੰਗ ਸਰਪੰਚ ਰੋੜੇਵਾਲ, ਸੁਖਵਿੰਦਰਪਾਲ ਸਿੰਘ ਮਿੰਟਾ ਸਾਬਕਾ ਕੌਂਸਲਰ, ਮੀਡੀਆ ਇੰਚਾਰਜ ਗੁਰਤੇਜ ਸਿੰਘ ਸਿੱਧੂਵਾਲ, ਗੁਰਦਾਸ ਸਿਊਣਾ, ਰਿੰਕੂ ਸਰਾਓ ਝਿੱਲ, ਤਰਸੇਮ ਸਿਊਣਾ, ਜਿੰਦਰ ਕਸਿਆਣਾ, ਸਰਪੰਚ ਇਕਬਾਲ ਸਿੰਘ, ਰਵਿੰਦਰ ਸੋਲੰਕੀ, ਹਰਪ੍ਰੀਤ ਸਿੰਘ ਭੰਵਰਾ, ਸੌਰਵਾ ਸ਼ਰਮਾ, ਗੁਰਭਜਨ ਸਿੰਘ ਲਚਕਾਣੀ ਸਰਕਲ ਪ੍ਰਧਾਨ, ਮਹਿਲਾ ਮੋਰਚੇ ਵੱਲੋਂ ਮਨੀਸ਼ਾ ਉਪਲ, ਨਿਧੀ, ਰੁਤਾਂਕਸ਼ਾ ਬਾਂਸਲ, ਰੀਆ ਸੋਹੀ, ਬਲਜੀਤ ਕੌਰ, ਚੰਦਨ, ਕੰਚਨ ਅਤੇ ਖੁਸ਼ਬੂ ਆਦਿ ਵੀ ਹਾਜ਼ਰ ਸਨ।

# ਜ਼ਿਲ੍ਹਾ ਚੋਣ ਅ.ਫਸਰ ਵੱਲੋਂ ਐੱਸ.ਆਈ.ਆਰ.-2026 ਅਤੇ ਵੋਟਰ ਜਾਗਰੂਕਤਾ ਗਤੀਵਿਧੀਆਂ ਸਬੰਧੀ ਹਦਾਇਤਾਂ ਜਾਰੀ

ਪਟਿਆਲਾ, 10 ਸਤੰਬਰ
-ਛਤਰਪਾਲ ਸਿੰਘ-

ਵਿਸ਼ੇਸ਼ ਸਰਸਰੀ ਸੁਧਾਈ, ਇਲੈਕਟੋਰਲ ਲਿਟਰੇਸੀ ਕਲੱਬਾਂ (ਈ.ਐੱਲ.ਸੀ.) ਅਤੇ ਵੋਟਰ ਜਾਗਰੂਕਤਾ ਗਤੀਵਿਧੀਆਂ ਸਬੰਧੀ ਅੱਜ ਮਾਨਯੋਗ ਜ਼ਿਲ੍ਹਾ ਚੋਣ ਅਫ਼ਸਰ, ਪਟਿਆਲਾ ਜੀ ਵੱਲੋਂ ਹੇਠ ਵਿੱਦਿਅਕ ਸੰਸਥਾਵਾਂ ਦੇ ਮੁਖੀਆਂ ਅਤੇ ਵਿਧਾਨ ਸਭਾ ਹਲਕਾ ਪੱਧਰੀ ਸਵੀਪ ਨੋਡਲ ਅਫ਼ਸਰਾਂ/ ਈ.ਐੱਲ.ਸੀ. ਕੋਆਰਡੀਨੇਟਰਾਂ ਨਾਲ ਮੀਟਿੰਗ ਕੀਤੀ ਗਈ। ਸਵੀਪ ਨੋਡਲ ਅਫਸਰ, ਸ਼੍ਰੀ ਸਵਿੰਦਰ ਰੇਖੀ ਅਤੇ ਸ਼੍ਰੀ ਵਿਜੈ ਕੁਮਾਰ, ਚੋਣ ਤਹਿਸੀਲਦਾਰ ਪਟਿਆਲਾ ਜੀ ਵੀ ਇਸ ਮੀਟਿੰਗ ਵਿੱਚ ਸ਼ਾਮਲ ਸਨ। ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਵਿੱਦਿਅਕ ਸੰਸਥਾਵਾਂ ਵਿੱਚ ਇਲੈਕਟੋਰਲ ਲਿਟਰੇਸੀ ਕਲੱਬਾਂ (ਈ.ਐੱਲ.ਸੀ.) ਨੂੰ ਸਰਗਰਮ ਕਰਨ ਅਤੇ ਵਿਦਿਆਰਥੀਆਂ ਵਿੱਚ ਚੋਣ ਪ੍ਰਕਿਰਿਆ ਸਬੰਧੀ ਜਾਗਰੂਕਤਾ ਪੈਦਾ ਕਰਨ ’ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਈ.ਐੱਲ.ਸੀ. ਦਾ ਮੁੱਖ ਉਦੇਸ਼ ਵਿਦਿਆਰਥੀਆਂ, ਖਾਸ ਕਰਕੇ ਭਵਿੱਖ ਦੇ ਵੋਟਰਾਂ ਨੂੰ ਵੋਟਰ ਰਜਿਸਟ੍ਰੇਸ਼ਨ, ਚੋਣ ਪ੍ਰਕਿਰਿਆ, ਈ.ਵੀ.ਐਮ. ਅਤੇ ਵੀ.ਵੀ.ਪੀ.ਏ.ਟੀ., ਵੋਟ ਦੀ ਮਹੱਤਤਾ ਅਤੇ ਨੈਤਿਕ ਢੰਗ ਨਾਲ ਵੋਟ ਦੇ ਅਧਿਕਾਰ ਦੀ ਵਰਤੋਂ ਸਬੰਧੀ ਜਾਣਕਾਰੀ ਪ੍ਰਦਾਨ ਕਰਨਾ ਹੈ।

ਵਿੱਦਿਅਕ ਸੰਸਥਾਵਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਈ.ਐੱਲ.ਸੀ. ਲਈ 10 ਅਕਤੂਬਰ ਤੋਂ 15 ਅਕਤੂਬਰ ਤੱਕ ਈ.ਐੱਲ.ਸੀ. ਕਲੱਬਾਂ ਰਾਹੀਂ ਯੁਵਾ ਵਰਗ ਵਿੱਚ ਵੋਟਰ ਜਾਗਰੂਕਤਾ ਕਰਵਾਉਣ ਸਬੰਧੀ ਵੱਖ-ਵੱਖ ਅਵੇਅਰਨੇਸ ਐਕਟੀਵਿਟੀਸ ਕਰਵਾਈਆਂ ਜਾਣ ਜਿਵੇਂ ਕਿ ਮੌਕ ਪੋਲ, ਈ.ਵੀ.ਐਮ./ ਵੀ.ਵੀ.ਪੀ.ਏ.ਟੀ. ਜਾਣ-ਪਛਾਣ, ਕੁਇਜ਼, ਵਾਦ-ਵਿਵਾਦ, ਪੋਸਟਰ ਮੇਕਿੰਗ, ਸਲੋਗਨ ਲਿਖਣ, ਲੇਖ ਮੁਕਾਬਲੇ ਅਤੇ ਵੋਟਰ ਜਾਗਰੂਕਤਾ ਸੈਸ਼ਨ ਆਦਿ। ਇਸ ਸਬੰਧੀ 1 ਐਕਟੀਵਿਟੀ ਕੈਲੰਡਰ ਇਸ ਦਫਤਰ ਵੱਲੋਂ ਜ਼ਾਰੀ ਕੀਤਾ ਜਾ ਰਿਹਾ ਹੈ। ਈ.ਐੱਲ.ਸੀ. ਕਲੱਬਾਂ ਵੱਲੋਂ ਜ਼ਾਰੀ ਕੀਤੇ ਜਾਣ ਵਾਲੇ ਕੈਲੰਡਰ ਅਨੁਸਾਰ ਸਵੀਪ/ ਵੋਟਰ ਅਵੇਅਰਨੇਸ ਗਤੀਵਿਧੀਆਂ ਕਰਾਉਣੀਆਂ ਯਕੀਨੀ ਬਣਾਈਆਂ ਜਾਣ।

ਜ਼ਿਲ੍ਹਾ ਚੋਣ ਅਫਸਰ ਜੀ ਵੱਲੋਂ ਇਹ ਵਿਸ਼ੇਸ਼ ਤੌਰ ਤੇ ਦੱਸਿਆ ਗਿਆ ਕਿ 2 ਨਵੰਬਰ ਨੂੰ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਪਟਿਆਲਾ ਵਿਖੇ ਈ.ਐੱਲ.ਸੀ. ਕਲੱਬਾਂ ਵਿੱਚ ਵੋਟਰ ਜਾਗਰੂਕਤਾ ਕਰਵਾਉਣ ਸਬੰਧੀ ਸਟੇਟ ਪੱਧਰ ਦਾ ਸਮਾਗਮ ਕਰਵਾਇਆ ਜਾਣਾ ਹ। ਇਸ ਲਈ ਸਮੂਹ ਵਿੱਦਿਅਕ ਸੰਸਥਾ ਦੇ ਸਮੂਹ ਮੁੱਖੀਆਂ ਅਤੇ ਨੋਡਲ ਅਫਸਰਾਂ ਨੂੰ ਵਿਸ਼ੇਸ਼ ਤੌਰ ਤੇ ਹਦਾਇਤ ਕੀਤੀ ਗਈ ਕਿ ਉਹਨਾਂ ਵੱਲੋਂ ਆਪਣੀ-ਆਪਣੀ ਸੰਸਥਾ ਦੇ ਹੋਣਹਾਰ ਵਿਦਿਆਰਥੀਆਂ ਵਿੱਚ ਕੁੱਲ 04 ਵਿਦਿਆਰਥੀਆਂ ਤੇ 02 ਕੋ-ਆਰਡੀਨੇਟਰ/ਨੋਡਲ ਅਫਸਰਾਂ ਨੂੰ ਇਸ ਸਮਾਗਮ ਲਈ ਤਿਆਰ ਕਰਵਾਇਆ ਜਾਵੇ।

ਇਸ ਤੋਂ ਇਲਾਵਾ 01 ਅਕਤੂਬਰ 2026 ਯੋਗਤਾ ਮਿਤੀ ਦੇ ਆਧਾਰ ’ਤੇ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਯੋਗ ਵਿਦਿਆਰਥੀਆਂ ਨੂੰ ਨਵੀਂ ਵੋਟ ਦੀ ਮਹੱਤਤਾ ਦੱਸਣ ਅਤੇ ਵੋਟ ਬਣਾਉਣ ਲਈ ਜਾਗਰੂਕ ਕਰਨ ਲਈ ਕਿਹਾ ਗਿਆ ।

ਵਿਧਾਨ ਸਭਾ ਹਲਕਾ ਪੱਧਰੀ ਸਵੀਪ ਨੋਡਲ ਅਫ਼ਸਰਾਂ ਅਤੇ ਈ.ਐੱਲ.ਸੀ. ਕੋਆਰਡੀਨੇਟਰਾਂ ਨੂੰ ਹਦਾਇਤ ਕੀਤੀ ਗਈ ਕਿ ਸਾਰੇ ਸਬੰਧਤ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਈ.ਐੱਲ.ਸੀ. ਦੀ ਸਥਾਪਨਾ ਅਤੇ ਉਨ੍ਹਾਂ ਦੀ ਸਰਗਰਮ ਕਾਰਗੁਜ਼ਾਰੀ ਯਕੀਨੀ ਬਣਾਈ ਜਾਵੇ। ਇਸ ਦੇ ਨਾਲ ਹੀ ਹਰੇਕ ਸੰਸਥਾ ਵਿੱਚ ਈ.ਐੱਲ.ਸੀ. ਲਈ ਨੋਡਲ ਅਫ਼ਸਰ/ ਕਨਵੀਨਰ ਨਿਯੁਕਤ ਕਰਨ ਅਤੇ ਅਧਿਆਪਕਾਂ ਨੂੰ ਲੋੜੀਂਦੀ ਸਿਖਲਾਈ ਦੇਣ ਲਈ ਵੀ ਕਿਹਾ ਗਿਆ।

ਸਵੀਪ ਨੋਡਲ ਅਫ਼ਸਰਾਂ ਨੂੰ ਬੀ.ਐਲ.ਓਜ਼. ਅਤੇ ਬੂਥ ਅਵੇਅਰਨੇਸ ਗਰੁੱਪਾਂ ਰਾਹੀਂ ਘਰ-ਘਰ ਜਾਗਰੂਕਤਾ ਮੁਹਿੰਮ ਚਲਾਉਣ ਅਤੇ ਨਾਗਰਿਕਾਂ ਨੂੰ ਐਸ.ਆਈ.ਆਰ. ਪ੍ਰਕਿਰਿਆ, ਵੋਟਰ ਰਜਿਸਟ੍ਰੇਸ਼ਨ, ਸੋਧ, ਤਸਦੀਕ ਅਤੇ ਹੋਰ ਵੋਟਰ ਸੇਵਾਵਾਂ ਬਾਰੇ ਜਾਣਕਾਰੀ ਦੇਣ ਲਈ ਕਿਹਾ ਗਿਆ।

ਇਸ ਮੌਕੇ ਮਹਿਲਾਵਾਂ, ਸੀਨੀਅਰ ਸਿਟੀਜ਼ਨਾਂ, ਦਿਵਿਆਂਗਜਨਾਂ (ਪੀ.ਡਬਲਯੂ.ਡੀਸ.) ਅਤੇ ਹੋਰ ਕਮਜ਼ੋਰ ਅਤੇ ਹਾਸ਼ੀਏ ’ਤੇ ਰਹਿੰਦੇ ਵਰਗਾਂ ਲਈ ਵਿਸ਼ੇਸ਼ ਜਾਗਰੂਕਤਾ ਗਤੀਵਿਧੀਆਂ ਕਰਵਾਉਣ ਅਤੇ ਦੂਰ-ਦੁਰਾਡੇ ਅਤੇ ਘੱਟ ਪਹੁੰਚ ਵਾਲੇ ਖੇਤਰਾਂ ਵਿੱਚ ਵੀ ਵੋਟਰ ਸੇਵਾਵਾਂ ਦੀ ਪਹੁੰਚ ਯਕੀਨੀ ਬਣਾਉਣ ਲਈ ਹਦਾਇਤਾਂ ਦਿੱਤੀਆਂ ਗਈਆਂ।

ਇਸ ਤੋਂ ਇਲਾਵਾ, ਘੱਟ ਵੋਟਿੰਗ ਪ੍ਰਤੀਸ਼ਤ ਵਾਲੇ ਪੋਲਿੰਗ ਬੂਥਾਂ ਅਤੇ ਨਵੇਂ ਯੋਗ ਹੋਏ 18-19 ਸਾਲ ਦੇ ਨੌਜਵਾਨ ਵੋਟਰਾਂ ’ਤੇ ਵਿਸ਼ੇਸ਼ ਧਿਆਨ ਕੇਂਦਰਿਤ ਕਰਨ ਲਈ ਕਿਹਾ ਗਿਆ। ਮੀਟਿੰਗ ਵਿੱਚ ਹਰੇਕ ਵਿਧਾਨ ਸਭਾ ਹਲਕੇ ਵਿੱਚੋਂ ਖੇਡਾਂ, ਕਲਾ, ਸਿੱਖਿਆ ਅਤੇ ਸਮਾਜ ਸੇਵਾ ਦੇ ਖੇਤਰ ਨਾਲ ਸਬੰਧਤ ਇੱਕ ਪ੍ਰਮੁੱਖ ਸ਼ਖ਼ਸੀਅਤ ਨੂੰ ਸਵੀਪ ਆਈਕਨ ਵਜੋਂ ਪਛਾਣਨ ਸਬੰਧੀ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ।



ਚੁਣੀ ਜਾਣ ਵਾਲੀ ਸ਼ਖ਼ਸੀਅਤ ਕਿਸੇ ਵੀ ਰਾਜਨੀਤਿਕ ਪਾਰਟੀ ਦੇ ਹੱਕ ਜਾਂ ਵਿਰੋਧ ਵਿੱਚ ਸਿੱਧੇ ਜਾਂ ਅਸਿੱਧੇ ਤੌਰ ’ਤੇ ਪ੍ਰਚਾਰ ਨਾ ਕਰਦੀ ਹੋਵੇ, ਇਹ ਯਕੀਨੀ ਬਣਾਉਣ ਲਈ ਕਿਹਾ ਗਿਆ। ਜ਼ਿਲ੍ਹਾ ਸਵੀਪ ਟੀਮ ਅਤੇ ਸਬੰਧਤ ਅਧਿਕਾਰੀਆਂ ਨੂੰ ਸੋਸ਼ਲ ਮੀਡੀਆ ਅਤੇ ਡਿਜੀਟਲ ਪਲੇਟਫਾਰਮਾਂ ਰਾਹੀਂ ਅਧਿਕਾਰਤ ਵੋਟਰ ਜਾਗਰੂਕਤਾ ਸਮੱਗਰੀ, ਈ-ਪੋਸਟਰ, ਵੀਡੀਓ, ਵਿਸ਼ੇਸ਼ ਕੈਂਪਾਂ ਅਤੇ ਵੋਟਰ ਸੇਵਾਵਾਂ ਸਬੰਧੀ ਜਾਣਕਾਰੀ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਲਈ ਕਿਹਾ ਗਿਆ।ਜ਼ਿਲ੍ਹਾ ਚੋਣ ਦਫ਼ਤਰ ਵੱਲੋਂ ਸਮੂਹ ਵਿੱਦਿਅਕ ਸੰਸਥਾਵਾਂ, ਸਰਕਾਰੀ ਵਿਭਾਗਾਂ, ਐਨਜੀਓਜ਼, ਯੂਥ ਕਲੱਬਾਂ, ਸਵੈ-ਸਹਾਇਤਾ ਸਮੂਹਾਂ ਅਤੇ ਭਾਈਚਾਰਕ ਸੰਸਥਾਵਾਂ ਨੂੰ ਵੋਟਰ ਜਾਗਰੂਕਤਾ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਗਈ, ਤਾਂ ਜੋ ਲੋਕਤੰਤਰਿਕ ਭਾਗੀਦਾਰੀ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ ਅਤੇ ਹਰ ਵੋਟ ਮਹੱਤਵਪੂਰਨ ਹੈ ਅਤੇ ਕੋਈ ਵੀ ਯੋਗ ਵੋਟਰ ਪਿੱਛੇ ਨਾ ਰਹੇ ਦੇ ਉਦੇਸ਼ ਨੂੰ ਸਾਕਾਰ ਕੀਤਾ ਜਾ ਸਕੇ।



# ਪੋਲੀਟਿਕਸ



## ਪ੍ਰਸ਼ਾਸਕ ਨੇ ਜੀਐੱਮਸੀਐੱਚ-32 ਦੇ 35ਵੇਂ ਵਾਰਸ਼ਿਕ ਦਿਵਸ ਅਤੇ ਵ੍ਹਾਇਟ ਕੋਟ ਸਮਾਰੋਹ ਵਿੱਚ ਹਿੱਸਾ ਲਿਆ, ਯੁਵਾ ਡਾਕਟਰਾਂ ਨੂੰ ਸੰਵੇਦਨਸ਼ੀਲਤਾ, ਨੈਤਿਕਤਾ ਅਤੇ ਉਤਕ੍ਰਿਸ਼ਟਤਾ ਬਣਾਈ ਰੱਖਣ ਦੀ ਤਾਕੀਦ ਕੀਤੀ

**ਚੰਡੀਗੜ੍ਹ, 10 ਸਤੰਬਰ**
**-ਜੀ. ਐਸ. ਤੁੰਗ-**



ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ (ਜੀਐੱਮਸੀਐੱਚ-32), ਚੰਡੀਗੜ੍ਹ ਦੇ ਐੱਮਬੀਬੀਐੱਸ ਬੈਚ-2026 ਲਈ 35ਵੇਂ ਵਾਰਸ਼ਿਕ ਦਿਵਸ ਸਮਾਰੋਹ ਅਤੇ ਵ੍ਹਾਇਟ ਕੋਟ ਸਮਾਰੋਹ ਵਿੱਚ ਹਿੱਸਾ ਲਿਆ। ਉਨ੍ਹਾਂ ਨੇ ਯੁਵਾ ਮੈਡੀਕਲ ਵਿਦਿਆਰਥੀਆਂ ਨੂੰ ਆਪਣੇ ਕਰੀਅਰ ਵਿੱਚ ਸੇਵਾ ਭਾਵਨਾ, ਸੰਵੇਦਨਸ਼ੀਲਤਾ, ਨੈਤਿਕ ਆਚਰਣ ਅਤੇ ਪੇਸ਼ੇਵਰ ਉਤਕ੍ਰਿਸ਼ਟਤਾ ਨੂੰ ਬਣਾਈ ਰੱਖਣ ਦਾ ਸੱਦਾ ਦਿੱਤਾ। ਇਸ ਅਵਸਰ 'ਤੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ; ਗ੍ਰਹਿ-ਅਤੇ-ਸਿਹਤ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ; ਡਾਇਰੈਕਟਰ ਪ੍ਰਿੰਸੀਪਲ ਪ੍ਰੋ. ਰਵਨੀਤ ਕੌਰ ਜੀਐੱਮਸੀਐੱਚ-32 ਦੇ ਹੋਰ ਫੈਕਲਟੀ ਮੈਂਬਰ ਅਤੇ ਵਿਦਿਆਰਥੀ ਉਪਸਥਿਤੀ ਸਨ।

ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਪ੍ਰਸ਼ਾਸਕ ਨੇ ਕਿਹਾ ਕਿ ਵ੍ਹਾਇਟ ਕੋਟ ਕੇਵਲ ਇੱਕ ਵਰਦੀ ਨਹੀਂ, ਬਲਕਿ ਵਿਸ਼ਵਾਸ, ਜ਼ਿੰਮੇਦਾਰੀ, ਸੰਵੇਦਨਸ਼ੀਲਤਾ ਅਤੇ ਪੇਸ਼ੇਵਰ ਇਮਾਨਦਾਰੀ ਦਾ ਪ੍ਰਤੀਕ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਉਹ ਕੇਵਲ ਸਫ਼ਲ ਡਾਕਟਰ ਬਣਨ ਦਾ ਲਕਸ਼ ਨਾ ਰੱਖਣ, ਬਲਕਿ ਐਸੇ ਡਾਕਟਰ ਬਣਨ, ਜਿਨ੍ਹਾਂ 'ਤੇ ਮਰੀਜ਼ ਭਰੋਸਾ ਕਰ ਸਕਣ।

ਉਨ੍ਹਾਂ ਨੇ ਭਾਰਤ ਵਿੱਚ ਮੈਡੀਕਲ ਸਿੱਖਿਆ ਦੇ ਖੇਤਰ ਵਿੱਚ ਹੋ ਰਹੀ ਪ੍ਰਗਤੀ ਦਾ ਉਲੇਖ ਕਰਦੇ ਹੋਏ ਚੰਡੀਗੜ੍ਹ ਵਿੱਚ ਮੈਡੀਕਲ ਸੀਟਾਂ ਦੀ ਸੰਖਿਆ ਵਧਾਉਣ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ, ਕਿਉਂਕਿ ਵਿਸ਼ੇਸ਼ ਕਰਕੇ ਗੰਭੀਰ ਮਾਮਲਿਆਂ ਵਿੱਚ ਗੁਆਂਢੀ ਰਾਜਾਂ ਤੋਂ ਬੜੀ ਸੰਖਿਆ ਵਿੱਚ ਮਰੀਜ਼ ਇਲਾਜ ਲਈ ਚੰਡੀਗੜ੍ਹ ਆਉਂਦੇ ਹਨ।

ਡਾਇਰੈਕਟਰ-ਪ੍ਰਿੰਸੀਪਲ, ਫੈਕਲਟੀ, ਸਟਾਫ਼, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਸ਼੍ਰੀ ਕਟਾਰੀਆ ਨੇ ਮੈਡੀਕਲ ਸਿੱਖਿਆ, ਸਿਹਤ ਸੇਵਾਵਾਂ ਅਤੇ ਖੋਜ ਵਿੱਚ ਜੀਐੱਮਸੀਐੱਚ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ 1991 ਵਿੱਚ ਕੇਵਲ 50 ਐੱਮਬੀਬੀਐੱਸ ਸੀਟਾਂ ਨਾਲ ਸ਼ੁਰੂ ਹੋਇਆ ਜੀਐੱਮਸੀਐੱਚ ਅੱਜ ਇੱਕ ਪ੍ਰਮੁੱਖ ਮੈਡੀਕਲ ਸੰਸਥਾ ਦੇ ਰੂਪ ਵਿੱਚ ਵਿਕਸਿਤ ਹੋ ਚੁੱਕਿਆ ਹੈ, ਜਿੱਥੇ ਹੁਣ 200 ਐੱਮਬੀਬੀਐੱਸ ਸੀਟਾਂ ਅਤੇ 1,119 ਤੋਂ ਅਧਿਕ ਬੈੱਡ ਹਨ। ਸੰਸਥਾ ਵਿੱਚ ਅੰਡਰਗ੍ਰੈਜੁਏਟ, ਪੋਸਟ ਗ੍ਰੈਜੂਏਟ ਅਤੇ ਸੁਪਰ-ਸਪੈਸ਼ਲਿਟੀ ਕੋਰਸ ਵੀ ਸੰਚਾਲਿਤ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਮੈਡੀਕਲ ਸ਼੍ਰੇਣੀ ਦੇ ਤਹਿਤ ਇੰਡੀਆ ਟੂਡੇ ਰੈਂਕਿੰਗ 2026 ਵਿੱਚ ਰਾਸ਼ਟਰੀ ਪੱਧਰ 'ਤੇ 15ਵਾਂ ਸਥਾਨ ਪ੍ਰਾਪਤ ਕਰਨ ਲਈ ਜੀਐੱਮਸੀਐੱਚ-32 ਨੂੰ ਵਧਾਈ ਦਿੱਤੀ।

ਪ੍ਰਸ਼ਾਸਕ ਨੇ ਕਿਹਾ ਕਿ ਕਿਸੇ ਮੈਡੀਕਲ ਸੰਸਥਾ ਦੀ ਵਾਸਤਵਿਕ ਪਹਿਚਾਣ ਕੇਵਲ ਉਸ ਦੀ ਰੈਂਕਿੰਗ ਜਾਂ ਸੁਵਿਧਾਵਾਂ ਨਾਲ ਨਹੀਂ ਹੁੰਦੀ, ਬਲਕਿ ਬਿਹਤਰ ਮਰੀਜ਼ ਦੇਖਭਾਲ, ਉਪਯੋਗੀ ਖੋਜ, ਉੱਚ ਗੁਣਵੱਤਾ ਵਾਲੀ ਸਿੱਖਿਆ ਅਤੇ ਸੰਵੇਦਨਸ਼ੀਲ ਸੇਵਾ ਨਾਲ ਹੁੰਦੀ ਹੈ। ਉਨ੍ਹਾਂ ਨੇ ਖੋਜ ਅਤੇ ਇਨੋਵੇਸ਼ਨ, ਮਰੀਜ਼-ਕੇਂਦ੍ਰਿਤ ਸਿੱਖਿਆ, ਐਮਰਜੈਂਸੀ ਅਤੇ ਗੰਭੀਰ ਚਿਕਿਤਸਾ ਸੇਵਾਵਾਂ, ਪ੍ਰਭਾਵੀ ਸ਼ਿਕਾਇਤ ਨਿਵਾਰਣ ਅਤੇ ਆਰਟੀਫਿਸ਼ਲ ਇੰਟੈਲੀਜੈਂਸ (ਏਆਈ) ਅਤੇ ਡਿਜੀਟਲ ਤਕਨੀਕਾਂ ਦੇ ਜ਼ਿੰਮੇਦਾਰ ਉਪਯੋਗ 'ਤੇ ਅਧਿਕ ਧਿਆਨ ਦੇਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਤਕਨੀਕ ਦੇ ਵਧਦੇ ਉਪਯੋਗ ਦੇ ਬਾਵਜੂਦ ਸਿਹਤ ਸੇਵਾਵਾਂ ਵਿੱਚ ਮਾਨਵੀ ਸੰਵੇਦਨਾ ਅਤੇ ਮਰੀਜ਼ਾਂ ਨਾਲ ਵਿਅਕਤੀਗਤ ਜੁੜਾਅ ਬਣਿਆ ਰਹਿਣਾ ਚਾਹੀਦਾ ਹੈ।

ਮੁੱਖ ਸਕੱਤਰ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵ੍ਹਾਇਟ ਕੋਟ ਸਮਾਰੋਹ ਦੀ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਚੰਡੀਗੜ੍ਹ ਦੀਆਂ ਸਿਹਤ ਸੇਵਾਵਾਂ 'ਤੇ ਗੁਆਂਢੀ ਰਾਜਾਂ ਦੇ ਮਰੀਜ਼ ਵੀ ਭਰੋਸਾ ਕਰਦੇ ਹਨ। ਜੀਐੱਮਸੀਐੱਚ-32 ਦਾ ਉਲੇਖ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਹਸਪਤਾਲ ਰੋਜ਼ਾਨਾ 6,000 ਤੋਂ ਅਧਿਕ ਮਰੀਜ਼ ਇਲਾਜ ਲਈ ਆਉਂਦੇ ਹਨ। ਉਨ੍ਹਾਂ ਨੇ ਚਿਕਿਤਸਾ ਨੂੰ ਇੱਕ ਉੱਤਮ ਸੇਵਾ ਦੱਸਦੇ ਹੋਏ ਕਿਹਾ ਕਿ ਡਾਕਟਰਾਂ ਲਈ ਜੀਵਨ ਭਰ ਸਿੱਖਦੇ ਰਹਿਣਾ ਜ਼ਰੂਰੀ ਹੈ।

ਇਸ ਤੋਂ ਪਹਿਲਾਂ ਗ੍ਰਹਿ ਸਕੱਤਰ ਨੇ ਮਰੀਜ਼ਾਂ ਦੀ ਗੱਲ ਧਿਆਨ ਨਾਲ ਸੁਣਨ ਅਤੇ ਉਨ੍ਹਾਂ ਨਾਲ ਵਿਅਕਤੀਗਤ ਜੁੜਾਅ ਬਣਾਉਣ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਮਰੀਜ਼ਾਂ ਨਾਲ ਵਿਸ਼ਵਾਸ ਦਾ ਸਬੰਧ ਬਣਾਉਣ ਨਾਲ ਉਨ੍ਹਾਂ ਦੇ ਇਲਾਜ ਅਤੇ ਤੰਦਰੁਸਤ ਹੋਣ ਵਿੱਚ ਮਦਦ ਮਿਲਦੀ ਹੈ।

ਮੁੱਖ ਸਕੱਤਰ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਚੰਡੀਗੜ੍ਹ ਦੇ ਭਰੋਸੇਯੋਗ ਸਿਹਤ ਸੰਭਾਲ ਬੁਨਿਆਦੀ ਢਾਂਚੇ 'ਤੇ ਚਾਨਣਾ ਪਾਇਆ, ਇਹ ਨੋਟ ਕਰਦੇ ਹੋਏ ਕਿ 7$38-32 ਰੋਜ਼ਾਨਾ 6,000 ਤੋਂ ਵੱਧ ਮਰੀਜ਼ਾਂ ਦੀ ਦੇਖਭਾਲ ਕਰਦਾ ਹੈ। ਉਨ੍ਹਾਂ ਨੇ ਦਵਾਈ ਨੂੰ ਇੱਕ ਉੱਤਮ ਪੇਸ਼ੇ ਵਜੋਂ ਦੱਸਿਆ ਜਿਸ ਵਿੱਚ ਜੀਵਨ ਭਰ ਸਿੱਖਣ ਦੀ ਲੋੜ ਹੁੰਦੀ ਹੈ।

ਸਮਾਰੋਹ ਦਾ ਇੱਕ ਪ੍ਰਮੁੱਖ ਆਕਰਸ਼ਣ ਜੀਐੱਮਸੀਐੱਚ ਦੇ ਪਹਿਲੇ ਕਾਲਜ ਐਂਥਮ ਅਤੇ ਵਾਰਸ਼ਿਕ ਮੈਗਜ਼ੀਨ, ਗਲਿੰਪਸ ਦਾ ਰਿਲੀਜ਼ ਰਿਹਾ। ਮੈਡੀਕਲ ਅਤੇ ਪੈਰਾ ਮੈਡੀਕਲ ਕੋਰਸਾਂ ਦੇ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਵੀ ਪ੍ਰਸਤੁਤ ਕੀਤਾ।

## ਪੀ.ਆਰ.ਟੀ.ਸੀ. ਦੇ ਕਰੀਬ 2,000 ਆਊਟਸੋਰਸ ਕਰਮਚਾਰੀਆਂ ਨੂੰ ਝਟਕਾ, ਨਿਯਮਤੀਕਰਨ ਦੇ ਸਿੰਗਲ ਜੱਜ ਦੇ ਹੁਕਮ 'ਤੇ ਹਾਈ ਕੋਰਟ ਦੀ ਰੋਕ

**ਪਟਿਆਲਾ, 10 ਸਤੰਬਰ**
**-ਜੀ. ਐਸ. ਤੁੰਗ-**

: ਪੀ.ਆਰ.ਟੀ.ਸੀ. ਦੇ ਆਊਟਸੋਰਸ ਕਰਮਚਾਰੀਆਂ ਦੇ ਨਿਯਮਤੀਕਰਨ ਨਾਲ ਜੁੜੇ ਮਾਮਲੇ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਕਰਮਚਾਰੀਆਂ ਨੂੰ ਝਟਕਾ ਲੱਗਾ ਹੈ। ਹਾਈ ਕੋਰਟ ਨੇ ਸਿੰਗਲ ਜੱਜ ਵੱਲੋਂਪੀ.ਆਰ.ਟੀ.ਸੀ. ਦੇ ਆਊਟਸੋਰਸ ਕਰਮਚਾਰੀਆਂ ਦੀਆਂ ਸੇਵਾਵਾਂ ਨਿਯਮਤ ਕਰਨ ਸਬੰਧੀ ਦਿੱਤੇ ਹੁਕਮ 'ਤੇ ਰੋਕ ਲਗਾ ਦਿੱਤੀ ਹੈ। ਇਸ ਫੈਸਲੇ ਦਾ ਅਸਰ ਕਰੀਬ 2,000 ਆਊਟਸੋਰਸ ਕਰਮਚਾਰੀਆਂ 'ਤੇ ਪੈਣ ਦੀ ਗੱਲ ਸਾਹਮਣੇ ਆਈ ਹੈ। ਇਹ ਮਾਮਲਾ ਉਨ੍ਹਾਂ ਕਰਮਚਾਰੀਆਂ ਨਾਲ ਸਬੰਧਤ ਹੈ ਜੋ ਨਿੱਜੀ ਏਜੰਸੀਆਂ ਰਾਹੀਂ PRTC ਵਿੱਚ ਆਊਟਸੋਰਸ ਆਧਾਰ 'ਤੇ ਕੰਮ ਕਰ ਰਹੇ ਹਨ। ਕਰਮਚਾਰੀ ਲੰਬੇ ਸਮੇਂ ਤੋਂ ਆਪਣੀਆਂ ਸੇਵਾਵਾਂ ਨੂੰ ਨਿਯਮਤ ਕਰਨ ਦੀ ਮੰਗ ਕਰਦੇ ਆ ਰਹੇ ਹਨ। ਇਸ ਮਾਮਲੇ ਵਿੱਚ ਸਿੰਗਲ ਜੱਜ ਵੱਲੋਂ ਪਹਿਲਾਂ ਕਰਮਚਾਰੀਆਂ ਦੇ ਹੱਕ ਵਿੱਚ ਫੈਸਲਾ ਦਿੰਦਿਆਂ ਉਨ੍ਹਾਂ ਦੀਆਂ ਸੇਵਾਵਾਂ ਨੂੰ ਨਿਯਮਤ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਇਸ ਹੁਕਮ ਨੂੰ ਪੀ.ਆਰ.ਟੀ.ਸੀ. ਸਰਕਾਰ ਵੱਲੋਂ ਚੁਣੌਤੀ ਦਿੱਤੀ ਗਈ। ਇਸ ਤੋਂ ਬਾਅਦ ਹਾਈ ਕੋਰਟ ਦੀ ਡਿਵੀਜ਼ਨ ਬੈਂਚ ਨੇ ਸਿੰਗਲ ਜੱਜ ਦੇ ਹੁਕਮ 'ਤੇ ਰੋਕ ਲਗਾ ਦਿੱਤੀ। ਮਾਮਲੇ ਵਿੱਚ ਮੁੱਖ ਕਾਨੂੰਨੀ ਸਵਾਲ ਇਹ ਹੈ ਕਿ ਨਿੱਜੀ ਆਊਟਸੋਰਸਿੰਗ ਏਜੰਸੀ ਰਾਹੀਂ ਕੀਤੀ ਗਈ ਨਿਯੁਕਤੀ ਨੂੰ ਕੀ ਸਿੱਧੇ ਤੌਰ 'ਤੇ PRTC ਦੀ ਨਿਯੁਕਤੀ ਮੰਨਿਆ ਜਾ ਸਕਦਾ ਹੈ ਅਤੇ ਕੀ ਲੰਬੇ ਸਮੇਂ ਤੱਕ ਸੇਵਾ ਨਿਭਾਉਣ ਦੇ ਆਧਾਰ 'ਤੇ ਕਰਮਚਾਰੀਆਂ ਨੂੰ ਨਿਯਮਤੀਕਰਨ ਦਾ ਹੱਕ ਮਿਲ ਸਕਦਾ ਹੈ। ਹਾਈ ਕੋਰਟ ਦੀ ਰੋਕ ਤੋਂ ਬਾਅਦ PRTC ਦੇ ਆਊਟਸੋਰਸ ਕਰਮਚਾਰੀਆਂ ਦੀਆਂ ਨਿਯਮਤੀਕਰਨ ਸਬੰਧੀ ਉਮੀਦਾਂ ਨੂੰ ਵੱਡਾ ਝਟਕਾ ਲੱਗਾ ਹੈ। ਹਾਲਾਂਕਿ, ਇਸ ਨੂੰ ਕਰਮਚਾਰੀਆਂ ਦੀ ਮੰਗ ਦਾ ਅੰਤਿਮ ਖਾਰਜ ਹੋਣਾ ਨਹੀਂ ਕਿਹਾ ਜਾ ਸਕਦਾ, ਕਿਉਂਕਿ ਮਾਮਲੇ ਵਿੱਚ ਅਗਲੀ ਨਿਆਂਇਕ ਕਾਰਵਾਈ ਅਜੇ ਮਹੱਤਵਪੂਰਨ ਰਹੇਗੀ।

## ਸੁਰਜੀਤ ਸਿੰਘ ਵਾਲੀਆ ਦੀ ਏਸ਼ੀਅਨ ਗੇਮਜ਼ ਜਪਾਨ 2026 ਲਈ ਕੁਰਾਸ਼ ਖੇਡ ਦੇ ਰੈਫਰੀ ਵਜੋਂ ਚੋਣ ਹੋਈ

**ਪਟਿਆਲਾ, 10 ਸਤੰਬਰ**
**-ਛਤਰਪਾਲ ਸਿੰਘ-**

ਜ਼ਿਲ੍ਹਾ ਸਕੂਲ ਟੂਰਨਾਮੈਂਟ ਦੇ ਸਕੱਤਰ ਤੇ ਜੂਡੋ ਐਸੋਸੀਏਸ਼ਨ ਪੰਜਾਬ ਦੇ ਸੀਨੀਅਰ ਵਾਈਸ ਪ੍ਰੈਜ਼ੀਡੈਂਟ ਚਰਨਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਨਾ ਸਿਰਫ਼ ਪਟਿਆਲੇ ਲਈ ਸਗੋਂ ਪੰਜਾਬ ਤੇ ਭਾਰਤੀ ਕੁਰਾਸ਼ ਖੇਡ ਜਗਤ ਲਈ ਵੀ ਬਹੁਤ ਹੀ ਮਾਣ ਗੱਲ ਹੈ ਕਿ ਪਟਿਆਲੇ ਜ਼ਿਲ੍ਹਾ ਦੇ ਸੁਰਜੀਤ ਸਿੰਘ ਵਾਲੀਆ ਕੁਰਾਸ਼ ਖੇਡ ਦੇ ਏਸ਼ੀਅਨ ਗੇਮਜ਼ ਜਪਾਨ 2026 ਲਈ ਅੰਤਰਰਾਸ਼ਟਰੀ ਰੈਫਰੀ ਵੱਜੋਂ ਸਿਲੈਕਟ ਹੋਏ ਹਨ। ਸੁਰਜੀਤ ਸਿੰਘ ਵਾਲੀਆ ਕੁਰਾਸ਼ ਐਸੋਸੀਏਸ਼ਨ ਆਫ ਪੰਜਾਬ ਦੇ ਜਨਰਲ ਸਕੱਤਰ ਵੀ ਅਤੇ ਸਾਹਿਬ ਨਗਰ ਥੇੜੀ ਵਿਖੇ ਕੁਰਾਸ਼ ਤੇ ਜੂਡੋ ਦਾ ਸੈਂਟਰ ਵੀ ਚਲਾਉਂਦੇ ਹਨ। ਇਹਨਾਂ ਦੀ ਕੋਚਿੰਗ ਹੇਠ ਜੂਡੋ ਤੇ ਕੁਰਾਸ਼ ਦੇ ਖਿਡਾਰੀਆਂ ਨੇ ਪਟਿਆਲੇ ਦਾ ਨਾਮ ਸਟੇਟ ਪੱਧਰ/ਨੈਸ਼ਨਲ ਪੱਧਰ ਤੇ ਸੈਂਟਰ ਦਾ ਨਾਮ ਚਮਕਾ ਰਹੇ ਹਨ।ਇਸ ਮੌਕੇ ਅਰੁਣ ਕੁਮਾਰ, ਕੁਲਵਿੰਦਰ ਸਿੰਘ ਬਾਠ, ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

## ਬੱਚਿਆਂ ਖ਼ਿਲਾਫ਼ ਅਪਰਾਂਧਾ ਦੀ ਕਰੂਰਤਾ ਬਾਰੇ ਨਾਵਲ ਰਿਲੀਜ਼



**ਚੰਡੀਗੜ੍ਹ, 10 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਦੇ ਗੁਰੂ ਗ੍ਰੰਥ ਸਾਹਿਬ ਭਵਨ ਵਿੱਚ ਇੰਗਲੈਂਡ ਤੋਂ ਆਈ ਲੇਖਿਕਾ ਸਿਮਰਜੀਤ ਕੌਰ ਦਾ ਅੰਗਰੇਜ਼ੀ ਨਾਵਲ (ਹਰਵੀਰ ਸਿੰਘ ਫਾਰਐਵਰ ਫਾਈਵ) Harvir Singh – forever Five ਰਿਲੀਜ਼ ਕੀਤਾ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬ ਮਨੁੱਖੀ ਅਧਿਕਾਰ ਸੰਗਠਨ ਦੇ ਚੇਅਰਮੈਨ ਜਸਟਿਸ ਰਣਜੀਤ ਸਿੰਘ, ਡਾ. ਪਿਆਰਾ ਲਾਲ ਗਰਗ, ਜਥੇਦਾਰ ਜਗਜੀਤ ਸਿੰਘ ਰਤਨਗੜ੍ਹ ਵੱਲੋਂ ਕੀਤੀ ਗਈ। ਸਟੇਜ ਦਾ ਸੰਚਾਲਨ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਦੇ ਜਨਰਲ ਸਕੱਤਰ ਡਾ. ਖੁਸ਼ਹਾਲ ਸਿੰਘ ਵੱਲੋਂ ਕੀਤਾ ਗਿਆ।


ਨਾਵਲ 'ਤੇ ਬੋਲਦਿਆਂ ਸੀਨੀਅਰ ਪੱਤਰਕਾਰ ਜਸਪਾਲ ਸਿੰਘ ਸਿੱਧੂ ਨੇ ਕਿਹਾ ਕਿ ਪਿਛਲੇ ਸਾਲ ਇਕ ਪ੍ਰਵਾਸੀ ਮਜ਼ਦੂਰ ਵੱਲੋਂ ਪੰਜ ਸਾਲ ਦੇ ਹਰਵੀਰ ਸਿੰਘ ਨੂੰ ਅਗਵਾ ਕਰਕੇ ਕਤਲ ਕਰ ਦਿੱਤਾ ਸੀ, ਉਸ ਵਕਤ ਸਾਰੇ ਪ੍ਰਵਾਸੀਆਂ ਨੂੰ ਗੁੱਸੇ ਦਾ ਨਿਸ਼ਾਨਾ ਬਣਾਇਆ ਗਿਆ ਸੀ। ਅਸੀਂ ਉਸ ਵਕਤ ਵੀ ਕਿਹਾ ਸੀ ਕਿ ਪੰਜਾਬ ਵਿੱਚ ਪੰਜਾਬੀਆਂ ਵੱਲੋਂ ਵੀ ਬੱਚਿਆਂ ਨਾਲ ਅਪਰਾਧ ਕੀਤੇ ਜਾਂਦੇ ਹਨ। ਇਹਨਾਂ ਦੀ ਰੋਕਥਾਮ ਲਈ ਯਤਨ ਹੋਣੇ ਚਾਹੀਦੇ ਹਨ।

ਸਿੱਖ ਚਿੰਤਕ ਤੇ ਲੇਖਕ ਰਾਜਵਿੰਦਰ ਸਿੰਘ ਰਾਹੀ ਨੇ ਕਿਹਾ ਕਿ ਪੂਰੇ ਭਾਰਤ ਵਿੱਚ ਹਰ ਸਾਲ ਲੱਖਾਂ ਬੱਚੇ ਲਾਪਤਾ ਹੋ ਜਾਂਦੇ ਹਨ, ਜਿਨ੍ਹਾਂ ਨੂੰ ਲੱਭਣ ਲਈ ਸਰਕਾਰਾਂ ਕੋਈ ਯਤਨ ਨਹੀਂ ਕਰਦੀਆਂ। ਬਹੁਤ ਸਾਰੇ ਗਰੋਹ ਬੱਚਿਆਂ ਨੂੰ ਲਾਪਤਾ ਕਰਨ ਲਈ ਸਰਗਰਮ ਹਨ। ਹਸਪਤਾਲਾਂ ਵਿੱਚੋਂ ਵੀ ਨਵਜੰਮੇ ਬੱਚਿਆਂ ਨੂੰ ਅਗਵਾ ਕਰ ਲਿਆ ਜਾਂਦਾ ਹੈ। ਉਹਨਾਂ ਕਿਹਾ ਕਿ ਮਾਸੂਮ ਬੱਚੇ ਹਰਵੀਰ ਸਿੰਘ ਦੀ ਮੌਤ ਨੇ ਸੰਵੇਦਨਸ਼ੀਲ ਬੰਦਿਆਂ ਨੂੰ ਧੁਰ ਅੰਦਰ ਤੱਕ ਹਿਲਾ ਦਿੱਤਾ ਸੀ। ਸਿਮਰਜੀਤ ਕੌਰ ਨੇ ਇਕ ਔਰਤ ਹੋਣ ਦੇ ਨਾਤੇ, ਮਾਤਾਵਾਂ ਦੇ ਦਰਦ ਨੂੰ ਬਾਖੂਬੀ ਬਿਆਨ ਕੀਤਾ ਹੈ।

ਦਲਜਿੰਦਰ ਕੌਰ ਨੇ ਇਸ ਨਾਵਲ ਬਾਰੇ ਵਿਸਤਾਰਪੂਰਵਕ ਪੇਪਰ ਪੜ੍ਹਿਆ। ਨਾਵਲ 'ਤੇ ਬੋਲਦਿਆਂ ਡਾ. ਪਿਆਰਾ ਲਾਲ ਗਰਗ ਨੇ ਕਿਹਾ ਕਿ ਬੱਚਿਆ ਖ਼ਿਲਾਫ਼ ਹੋਣ ਵਾਲੇ ਅਪਰਾਧਾਂ ਨੂੰ ਕਿਸੇ ਫਿਰਕੇ, ਜਾਤ ਜਾਂ ਕੌਮ ਨਾਲ ਨਹੀਂ ਜੋੜਿਆ ਜਾ ਸਕਦਾ। ਇਹ ਅਪਰਾਧਕ ਬਿਰਤੀ ਵਾਲੇ ਬੰਦਿਆਂ ਦੇ ਕਾਰੇ ਹੁੰਦੇ ਹਨ। ਉਨ੍ਹਾਂ ਨੇ ਕਿਹਾ ਕਿ ਬੱਚਿਆ ਲਈ ਭਾਵੇਂ ਕਮਿਸ਼ਨ ਬਣਿਆ ਹੋਇਆ ਹੈ ਪਰ ਭਾਰਤ ਵਿੱਚ ਹਰ ਸਾਲ ਲੱਖਾਂ ਬੱਚੇ ਕੁਪੋਸ਼ਣ ਅਤੇ ਬੀਮਾਰੀਆਂ ਨਾਲ ਮਰ ਜਾਂਦੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾਂ ਪੱਤਰਕਾਰ ਸਰਬਜੀਤ ਸਿੰਘ ਧਾਲੀਵਾਲ, ਡਾ. ਸੰਦੀਪ ਕੌਰ ਸੇਖੋਂ, ਕੁਲਬੀਰ ਕੌਰ ਧਾਮੀ ਆਦਿ ਹਾਜ਼ਰ ਹੋਏ।

## ਅੰਬੇਦਕਰ ਦੇ ਬੁੱਤ ਦੀ ਬੇਅਦਬੀ ਖ਼ਿਲਾਫ਼ ਜਲੰਧਰ 'ਚ ਮੁਕੰਮਲ ਬੰਦ: ਬਾਜ਼ਾਰ ਰਹੇ ਪੂਰੀ ਤਰ੍ਹਾਂ ਠੱਪ

**ਜਲੰਧਰ, 10 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਲੁਧਿਆਣਾ ਵਿਖੇ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਦੀ ਹੋਈ ਬੇਅਦਬੀ ਦੇ ਵਿਰੋਧ ਵਿੱਚ ਅੱਜ ਅੰਬੇਡਕਰਵਾਦੀ, ਦਲਿਤ, ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਬੰਦ ਦੇ ਸੱਦੇ 'ਤੇ ਜਲੰਧਰ ਵਿੱਚ ਮੁਕੰਮਲ ਬੰਦ ਦੇਖਣ ਨੂੰ ਮਿਲਿਆ। ਬੰਦ ਦੇ ਸਮਰਥਨ ਵਿੱਚ ਸ਼ਹਿਰ ਦੇ ਮੁੱਖ ਬਾਜ਼ਾਰ, ਦੁਕਾਨਾਂ ਅਤੇ ਵਪਾਰਕ ਅਦਾਰੇ ਪੂਰੀ ਤਰ੍ਹਾਂ ਬੰਦ ਰਹੇ। ਕਈ ਇਲਾਕਿਆਂ ਦੀਆਂ ਸੜਕਾਂ 'ਤੇ ਸੁੰਨਸਾਨ ਵਰਗਾ ਮਾਹੌਲ ਬਣਿਆ ਰਿਹਾ। ਜ਼ਿਕਰਯੋਗ ਹੈ ਕਿ ਭਗਵਾਨ ਵਾਲਮੀਕਿ ਸ਼ਕਤੀ ਕ੍ਰਾਂਤੀ ਸੈਨਾ ਪੰਜਾਬ, ਭੀਮ ਕ੍ਰਾਂਤੀ ਸੈਨਾ ਅਤੇ ਹੋਰ ਜਥੇਬੰਦੀਆਂ ਵੱਲੋਂ ਵੀਰਵਾਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਜਲੰਧਰ ਬੰਦ ਰੱਖਣ ਦਾ ਐਲਾਨ ਕੀਤਾ ਗਿਆ ਸੀ। ਇਸ ਦੌਰਾਨ ਬਹੁਜਨ ਸਮਾਜ ਪਾਰਟੀ (ਬਸਪਾ) ਅਤੇ ਕਾਂਗਰਸ ਦੇ ਵਰਕਰਾਂ ਵੱਲੋਂ ਵੀ ਜ਼ਿਲ੍ਹੇ ਅੰਦਰ ਧਰਨੇ-ਪ੍ਰਦਰਸ਼ਨ ਕੀਤੇ ਗਏ ਅਤੇ ਘਟਨਾ ਖ਼ਿਲਾਫ਼ ਰੋਸ ਪ੍ਰਗਟਾਇਆ ਗਿਆ।

ਬਸਪਾ ਦੇ ਸੂਬਾ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਨੇ ਆਖਿਆ ਕਿ ਬਾਬਾ ਸਾਹਿਬ ਅੰਬੇਡਕਰ ਦੇ ਬੁੱਤਾਂ ਦੀ ਬੇਅਦਬੀ ਦੀਆਂ ਘਟਨਾਵਾਂ ਲਗਾਤਾਰ ਵਾਪਰ ਰਹੀਆਂ ਹਨ ਅਤੇ ਉਹ ਬਾਰ-ਬਾਰ ਇਸ ਮੁੱਦੇ ਨੂੰ ਚੁੱਕ ਰਹੇ ਹਨ, ਜੋ ਕਿ ਸੂਬੇ ਦੀ ਅਮਨ-ਕਾਨੂੰਨ ਦੀ ਸਥਿਤੀ 'ਤੇ ਵੱਡੇ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਅਜਿਹੇ ਸ਼ਰਾਰਤੀ ਅਨਸਰਾਂ 'ਤੇ ਨਕੇਲ ਕੱਸਣ 'ਚ ਨਾਕਾਮ ਰਹੀਆਂ ਹਨ। ਉਨ੍ਹਾਂ ਮੰਗ ਕੀਤੀ ਕਿ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਸਾਰੇ ਬੁੱਤਾਂ ਦੇ ਆਲੇ-ਦੁਆਲੇ ਸੀਸੀਟੀਵੀ (33“ੑ) ਕੈਮਰੇ ਲਗਾਏ ਜਾਣ।

ਕਾਂਗਰਸੀ ਕੌਂਸਲਰ ਸ਼ੇਰੀ ਚੱਢਾ ਨੇ ਵੀ ਰੋਸ ਜਤਾਉਂਦਿਆਂ ਕਿਹਾ ਕਿ ਉਹ ਬੀਤੇ ਦਿਨ ਤੋਂ ਹੀ ਅੰਬੇਡਕਰ ਚੌਂਕ 'ਚ ਮਾਰਚ ਕੱਢ ਕੇ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਨੂੰ ਅੰਜਾਮ ਦੇਣ ਵਾਲੇ ਦੋਸ਼ੀ ਵਾਰ-ਵਾਰ ਬਚ ਨਿਕਲਦੇ ਹਨ, ਜੋ ਕਿ ਬਹੁੱਤ ਗੰਭੀਰ ਚਿੰਤਾ ਦਾ ਵਿਸ਼ਾ ਹੈ। ਇਸ ਬੰਦ ਦੌਰਾਨ ਸਿਟੀ ਵਾਲਮੀਕਿ ਸਭਾ (ਰਜਿ.), ਜਲੰਧਰ ਵੱਲੋਂ ਡਿਪਟੀ ਕਮਿਸ਼ਨਰ ਅਤੇ ਪੁਲੀਸ ਕਮਿਸ਼ਨਰ ਜਲੰਧਰ ਨੂੰ ਇੱਕ ਮੰਗ ਪੱਤਰ ਵੀ ਸੌਂਪਿਆ ਗਿਆ। ਸਭਾ ਨੇ ਮੰਗ ਕੀਤੀ ਕਿ ਸ਼ਹਿਰ 'ਚ ਜਿੱਥੇ ਵੀ ਡਾ. ਅੰਬੇਡਕਰ ਅਤੇ ਹੋਰ ਮਹਾਨ ਸ਼ਖ਼ਸੀਅਤਾਂ ਦੇ ਬੁੱਤ, ਧਾਰਮਿਕ ਅਸਥਾਨ ਅਤੇ ਮੁੱਖ ਚੌਂਕ ਹਨ, ਉੱਥੇ ਪੁਖ਼ਤਾ ਸੁਰੱਖਿਆ ਪ੍ਰਬੰਧ ਕੀਤੇ ਜਾਣ। ਉਨ੍ਹਾਂ ਮੰਗ ਕੀਤੀ ਕਿ ਸੰਵੇਦਨਸ਼ੀਲ ਥਾਵਾਂ 'ਤੇ ਸੀਸੀਟੀਵੀ ਕੈਮਰੇ ਲਗਾ ਕੇ ਲਗਾਤਾਰ ਨਿਗਰਾਨੀ ਕੀਤੀ ਜਾਵੇ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਅਣਸੁਖਾਵੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ।

## ਮਹਿਲਾਵਾਂ ਲਈ 13 ਸਤੰਬਰ ਨੂੰ ਲੱਗੇਗਾ ਵਿਸ਼ੇਸ਼ ਮੈਗਾ ਹੈਲਥ ਕੈਂਪ

**ਲੁਧਿਆਣਾ, 10 ਸਤੰਬਰ**
**-ਜਗਮੇਲ ਸਿੰਘ ਢਿਲੋਂ-**



ਬੰਧੂ ਹੈਲਪਿੰਗ ਹੈਂਡਜ਼ ਫਾਊਂਡੇਸ਼ਨ ਵੱਲੋਂ ਲੀਫੋਰਡ ਹੈਲਥ ਕੇਅਰ ਦੇ ਸਹਿਯੋਗ ਨਾਲ 13 ਸਤੰਬਰ, ਐਤਵਾਰ ਨੂੰ ਮਹਿਲਾਵਾਂ ਲਈ ਵਿਸ਼ੇਸ਼ ਮੈਗਾ ਹੈਲਥ ਕੈਂਪ ਲਗਾਇਆ ਜਾ ਰਿਹਾ ਹੈ। ਕੈਂਪ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਹਰਚਰਨ ਨਗਰ, ਗਲੀ ਨੰਬਰ 3, ਸ਼ਿੰਗਾਰ ਸਿਨੇਮਾ ਨੇੜੇ, ਕਾਰਪੋਰੇਸ਼ਨ ਜ਼ੋਨ-ਬੀ ਵਿਖੇ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਲੱਗੇਗਾ।

ਫਾਊਂਡੇਸ਼ਨ ਦੀ ਡਾਇਰੈਕਟਰ ਸਮਰਤਾ ਕੌਰ ਨੇ ਦੱਸਿਆ ਕਿ ਕੈਂਪ ਵਿੱਚ ਮੋਹਨ ਦਈ ਓਸਵਾਲ ਸੁਪਰ-ਸਪੈਸ਼ਲਿਟੀ ਹਸਪਤਾਲ ਦੇ ਮਾਹਿਰ ਡਾਕਟਰਾਂ ਵੱਲੋਂ ਮਹਿਲਾਵਾਂ ਦੀ ਸਿਹਤ ਜਾਂਚ ਅਤੇ ਮੁਫ਼ਤ ਸਲਾਹ ਦਿੱਤੀ ਜਾਵੇਗੀ। ਲੋੜਵੰਦ ਮਹਿਲਾਵਾਂ ਨੂੰ ਮੁਫ਼ਤ ਦਵਾਈਆਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ। ਪ੍ਰਬੰਧਕਾਂ ਨੇ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਕੈਂਪ ਦਾ ਲਾਭ ਲੈਣ।

## ਈਡੀ ਵੱਲੋਂ ਪੰਜਾਬ ਦੇ ਸਾਬਕਾ ਮੁੱਖ ਸਕੱਤਰ ਅਨੁਰਾਗ ਵਰਮਾ ਤੋਂ ਪੁੱਛਗਿੱਛ

**ਜਲੰਧਰ, 10 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਐਂਨਫੋਰਸਮੈਂਟ ਡਾਇਰੈਕਟੋਰੇਟ ਨੇ ਬੁੱਧਵਾਰ ਨੂੰ ਪੰਜਾਬ ਦੇ ਸਾਬਕਾ ਮੁੱਖ ਸਕੱਤਰ ਅਤੇ ਸੀਨੀਅਰ ਆਈਏਐਸ ਅਧਿਕਾਰੀ ਅਨੁਰਾਗ ਵਰਮਾ ਦਾ ਬਿਆਨ ਦਰਜ ਕੀਤਾ ਹੈ। ਇਹ ਪੁੱਛਗਿੱਛ ਬਿਲਡਰਾਂ ਅਤੇ ਨਿੱਜੀ ਰੀਅਲ ਅਸਟੇਟ ਪ੍ਰੋਜੈਕਟਾਂ ਨੂੰ ਲਾਭ ਪਹੁੰਚਾਉਣ ਲਈ ਜ਼ਮੀਨ ਦੀ ਵਰਤੋਂ ਤਬਦੀਲ ਕਰਨ (3*") ਦੀਆਂ ਮਨਜ਼ੂਰੀਆਂ ਵਿੱਚ ਹੋਈਆਂ ਕਥਿਤ ਗੜਬੜੀਆਂ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਦੇ ਸਬੰਧ ਵਿੱਚ ਕੀਤੀ ਗਈ ਹੈ।

ਮੌਜੂਦਾ ਸਮੇਂ ਪੰਜਾਬ ਦੇ ਵਧੀਕ ਮੁੱਖ ਸਕੱਤਰ (ਮਾਲ) ਵਜੋਂ ਸੇਵਾ ਨਿਭਾ ਰਹੇ ਅਨੁਰਾਗ ਵਰਮਾ ਪੁੱਛਗਿੱਛ ਦੌਰਾਨ ਆਪਣੇ ਨਾਲ ਕੁਝ ਮਹੱਤਵਪੂਰਨ ਦਸਤਾਵੇਜ਼ ਵੀ ਲੈ ਕੇ ਆਏ ਸਨ। ਜਾਂਚ ਅਧਿਕਾਰੀਆਂ ਅਨੁਸਾਰ, ਉਨ੍ਹਾਂ ਦਾ ਬਿਆਨ ਮਨੀ ਲਾਂਡਰਿੰਗ ਰੋਕੂ ਕਾਨੂੰਨ ( ਦੀਆਂ ਧਾਰਾਵਾਂ ਤਹਿਤ ਰਸਮੀ ਤੌਰ 'ਤੇ ਦਰਜ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ 1993 ਬੈਚ ਦੇ ਆਈਏਐਸ ਅਧਿਕਾਰੀ ਅਨੁਰਾਗ ਵਰਮਾ ਇਸ ਤੋਂ ਪਹਿਲਾਂ ਪੰਜਾਬ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਵਿਭਾਗ ਦੇ ਮੁਖੀ ਵੀ ਰਹਿ ਚੁੱਕੇ ਹਨ।

ਈਡੀ ਦੇ ਅਧਿਕਾਰੀਆਂ ਮੁਤਾਬਕ, ਜਾਂਚ ਏਜੰਸੀ 'ਸਨਟੈਕ ਸਿਟੀ' ਅਤੇ 'ਐਲਟਸ ਸਪੇਸ ਬਿਲਡਰ ਪ੍ਰਾਈਵੇਟ ਲਿਮਟਿਡ' ਵਰਗੇ ਪ੍ਰਮੁੱਖ ਰਿਹਾਇਸ਼ੀ ਪ੍ਰੋਜੈਕਟਾਂ ਦੇ ਲੇਆਉਟ ਨਕਸ਼ਿਆਂ ਵਿੱਚ ਕੀਤੀਆਂ ਗਈਆਂ ਤਬਦੀਲੀਆਂ ਬਾਰੇ ਅਧਿਕਾਰੀ ਤੋਂ ਵਿਸਥਾਰ ਨਾਲ ਜਾਣਕਾਰੀ ਹਾਸਲ ਕਰਨਾ ਚਾਹੁੰਦੀ ਹੈ।

ਮਨੀ ਲਾਂਡਰਿੰਗ ਦਾ ਇਹ ਮਾਮਲਾ ਪੰਜਾਬ ਪੁਲੀਸ ਵੱਲੋਂ ਦਰਜ ਕੀਤੀ ਗਈ ਇੱਕ ਐੱਫ.ਆਈ.ਆਰ. ਤੋਂ ਉਪਜਿਆ ਹੈ। ਇਹ ਸ਼ਿਕਾਇਤ ਸਥਾਨਕ ਕਿਸਾਨਾਂ ਵੱਲੋਂ ਕੀਤੀ ਗਈ ਸੀ, ਜਿਨ੍ਹਾਂ ਦਾ ਦੋਸ਼ ਸੀ ਕਿ ਬਿਲਡਰਾਂ ਵੱਲੋਂ 3*" ਮਨਜ਼ੂਰੀਆਂ ਪ੍ਰਾਪਤ ਕਰਨ ਲਈ ਉਨ੍ਹਾਂ ਦੇ ਜਾਅਲੀ ਦਸਤਖ਼ਤ ਕਰਕੇ ਸਹਿਮਤੀ ਪੱਤਰ ਤਿਆਰ ਕੀਤੇ ਗਏ ਸਨ। ਇਸ ਜਾਂਚ ਦੇ ਹਿੱਸੇ ਵਜੋਂ ਈਡੀ ਨੇ ਚਾਲੂ ਵਰ੍ਹੇ ਮਈ-ਜੂਨ ਮਹੀਨੇ ਵਿੱਚ ਕਈ ਥਾਵਾਂ 'ਤੇ ਛਾਪੇਮਾਰੀ ਕੀਤੀ ਸੀ ਅਤੇ ਇੰਡੀਅਨ ਕੋਆਪਰੇਟਿਵ ਹਾਊਸ ਬਿਲਡਿੰਗ ਸੁਸਾਇਟੀ ਦੇ ਸਕੱਤਰ ਤੇ ਰੀਅਲ ਅਸਟੇਟ ਕਾਰੋਬਾਰੀ ਅਜੇ ਸਹਿਗਲ ਨੂੰ ਗ੍ਰਿਫ਼ਤਾਰ ਵੀ ਕੀਤਾ ਸੀ।

ਜ਼ਿਕਰਯੋਗ ਹੈ ਕਿ ਈਡੀ ਵੱਲੋਂ ਅਨੁਰਾਗ ਵਰਮਾ ਨੂੰ ਸਭ ਤੋਂ ਪਹਿਲਾਂ 31 ਅਗਸਤ ਲਈ ਸੰਮਨ ਜਾਰੀ ਕੀਤਾ ਗਿਆ ਸੀ, ਪਰ ਉਸ ਸਮੇਂ ਉਨ੍ਹਾਂ ਨੇ ਸਮਾਂ ਮੰਗ ਲਿਆ ਸੀ।

## 32ਵਾਂ ਸ੍ਰੀ ਗਣੇਸ਼ ਮਹਾਂਉਤਸਵ 14 ਸਤੰਬਰ ਤੋਂ 25 ਸਤੰਬਰ ਤੱਕ : ਰਾਓ, ਧੂੰਨਾ, ਕੰਡਾ



**ਮੋਗਾ, 10 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਗਣੇਸ਼ ਮਰਾਠਾ ਮੰਡਲ ਸਵਰਨਕਾਰ ਸੰਘ ਰਾਜਪੂਤ ਸਭਾ ਅਤੇ ਸ਼ਹਿਰ ਦੇ ਸਵਰਨਕਾਰਾਂ ਵੱਲੋਂ ਮਿਤੀ 14 ਸਤੰਬਰ ਤੋਂ ਲੈ ਕੇ ਮਿਤੀ 25 ਸਤੰਬਰ ਤੱਕ ਸਰਾਫਾ ਬਾਜ਼ਾਰ ਵਿਖੇ 32ਵਾਂ ਸ੍ਰੀ ਗਣੇਸ਼ ਮਹਾਂਉਤਸਵ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ।ਸ੍ਰੀ ਗਣੇਸ਼ ਮਰਾਠਾ ਮੰਡਲ ਦੇ ਪ੍ਰਧਾਨ ਸੰਪਤ ਰਾਓ ਪਾਟਿਲ ਮੁੰਬਈ ਵਾਲੇ, ਰਾਜਪੂਤ ਸਭਾ ਦੇ ਪ੍ਰਧਾਨ ਸ਼ਮਸ਼ੇਰ ਸਿੰਘ ਧੂੰਨਾ, ਸਵਰਨਕਾਰ ਸਰਾਫਾ ਬਾਜ਼ਾਰ ਦੇ ਪ੍ਰਧਾਨ ਅਜੈ ਕੰਡਾ ਨੇ ਦੱਸਿਆ ਕਿ ਮਿਤੀ 14 ਸਤੰਬਰ ਦਿਨ ਸੋਮਵਾਰ ਨੂੰ ਇੱਥੇ ਭਗਵਾਨ ਸ੍ਰੀ ਗਣੇਸ਼ ਜੀ ਦੀ ਪਵਿੱਤਰ ਮੂਰਤੀ ਸਥਾਪਿਤ ਕੀਤੀ ਜਾਵੇਗੀ, ਮਿਤੀ 17 ਸਤੰਬਰ ਦਿਨ ਵੀਰਵਾਰ ਨੂੰ ਸ਼ਾਮ ਨੂੰ 7:30 ਵਜੇ ਤੋਂ ਲੈ ਕੇ ਰਾਤ 10:30 ਵਜੇ ਤੱਕ ਸੰਕੀਰਤਨ ਸੰਕਟ ਮੋਚਨ ਸੰਕੀਰਤਨ ਮੰਡਲ ਵਾਲੇ ਕਰਨਗੇ। ਮਿਤੀ 25 ਸਤੰਬਰ ਦਿਨ ਸ਼ੁੱਕਰਵਾਰ ਨੂੰ ਸਵੇਰੇ 7 ਵਜੇ ਹਵਨ ਹੋਵੇਗਾ, 9 ਵਜੇ ਖੁੱਲ੍ਹਾ ਲੰਗਰ ਵਰਤਾਇਆ ਜਾਵੇਗਾ ਅਤੇ 2 ਵਜੇ ਦੁਪਹਿਰ ਭਗਵਾਨ ਸ੍ਰੀ ਗਣੇਸ਼ ਮਹਾਰਾਜ ਜੀ ਦੀ ਪਵਿੱਤਰ ਮੂਰਤੀ ਨੂੰ ਬੈਂਡ ਵਾਜਿਆਂ ਅਤੇ ਪਟਾਕੇ ਚਲਾ ਕੇ ਪੂਰੇ ਮਾਣ ਸਨਮਾਨ ਨਾਲ ਹਰੀਕੇ ਪੱਤਣ ਦਰਿਆ ਵਿਚ ਜਲ ਪ੍ਰਵਾਹ ਲਈ ਲਿਜਾਇਆ ਜਾਵੇਗਾ। ਇਸ ਮੌਕੇ ਸੂਰੀਆ, ਰਾਜਾ, ਰਾਜੂ, ਸੰਜੇ, ਜੈ ਸਿੰਘ, ਸ਼ਿਵਾ ਧੂੰਨਾ, ਅਤਿਸ਼ ਆਦਿ ਹਾਜਰ ਸਨ।

## ਗੱਜੂਮਾਜਰਾ, ਸਦਰਪੁਰ ਅਤੇ ਲਲੌਛੀ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ



**ਪਟਿਆਲਾ, 10 ਸਤੰਬਰ**
**-ਵਿਸ਼ਾਲ ਗੁਪਤਾ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਪਟਿਆਲਾ ਦੇ ਪਿੰਡ ਗੱਜੂਮਾਜਰਾ, ਸਦਰਪੁਰ ਅਤੇ ਲਲੌਛੀ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।

ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# ਡਾ. ਬਲਜੀਤ ਕੌਰ ਨੇ ਬਾਲ ਸੰਭਾਲ ਸੰਸਥਾਵਾਂ ਦੀਆਂ ਬੱਚੀਆਂ ਨਾਲ ਮਨਾਈ ਤੀਜ ਤੇ ਰੱਖੜੀ; ਪੰਜਾਬ ਦੇ ਅਮੀਰ ਵਿਰਸੇ ਦੀ ਮਹਿਕ ਦਰਮਿਆਨ ਨਾਰੀ ਸਸ਼ਕਤੀਕਰਨ ਅਤੇ ਬਾਲ ਭਲਾਈ ਦਾ ਦਿੱਤਾ ਸੰਦੇਸ਼

**ਚੰਡੀਗੜ੍ਹ, 10 ਸਤੰਬਰ**
**-ਜੀ. ਐਸ. ਤੁੰਗ-**

ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਅੱਜ ਉਸ ਵੇਲੇ ਆਪਣੇ ਪੂਰੇ ਰੰਗਾਂ ਵਿੱਚ ਖਿੜ ਉੱਠੀ, ਜਦੋਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਸੂਬੇ ਭਰ ਦੀਆਂ ਬਾਲ ਸੰਭਾਲ ਸੰਸਥਾਵਾਂ ਦੀਆਂ ਬੱਚੀਆਂ ਅਤੇ ਨਵਜੀਵਨੀ ਇੰਸਟੀਚਿਊਟ ਆਫ ਸਪੈਸ਼ਲ ਐਜੂਕੇਸ਼ਨ ਅਤੇ ਰਿਸਰਚ ਪਟਿਆਲਾ ਦੀਆਂ ਵਿਸ਼ੇਸ਼ ਯੋਗਤਾ ਵਾਲੀਆਂ ਬੱਚੀਆਂ ਲਈ ਤੀਜ ਤੇ ਰੱਖੜੀ-ਸਹੇਲੀਆਂ ਦਾ ਸਮਾਗਮ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਬੱਚੀਆਂ ਨਾਲ ਮਿਲ ਕੇ ਤੀਜ ਅਤੇ ਰੱਖੜੀ ਦੇ ਪਵਿੱਤਰ ਤਿਉਹਾਰ ਮਨਾਏ ਅਤੇ ਪਿਆਰ, ਸਾਂਝ, ਸਨਮਾਨ ਅਤੇ ਨਾਰੀ ਸ਼ਕਤੀ ਦਾ ਸੰਦੇਸ਼ ਦਿੱਤਾ।



ਸਮਾਗਮ ਦੀ ਭਰਪੂਰ ਸ਼ਲਾਘਾ ਕਰਦਿਆਂ ਡਾ. ਬਲਜੀਤ ਕੌਰ ਨੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀ ਡਾਇਰੈਕਟਰ ਡਾ. ਸ਼ੇਨਾ ਅਗਰਵਾਲ ਅਤੇ ਸਮੁੱਚੀ ਟੀਮ ਨੂੰ ਅਜਿਹਾ ਅਰਥਪੂਰਨ ਅਤੇ ਪ੍ਰੇਰਨਾਦਾਇਕ ਪ੍ਰੋਗਰਾਮ ਉਲੀਕਣ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਨਾ ਸਿਰਫ਼ ਬੱਚਿਆਂ ਦੇ ਚਿਹਰਿਆਂ 'ਤੇ ਮੁਸਕਾਨ ਲਿਆਉਂਦੇ ਹਨ, ਸਗੋਂ ਉਨ੍ਹਾਂ ਦੇ ਮਨਾਂ ਵਿੱਚ ਆਤਮ-ਵਿਸ਼ਵਾਸ, ਅਪਣੱਤ ਅਤੇ ਉਮੀਦ ਦੀ ਨਵੀਂ ਰੌਸ਼ਨੀ ਵੀ ਜਗਾਉਂਦੇ ਹਨ।

ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ, ਤੀਜ ਦੀ ਖੁਸ਼ੀ, ਰੱਖੜੀ ਦਾ ਪਿਆਰ, ਨਾਰੀ ਸਾਡੀ ਸ਼ਾਨ—ਸੁਰੱਖਿਆ ਦੀ ਪਹਿਰੇਦਾਰ। ਆਓ ਹਰ ਧੀ ਦਾ ਸਨਮਾਨ ਕਰੀਏ, ਉਸ ਨੂੰ ਸਮਰੱਥ ਬਣਾਈਏ ਅਤੇ ਉਸ ਦੇ ਸੁਨਹਿਰੇ ਭਵਿੱਖ ਦੀ ਸਾਂਝੀ ਜ਼ਿੰਮੇਵਾਰੀ ਨਿਭਾਈਏ।

ਉਨ੍ਹਾਂ ਕਿਹਾ ਕਿ ਤੀਜ ਇਸਤਰੀ ਦੀ ਆਤਮ-ਸ਼ਕਤੀ, ਉਮੀਦਾਂ, ਸੁਪਨਿਆਂ ਅਤੇ ਜੀਵਨ-ਉਤਸ਼ਾਹ ਦਾ ਤਿਉਹਾਰ ਹੈ, ਜਦਕਿ ਰੱਖੜੀ ਆਪਸੀ ਵਿਸ਼ਵਾਸ, ਪਿਆਰ ਅਤੇ ਸਾਂਝੀ ਜ਼ਿੰਮੇਵਾਰੀ ਦਾ ਪਾਵਨ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਅੱਜ ਦੀਆਂ ਧੀਆਂ ਪ੍ਰਸ਼ਾਸਨ, ਸਿੱਖਿਆ, ਸਿਹਤ, ਨਿਆਂ ਅਤੇ ਸਮਾਜ ਸੇਵਾ ਸਮੇਤ ਹਰ ਖੇਤਰ ਵਿੱਚ ਨਵੀਆਂ ਉਚਾਈਆਂ ਛੂਹ ਰਹੀਆਂ ਹਨ ਅਤੇ ਪਰਿਵਾਰਾਂ ਦੇ ਨਾਲ-ਨਾਲ ਸਮਾਜ ਦੀ ਮਜ਼ਬੂਤ ਨੀਂਹ ਵੀ ਬਣ ਰਹੀਆਂ ਹਨ।

ਔਰਤਾਂ ਸਿਰਫ਼ ਸੁਰੱਖਿਆ ਦੀ ਹੱਕਦਾਰ ਹੀ ਨਹੀਂ, ਸਗੋਂ ਆਪਣੇ ਪਰਿਵਾਰਾਂ ਅਤੇ ਸਮਾਜ ਦੀਆਂ ਸੱਚੀਆਂ ਰਾਖੀਆਂ ਵੀ ਹਨ।

ਬਾਲ ਸੰਭਾਲ ਸੰਸਥਾਵਾਂ ਅਤੇ ਨਵਜੀਵਨੀ ਇੰਸਟੀਚਿਊਟ ਆਫ ਸਪੈਸ਼ਲ ਐਜੂਕੇਸ਼ਨ ਅਤੇ ਰਿਸਰਚ ਪਟਿਆਲਾ ਦੀਆਂ ਵਿਸ਼ੇਸ਼ ਯੋਗਤਾ ਵਾਲੀਆਂ ਬੱਚੀਆਂ ਦੀ ਸ਼ਮੂਲੀਅਤ ਦਾ ਜ਼ਿਕਰ ਕਰਦਿਆਂ ਮੰਤਰੀ ਨੇ ਕਿਹਾ ਕਿ ਇਹ ਸਮਾਗਮ ਉਨ੍ਹਾਂ ਦੇ ਅੰਦਰ ਲੁਕੀ ਹੋਈ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨ ਅਤੇ ਉਨ੍ਹਾਂ ਵਿੱਚ ਨਵੇਂ ਸੁਪਨੇ ਤੇ ਨਵਾਂ ਆਤਮ-ਵਿਸ਼ਵਾਸ ਜਗਾਉਣ ਦਾ ਇੱਕ ਨਿਵੇਕਲਾ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਹਰ ਬੱਚਾ ਮੌਕਿਆਂ ਦਾ ਹੱਕਦਾਰ ਹੈ ਅਤੇ ਸਹੀ ਸੇਧ ਅਤੇ ਹੌਸਲਾ ਮਿਲਣ 'ਤੇ ਉਹ ਜ਼ਿੰਦਗੀ ਦੀ ਹਰ ਚੁਣੌਤੀ ਨੂੰ ਪਾਰ ਕਰ ਸਕਦਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਧੀ ਅਤੇ ਹਰ ਬੱਚੇ ਨੂੰ ਸੁਰੱਖਿਅਤ, ਸਨੇਹ ਭਰਿਆ ਅਤੇ ਮੌਕਿਆਂ ਨਾਲ ਭਰਪੂਰ ਮਾਹੌਲ ਮੁਹੱਈਆ ਕਰਵਾਉਣ ਲਈ ਪੂਰੀ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਗੁਣਵੱਤਾ ਭਰਪੂਰ ਸਿੱਖਿਆ, ਸੁਰੱਖਿਆ, ਬਰਾਬਰ ਦੇ ਮੌਕੇ ਅਤੇ ਸਰਬਪੱਖੀ ਵਿਕਾਸ ਯਕੀਨੀ ਬਣਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ, ਤਾਂ ਜੋ ਹਰ ਬੱਚਾ ਆਪਣੀਆਂ ਕਾਬਲੀਅਤਾਂ ਨੂੰ ਪੂਰੀ ਤਰ੍ਹਾਂ ਨਿਖਾਰ ਸਕੇ।

ਪੰਜਾਬੀ ਵਿਰਸੇ ਦੀ ਮਹੱਤਤਾ ਉੱਤੇ ਚਾਨਣਾ ਪਾਉਂਦਿਆਂ ਮੰਤਰੀ ਨੇ ਕਿਹਾ ਕਿ ਲੋਕ-ਸੰਗੀਤ, ਲੋਕ-ਨਾਚ ਅਤੇ ਸੱਭਿਆਚਾਰਕ ਪਰੰਪਰਾਵਾਂ ਸਾਡੀ ਪਛਾਣ ਦੀ ਰੂਹ ਹਨ, ਜੋ ਨਵੀਂ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਦੀਆਂ ਹਨ ਅਤੇ ਜੀਵਨ ਵਿੱਚ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਦੀਆਂ ਹਨ। ਸਮਾਗਮ ਦੌਰਾਨ ਬਾਲ ਸੰਭਾਲ ਸੰਸਥਾਵਾਂ ਦੇ ਬੱਚਿਆਂ ਨੇ ਪੰਜਾਬੀ ਲੋਕ-ਨਾਚ, ਤ੍ਰਿੰਞਣ ਦੇ ਗੀਤ ਅਤੇ ਹੋਰ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਸਮੁੱਚੇ ਮਾਹੌਲ ਨੂੰ ਰੂਹਾਨੀ ਅਤੇ ਖੁਸ਼ਗਵਾਰ ਬਣਾ ਦਿੱਤਾ। ਬੱਚਿਆਂ ਦੇ ਆਤਮ-ਵਿਸ਼ਵਾਸ, ਹੁਨਰ ਅਤੇ ਜੋਸ਼ ਨੇ ਹਾਜ਼ਰੀਨ ਨੂੰ ਭਾਵੁਕ ਵੀ ਕੀਤਾ ਅਤੇ ਪ੍ਰਭਾਵਿਤ ਵੀ। ਸਮਾਗਮ ਵਾਲੀ ਥਾਂ ਨੂੰ ਰਵਾਇਤੀ ਪੰਜਾਬੀ ਪਿੰਡ ਦਾ ਰੂਪ ਦਿੱਤਾ ਗਿਆ ਸੀ, ਜਿੱਥੇ ਫੁਲਕਾਰੀਆਂ, ਚਰਖੇ, ਹੱਥ-ਕਲਾ ਦੀਆਂ ਵਸਤਾਂ ਅਤੇ ਪੇਂਡੂ ਸੱਭਿਆਚਾਰ ਦੀਆਂ ਝਲਕੀਆਂ ਖਿੱਚ ਦਾ ਕੇਂਦਰ ਬਣੀਆਂ ਰਹੀਆਂ। ਇਹ ਦਿਲਕਸ਼ ਦ੍ਰਿਸ਼ ਪੰਜਾਬ ਦੀ ਅਮੀਰ ਵਿਰਾਸਤ ਅਤੇ ਲੋਕ-ਸੱਭਿਆਚਾਰ ਦਾ ਜੀਵੰਤ ਪ੍ਰਤੀਬਿੰਬ ਬਣ ਕੇ ਉਭਰਿਆ।

ਬੱਚੀਆਂ ਨਾਲ ਨਿੱਘਾ ਸੰਵਾਦ ਕਰਦਿਆਂ ਡਾ. ਬਲਜੀਤ ਕੌਰ ਨੇ ਉਨ੍ਹਾਂ ਨੂੰ ਤੀਜ ਅਤੇ ਰੱਖੜੀ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਸੱਦਾ ਦਿੱਤਾ ਕਿ ਉਹ ਆਪਣੀ ਮਿੱਟੀ, ਮਾਂ-ਬੋਲੀ ਅਤੇ ਸੱਭਿਆਚਾਰ ਨਾਲ ਜੁੜੇ ਰਹਿੰਦੇ ਹੋਏ ਸਿੱਖਿਆ ਅਤੇ ਜੀਵਨ ਦੇ ਹਰ ਖੇਤਰ ਵਿੱਚ ਨਵੀਆਂ ਮੰਜ਼ਿਲਾਂ ਹਾਸਿਲ ਕਰਨ। ਉਨ੍ਹਾਂ ਸਮੂਹ ਔਰਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਅੰਦਰੂਨੀ ਸ਼ਕਤੀ ਨੂੰ ਪਛਾਣਨ, ਰੂੜ੍ਹੀਵਾਦੀ ਸੋਚ ਤੋਂ ਉੱਪਰ ਉੱਠਣ ਅਤੇ ਆਤਮ-ਵਿਸ਼ਵਾਸ ਨਾਲ ਸਮਾਜ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ।

ਮੰਤਰੀ ਨੇ ਇਸ ਯਾਦਗਾਰੀ ਸਮਾਗਮ ਨੂੰ ਸਫ਼ਲ ਬਣਾਉਣ ਵਾਲੇ ਬੱਚੀਆਂ, ਕਲਾਕਾਰਾਂ, ਦੇਖਭਾਲ ਕਰਨ ਵਾਲੇ ਅਮਲੇ, ਪ੍ਰਬੰਧਕਾਂ ਅਤੇ ਵਿਭਾਗੀ ਅਧਿਕਾਰੀਆਂ ਦੀ ਭਰਪੂਰ ਸ਼ਲਾਘਾ ਕੀਤੀ। ਸਮਾਗਮ ਦਾ ਸਮਾਪਨ ਲੋਕ-ਗੀਤਾਂ ਅਤੇ ਗਿੱਧੇ ਦੀਆਂ ਮਨਮੋਹਕ ਪੇਸ਼ਕਾਰੀਆਂ ਨਾਲ ਹੋਇਆ, ਜਿਸ ਨੇ ਹਰ ਹਾਜ਼ਰ ਸ਼ਖ਼ਸ ਦੇ ਮਨ 'ਤੇ ਧੀਆਂ ਦੇ ਸਤਿਕਾਰ, ਬਾਲ ਭਲਾਈ, ਸੱਭਿਆਚਾਰਕ ਮਾਣ ਅਤੇ ਪੰਜਾਬ ਸਰਕਾਰ ਦੀ ਲੋਕ-ਭਲਾਈ ਪ੍ਰਤੀ ਵਚਨਬੱਧਤਾ ਦੀ ਅਮਿੱਟ ਛਾਪ ਛੱਡੀ।

ਇਸ ਸਮਾਗਮ ਦੌਰਾਨ ਪ੍ਰਮੁੱਖ ਮਹਿਲਾ ਅਧਿਕਾਰੀਆਂ ਅਤੇ ਵਿਸ਼ੇਸ਼ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਹਾਜ਼ਰ ਪ੍ਰਮੁੱਖ ਅਧਿਕਾਰੀਆਂ ਵਿੱਚ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਵਿਸ਼ੇਸ਼ ਮੁੱਖ ਸਕੱਤਰ ਸ੍ਰੀਮਤੀ ਰਾਜੀ ਪੀ. ਸ਼੍ਰੀਵਾਸਤਵਾ (ਆਈ.ਏ.ਐਸ.), ਪ੍ਰਮੁੱਖ ਸਕੱਤਰ ਸ੍ਰੀਮਤੀ ਰਾਖੀ ਗੁਪਤਾ ਭੰਡਾਰੀ (ਆਈ.ਏ.ਐਸ.), ਸ੍ਰੀਮਤੀ ਭਾਵਨਾ ਗਰਗ (ਆਈ.ਏ.ਐਸ.), ਸ੍ਰੀਮਤੀ ਹਰਗੁਣਜੀਤ ਕੌਰ (ਆਈ.ਏ.ਐਸ.) ਅਤੇ ਸ੍ਰੀਮਤੀ ਵਿੰਮੀ ਭੁੱਲਰ (ਆਈ.ਏ.ਐਸ.) ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਤੋਂ ਇਲਾਵਾ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਵੀ ਸਮਾਗਮ ਵਿੱਚ ਹਾਜ਼ਰੀ ਭਰੀ।

## ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਨੇ ਵਿਦਿਆਰਥੀਆਂ ਨੂੰ ਵੋਟ ਦੇ ਅਧਿਕਾਰ ਬਾਰੇ ਕੀਤਾ ਜਾਗਰੂਕ




**ਮਾਛੀਵਾੜਾ ਸਾਹਿਬ, 10 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਥਾਨਕ ਸਰਕਾਰੀ ਕਾਲਜ ਮਾਛੀਵਾੜਾ ਵਿਖੇ ਉਚੇਰੀ ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਪ੍ਰਿੰਸੀਪਲ ਸ੍ਰੀਮਤੀ ਨੰਦਿਨੀ ਵੈਦ ਦੀ ਅਗਵਾਈ ਤੇ ਸਵੀਪ ਨੋਡਲ ਅਫਸਰ ਡਾ ਕਮਲਜੀਤ ਕੌਰ ਬਾਂਗਾ ਦੇ ਨਿਰਦੇਸ਼ਾਂ ਤਹਿਤ 18 ਸਾਲ ਤੱਕ ਦੇ ਵਿਦਿਆਰਥੀਆਂ ਨੂੰ ਵੋਟ ਬਣਾਉਣ ਲਈ ਪ੍ਰੇਰਿਤ ਕਰਨ ਸਬੰਧੀ ਕੈਂਪ ਲਗਾਇਆ ਗਿਆ।

ਇਸ ਬਾਰੇ ਜਾਣਕਾਰੀ ਦਿੰਦਿਆਂ ਡਾ ਕਮਲਜੀਤ ਕੌਰ ਬਾਂਗਾ ਨੇ ਦੱਸਿਆ ਕਿ ਅੱਜ ਦੇ ਇਸ ਕੈਂਪ ਵਿੱਚ ਸ ਜਗਰੂਪ ਸਿੰਘ ਸੇਹ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਲੁਧਿਆਣਾ ਨੇ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕੀਤੀ ਤੇ ਵਿਦਿਆਰਥੀਆਂ ਨੂੰ ਲੋਕਤੰਤਰ ਵਿੱਚ ਵੋਟ ਦਾ ਮਹੱਤਵ ਹੈ ਬਾਰੇ ਜਾਗਰੂਕ ਕਰਦਿਆਂ ਉਨ੍ਹਾਂ ਨੂੰ ਵੋਟ ਬਣਾਉਣ ਲਈ ਪ੍ਰੇਰਿਤ ਕੀਤਾ

ਪ੍ਰਿੰਸੀਪਲ ਸ੍ਰੀਮਤੀ ਨੰਦਿਨੀ ਵੈਦ ਨੇ ਵੀ ਵਿਦਿਆਰਥੀਆਂ ਨੂੰ ਲੋਕਤੰਤਰ ਵਿੱਚ ਵੋਟ ਪਾਉਣ ਬਾਰੇ ਪ੍ਰੇਰਿਤ ਕੀਤਾ ਡਾ. ਕਮਲਜੀਤ ਕੌਰ ਬਾਂਗਾ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਵਿਦਿਆਰਥੀ ਚੋਣ ਕਮਿਸ਼ਨ ਭਾਰਤ ਦੀ ਸਾਇਟ ਤੇ ਵੋਟ ਬਣਾਉਣ ਲਈ ਆਪਣੇ ਆਪ ਨੂੰ ਰਜਿਸਟਰ ਕਰਨ ਤਾਂ ਜੋ ਉਹਨਾਂ ਦੀ ਵੋਟ ਬਣ ਸਕੇ ਤੇ ਉਹ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਸਕਣ, ਅੱਜ ਦੇ ਇਸ ਕੈਂਪ ਵਿੱਚ 70 ਦੇ ਕਰੀਬ ਵਿਦਿਆਰਥੀਆਂ ਨੇ ਵੋਟ ਲਈ ਰਜਿਸਟਰ ਕੀਤਾ

ਇਸ ਮੌਕੇ ਸਹਾਇਕ ਪ੍ਰੋਫੈਸਰ ਪਰਦੀਪ ਸਿੰਘ, ਅਜੈ ਕੁਮਾਰ, ਅਮਰੀਸ਼ ਖੁੱਲਰ, ਦੀਕਸ਼ਾ ਸਿੰਧਵਾਨੀ, ਸੁਨੀਲ ਨਾਗਪਾਲ ਗੁਰਪ੍ਰੀਤ ਕੌਰ ਤੇ ਹੇਮ ਲਤਾ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਵੋਟ ਬਣਾਉਣ ਲਈ ਪ੍ਰੇਰਿਤ ਕੀਤਾ।

# ਸਾਡੀ ਆਂਗਣਵਾੜੀ-ਸਾਡੀ ਜ਼ਿੰਮੇਵਾਰੀ ਥੀਮ 'ਤੇ 9 ਅਕਤੂਬਰ ਤੱਕ ਮਨਾਇਆ ਜਾਵੇਗਾ ਰਾਸ਼ਟਰੀ ਪੋਸ਼ਣ ਮਾਹ

**ਚੰਡੀਗੜ੍ਹ, 10 ਸਤੰਬਰ**
**-ਹਰਮਨਪ੍ਰੀਤ ਕੌਰ-**

ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵੱਲੋਂ ਵਾਰਾਣਸੀ ਦੇ ਰੁਦਰਾਕਸ਼ ਅੰਤਰਰਾਸ਼ਟਰੀ ਸਹਿਯੋਗ ਕੇਂਦਰ ਵਿੱਚ ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਸ਼੍ਰੀਮਤੀ ਅੰਨਪੂਰਨਾ ਦੇਵੀ ਦੀ ਮੌਜੂਦਗੀ ਵਿੱਚ 9ਵੇਂ ਰਾਸ਼ਟਰੀ ਪੋਸ਼ਣ ਮਾਹ 2026 ਦੀ ਸ਼ੁਰੂਆਤ ਕੀਤੀ ਜਾਵੇਗੀ। ਇਸੇ ਲੜੀ ਤਹਿਤ ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਹਰਿਆਣਾ ਵਿੱਚ ਵੀ ਅੱਜ 9ਵਾਂ ਰਾਸ਼ਟਰੀ ਪੋਸ਼ਣ ਮਾਹ ਮਨਾਇਆ ਜਾਵੇਗਾ।

ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਬੁਲਾਰੇ ਨੇ ਇਸ ਸੰਬੰਧ ਵਿੱਚ ਵਿਸਤਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਾਰ ਰਾਸ਼ਟਰੀ ਪੋਸ਼ਣ ਮਾਹ ਮੁਹਿੰਮ ਦੀ ਥੀਮ 'ਸਾਡੀ ਆਂਗਣਵਾੜੀ, ਸਾਡੀ ਜ਼ਿੰਮੇਵਾਰੀ' ਰੱਖੀ ਗਈ ਹੈ। ਮੁਹਿੰਮ ਦਾ ਉਦੇਸ਼ ਪੋਸ਼ਣ ਪ੍ਰਤੀ ਜਾਗਰੂਕਤਾ ਵਧਾਉਣਾ, ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨਾ ਅਤੇ ਮਹਿਲਾਵਾਂ ਤੇ ਬੱਚਿਆਂ ਦੀ ਬਿਹਤਰ ਸਿਹਤ ਲਈ ਵਿਭਾਗਾਂ ਅਤੇ ਭਾਈਚਾਰੇ ਦੀ ਭਾਗੀਦਾਰੀ ਯਕੀਨੀ ਬਣਾਉਣਾ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਵਾਰ ਪੋਸ਼ਣ ਮਾਹ ਪੰਜ ਪ੍ਰਮੁੱਖ ਵਿਸ਼ਿਆਂ 'ਤੇ ਕੇਂਦਰਿਤ ਰਹੇਗਾ। ਪਹਿਲਾ ਵਿਸ਼ਾ ਆਹਾਰ ਵਿਭਿੰਨਤਾ ਅਤੇ ਲੋੜੀਂਦੇ ਪ੍ਰੋਟੀਨ ਨੂੰ ਲੈ ਕੇ ਹੈ, ਜਿਸ ਦੇ ਤਹਿਤ ਆਂਗਣਵਾੜੀ ਕੇਂਦਰਾਂ 'ਤੇ ਸਥਾਨਕ ਪੱਧਰ 'ਤੇ ਉਪਲਬਧ ਦਾਲਾਂ, ਹਰੀਆਂ ਸਬਜ਼ੀਆਂ, ਦੁੱਧ ਉਤਪਾਦਾਂ ਅਤੇ ਮੋਟੇ ਅਨਾਜ ਤੋਂ ਬਣੇ ਪੌਸ਼ਟਿਕ ਭੋਜਨ ਦੀ ਜਾਣਕਾਰੀ ਦਿੱਤੀ ਜਾਵੇਗੀ। ਦੂਜਾ ਵਿਸ਼ਾ ਤਾਜ਼ਾ ਗਰਮ ਪਕਾਏ ਭੋਜਨ ਨਾਲ ਜੁੜਿਆ ਹੈ, ਜਿਸ ਵਿੱਚ ਆਂਗਣਵਾੜੀ ਕੇਂਦਰਾਂ 'ਤੇ ਮੈਨਿਊ



ਬੋਰਡ ਪ੍ਰਦਰਸ਼ਿਤ ਕਰਕੇ ਸਾਫ਼-ਸਫ਼ਾਈ ਅਤੇ ਸਮੇਂ 'ਤੇ ਭੋਜਨ ਪਰੋਸਣ 'ਤੇ ਜ਼ੋਰ ਦਿੱਤਾ ਜਾਵੇਗਾ। ਤੀਜਾ ਵਿਸ਼ਾ ਭਾਈਚਾਰਕ ਭਾਗੀਦਾਰੀ ਦਾ ਹੈ, ਜਿਸ ਦੇ ਤਹਿਤ ਨਵ-ਗਠਿਤ ਆਂਗਣਵਾੜੀ ਪ੍ਰਬੰਧਨ ਕਮੇਟੀਆਂ ਦੀਆਂ ਮੀਟਿੰਗਾਂ ਆਯੋਜਿਤ ਕਰਕੇ ਲੋਕਾਂ ਨੂੰ ਕੇਂਦਰਾਂ ਦੀ ਨਿਗਰਾਨੀ ਨਾਲ ਜੋੜਿਆ ਜਾਵੇਗਾ। ਚੌਥਾ ਵਿਸ਼ਾ ਬੱਚਿਆਂ ਦੇ ਪੋਸ਼ਣ ਅਤੇ ਸ਼ੁਰੂਆਤੀ ਮਾਨਸਿਕ ਵਿਕਾਸ 'ਤੇ ਆਧਾਰਿਤ ਹੈ, ਜਿਸ ਵਿੱਚ ਮਾਪਿਆਂ ਨੂੰ ਬੱਚਿਆਂ ਨਾਲ ਖੇਡ-ਖੇਡ ਵਿੱਚ ਸਿੱਖਣ ਦੀਆਂ ਗਤੀਵਿਧੀਆਂ ਸਿਖਾਈਆਂ ਜਾਣਗੀਆਂ। ਪੰਜਵਾਂ ਅਤੇ ਆਖ਼ਰੀ ਵਿਸ਼ਾ ਪ੍ਰਧਾਨ ਮੰਤਰੀ ਮਾਤਰ ਵੰਦਨਾ ਯੋਜਨਾ ਨਾਲ ਜੁੜਿਆ ਹੈ, ਜੋ ਇਸ ਸਾਲ ਆਪਣੇ 10 ਸਾਲ ਪੂਰੇ ਕਰ ਰਹੀ ਹੈ। ਇਸ ਦੇ ਤਹਿਤ ਯੋਗ ਗਰਭਵਤੀ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ 'ਤੇ ਖ਼ਾਸ ਜ਼ੋਰ ਦਿੱਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦਾ ਉਦੇਸ਼ ਵਿਭਾਗ ਵੱਲੋਂ ਨਿਰਧਾਰਤ ਪ੍ਰੋਗਰਾਮ ਅਨੁਸੂਚੀ ਦੇ ਅਨੁਰੂਪ ਸਾਰੀਆਂ ਗਤੀਵਿਧੀਆਂ ਨੂੰ ਸਮੇਂ ਸਿਰ ਪੂਰਾ ਕਰਨਾ ਅਤੇ ਆਮ ਲੋਕਾਂ ਵਿਸ਼ੇਸ਼ ਕਰਕੇ ਮਹਿਲਾਵਾਂ ਤੇ ਬੱਚਿਆਂ ਤੱਕ ਇਸ ਦਾ ਵੱਧ ਤੋਂ ਵੱਧ ਲਾਭ ਪਹੁੰਚਾਉਣਾ ਹੈ। ਉਨ੍ਹਾਂ ਸਬੰਧਤ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਬਣਾ ਕੇ ਕੰਮ ਕਰਨ ਦੀ ਵੀ ਹਦਾਇਤ ਕੀਤੀ, ਤਾਂ ਜੋ ਪੋਸ਼ਣ ਮਾਹ ਦੇ ਉਦੇਸ਼ ਪੂਰੀ ਤਰ੍ਹਾਂ ਸਾਕਾਰ ਹੋ ਸਕਣ।

ਬੁਲਾਰੇ ਨੇ ਦੱਸਿਆ ਕਿ ਰਾਸ਼ਟਰੀ ਪੋਸ਼ਣ ਮਾਹ ਦੇ ਸਫ਼ਲ ਸੰਚਾਲਨ ਲਈ ਸਿਹਤ ਵਿਭਾਗ ਵੱਲੋਂ ਅਤਿ ਕੁਪੋਸ਼ਿਤ ਬੱਚਿਆਂ ਲਈ ਵਿਸ਼ੇਸ਼ ਸਿਹਤ ਕੈਂਪ ਲਗਾਏ ਜਾਣ। ਗਰਭਵਤੀ ਮਹਿਲਾਵਾਂ ਦੇ ਏ.ਐਨ.ਸੀ. ਚੈੱਕਅਪ ਅਤੇ ਬੱਚਿਆਂ ਦੀ ਨਿਯਮਤ ਸਿਹਤ ਜਾਂਚ ਯਕੀਨੀ ਬਣਾਈ ਜਾਵੇ। ਘਰਾਂ ਦੇ ਦੌਰੇ ਦੌਰਾਨ ਟੀਕਾਕਰਨ ਅਤੇ ਪੋਸ਼ਣ 'ਤੇ ਵਿਸ਼ੇਸ਼ ਧਿਆਨ ਦੇਣ ਦੇ ਨਾਲ 0 ਤੋਂ 6 ਸਾਲ ਤੱਕ ਦੇ ਬੱਚਿਆਂ ਵਿੱਚ ਵਿਕਾਸ ਸੰਬੰਧੀ ਦੇਰੀ ਦੀ ਪਛਾਣ ਕਰਕੇ ਲੋੜੀਂਦੀ ਕਾਰਵਾਈ ਕੀਤੀ ਜਾਵੇ।

ਸਿੱਖਿਆ ਵਿਭਾਗ ਨੂੰ ਸਕੂਲਾਂ ਵਿੱਚ ਪੋਸ਼ਣ ਸੰਬੰਧੀ ਜਾਗਰੂਕਤਾ ਮੁਹਿੰਮ ਚਲਾਉਣ ਅਤੇ ਪੋਸਟਰ, ਕਹਾਣੀ, ਖੇਡ ਅਤੇ ਯੋਗ ਮੁਕਾਬਲੇ ਆਯੋਜਿਤ ਕਰਨ ਦੇ ਨਿਰਦੇਸ਼ ਦਿੱਤੇ। ਖੇਡ ਗਤੀਵਿਧੀਆਂ ਦੇ ਮਾਧਿਅਮ ਨਾਲ ਬੱਚਿਆਂ ਨੂੰ ਸਿਹਤਮੰਦ ਜੀਵਨ ਸ਼ੈਲੀ, ਸਿੱਖਿਆ ਅਤੇ ਪੋਸ਼ਣ ਪ੍ਰਤੀ ਪ੍ਰੇਰਿਤ ਕਰਨ ਅਤੇ ਸਕੂਲ ਟੀਮਾਂ ਵਿਚਕਾਰ ਬਿਹਤਰ ਤਾਲਮੇਲ ਸਥਾਪਿਤ ਕਰਨ ਲਈ ਕਿਹਾ ਗਿਆ। ਪੰਚਾਇਤੀ ਰਾਜ ਅਤੇ ਸ਼ਹਿਰੀ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਪੇਂਡੂ ਖੇਤਰਾਂ ਵਿੱਚ ਸਰਪੰਚਾਂ ਅਤੇ ਪੰਚਾਂ ਰਾਹੀਂ ਅਤੇ ਸ਼ਹਿਰੀ ਖੇਤਰਾਂ ਵਿੱਚ ਕੌਂਸਲਰਾਂ ਰਾਹੀਂ ਆਂਗਣਵਾੜੀ ਕੇਂਦਰਾਂ ਦੀਆਂ ਗਤੀਵਿਧੀਆਂ ਦੀ ਨਿਗਰਾਨੀ ਯਕੀਨੀ ਬਣਾਈ ਜਾਵੇ।

ਉਨ੍ਹਾਂ ਦੱਸਿਆ ਕਿ ਪੋਸ਼ਣ ਮਾਹ ਦਾ ਉਦੇਸ਼ ਸਿਰਫ਼ ਵਿਭਾਗੀ ਗਤੀਵਿਧੀਆਂ ਤੱਕ ਸੀਮਤ ਨਾ ਰਹਿ ਕੇ ਭਾਈਚਾਰੇ ਦੀ ਸਰਗਰਮ ਭਾਗੀਦਾਰੀ ਦੇ ਮਾਧਿਅਮ ਨਾਲ ਕੁਪੋਸ਼ਣ ਵਿਰੁੱਧ ਵਿਆਪਕ ਜਨ-ਜਾਗਰੂਕਤਾ ਪੈਦਾ ਕਰਨਾ ਹੋਣਾ ਚਾਹੀਦਾ ਹੈ।

## ਸਚਿਨ ਪਾਇਲਟ ਨੂੰ ਪੰਜਾਬ ਇੰਚਾਰਜ ਨਿਯੁਕਤ ਹੋਣ ਨਾਲ ਕਾਂਗਰਸੀ ਵਰਕਰਾਂ ਵਿੱਚ ਭਾਰੀ ਉਤਸ਼ਾਹ : ਸੁਖਦੀਪ ਸਿੰਘ ਬਾਜਵਾ

**ਮਾਛੀਵਾੜਾ ਸਾਹਿਬ, 10 ਸਤੰਬਰ**
**-ਸਤੀਸ਼ ਕੁਮਾਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕਾਂਗਰਸ ਹਾਈਕਮਾਂਡ ਵਲੋਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਵੇਖਦਿਆਂ ਪਾਰਟੀ ਵਿਚ ਅਹੁਦਿਆਂ ਸਬੰਧੀ ਕੀਤਾ ਕੁਝ ਫੇਰਬਦਲ ਕੀਤਾ ਹੈ ,ਜਿਸ ਅਨੁਸਾਰ ਸੀਨੀਅਰ ਆਗੂ ਭੂਪੇਸ਼ ਬਘੇਲ ਦੀਆ ਥਾਂ ਤੇ ਸਚਿਨ ਪਾਇਲਟ ਨੂੰ ਪੰਜਾਬ ਇੰਚਾਰਜ ਨਿਯੁਕਤ ਕੀਤਾ ਗਿਆ ਹੈ ,ਜਿਸ ਨਾਲ ਵਿਧਾਨ ਸਭਾ ਹਲਕਾ ਸਮਰਾਲਾ ਦੇ ਕਾਂਗਰਸ ਵਰਕਰਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਇਸ ਸਬੰਧੀ ਗੱਲਬਾਤ ਕਰਦਿਆਂ ਬਲਾਕ ਸੀਨੀਅਰ ਵਾਈਸ ਪ੍ਰਧਾਨ ਸੁਖਦੀਪ ਸਿੰਘ ਬਾਜਵਾ ਨੇ ਕਿਹਾ ਕਿ ਨੌਜਵਾਨ ਕਾਗਰਸ ਆਗੂ ਸਚਿਨ ਪਾਇਲਟ ਦੀ ਨਿਯੁਕਤੀ ਕਾਂਗਰਸ ਪਾਰਟੀ ਦੇ ਆਗੂਆਂ ਤੇ ਵਰਕਰਾਂ ਵਿੱਚ ਨਵਾਂ ਜੋਸ਼ ਭਰੇਗੀ ਅਤੇ ਪੰਜਾਬ ਵਿੱਚ ਪਾਰਟੀ ਹੋਰ ਮਜਬੂਤ ਹੋਵੇਗੀ ਜਿਸ ਨਾਲ ਆਉਣ ਵਾਲੀਆ ਵਿਧਾਨ ਸਭਾ ਚੋਣਾਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ ਉਨ੍ਹਾਂ ਕਿਹਾ ਕਿ ਨਵ ਨਿਯੁਕਤ ਪੰਜਾਬ ਕਾਂਗਰਸ ਦੇ ਇੰਚਾਰਜ ਦਾ ਪੰਜਾਬ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਭਰਵਾਂ ਸਵਾਗਤ ਹੈ।

## ਮਾਲੇਰਕੋਟਲਾ ਵਿਖੇ ਜ਼ਿਲ੍ਹਾ ਪ੍ਰੈੱਸ ਕਲੱਬ ਦੀ ਹੰਗਾਮੀ ਮੀਟਿੰਗ: ਦਿੱਲੀ 'ਚ ਮਹਿਲਾ ਪੱਤਰਕਾਰਾਂ 'ਤੇ ਹੋਏ ਹਮਲੇ ਦੀ ਸ਼ਦੀਦ ਨਿੰਦਾ

**ਮਲੇਰਕੋਟਲਾ, 10 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿੱਲੀ ਦੇ ਸਕੇਤ ਇਲਾਕੇ ਵਿੱਚ ਪੁਲਿਸ ਵੱਲੋਂ ਦੋ ਮਹਿਲਾ ਪੱਤਰਕਾਰਾਂ ਦੀ ਪਛਾਣ ਪੁੱਛਣ ਉਪਰੰਤ ਕੀਤੀ ਗਈ ਬੇਰਹਿਮ ਕੁੱਟਮਾਰ ਦੀ ਘਟਨਾ ਨੇ ਦੇਸ਼ ਭਰ ਦੇ ਪੱਤਰਕਾਰ ਭਾਈਚਾਰੇ ਵਿੱਚ ਭਾਰੀ ਰੋਸ ਦੀ ਲਹਿਰ ਦੌੜਾ ਦਿੱਤੀ ਹੈ।

ਇਸ ਮੰਦਭਾਗੀ ਅਤੇ ਲੋਕਤੰਤਰ ਵਿਰੋਧੀ ਘਟਨਾ ਦੀ ਕੜੇ ਸ਼ਬਦਾਂ ਵਿੱਚ ਨਿੰਦਾ ਕਰਨ ਲਈ ਜ਼ਿਲ੍ਹਾ ਪ੍ਰੈੱਸ ਕਲੱਬ ਮਾਲੇਰਕੋਟਲਾ ਦੀ ਇੱਕ ਅਹਿਮ ਅਤੇ ਹੰਗਾਮੀ ਮੀਟਿੰਗ ਸਥਾਨਕ ਕਲੱਬ ਵਿਖੇ ਜ਼ਿਲ੍ਹਾ ਪ੍ਰਧਾਨ ਸ਼ਹਾਬੁਦੀਨ ਦੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਦੌਰਾਨ ਸਮੂਹ ਪੱਤਰਕਾਰਾਂ ਨੇ ਇੱਕ ਆਵਾਜ਼ ਵਿੱਚ ਇਸ ਵਰਤਾਰੇ ਨੂੰ ਪ੍ਰੈੱਸ ਦੀ ਆਜ਼ਾਦੀ 'ਤੇ ਸਿੱਧਾ ਹਮਲਾ ਕਰਾਰ ਦਿੱਤਾ। ਮੀਟਿੰਗ ਵਿੱਚ ਸਰਬਸੰਮਤੀ ਨਾਲ ਇੱਕ ਨਿੰਦਾ ਮਤਾ ਪਾਸ ਕੀਤਾ ਗਿਆ। ਇਸ ਦੇ ਨਾਲ ਹੀ ਪੱਤਰਕਾਰ ਭਾਈਚਾਰੇ ਵੱਲੋਂ ਸੰਘਰਸ਼ ਦਾ ਬਿਗੁਲ ਵਜਾਉਂਦੇ ਹੋਏ ਐਲਾਨ ਕੀਤਾ ਗਿਆ ਕਿ ਅੱਜ ਸਵੇਰੇ 11 ਵਜੇ ਡਿਪਟੀ ਕਮਿਸ਼ਨਰ ਦਫ਼ਤਰ ਮਾਲੇਰਕੋਟਲਾ ਦੇ ਬਾਹਰ ਇੱਕ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਪ੍ਰਦਰਸ਼ਨ ਤੋਂ ਬਾਅਦ ਦੇਸ਼ ਦੀ ਮਾਨਯੋਗ ਰਾਸ਼ਟਰਪਤੀ ਦੇ ਨਾਮ ਇੱਕ ਮੰਗ ਪੱਤਰ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਜਾਵੇਗਾ, ਤਾਂ ਜੋ ਦੋਸ਼ੀ ਪੁਲਿਸ ਮੁਲਾਜ਼ਮਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਯਕੀਨੀ ਬਣਾਈ ਜਾ ਸਕੇ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸ਼ਹਾਬੁਦੀਨ ਨੇ ਕਿਹਾ ਕਿ ਪੱਤਰਕਾਰੀ ਨੂੰ ਸੱਚਾ ਅਤੇ ਸੁੱਚਾ ਰੱਖਣ ਵਾਲੇ ਪੱਤਰਕਾਰਾਂ ਨਾਲ ਅਜਿਹਾ ਧੱਕੇਸ਼ਾਹੀ ਭਰਿਆ ਰਵੱਈਆ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਉਨ੍ਹਾਂ ਕਿਹਾ, ਜਦੋਂ ਦੇਸ਼ ਦੀ ਰਾਜਧਾਨੀ ਵਿੱਚ ਮਹਿਲਾ ਪੱਤਰਕਾਰਾਂ ਨਾਲ ਉਨ੍ਹਾਂ ਦੇ ਨਾਮ ਪੁੱਛ ਕੇ ਕੁੱਟਮਾਰ ਕੀਤੀ ਜਾਂਦੀ ਹੈ, ਤਾਂ ਇਹ ਗੱਲ ਸਾਫ਼ ਹੋ ਜਾਂਦੀ ਹੈ ਕਿ ਕਾਨੂੰਨ ਦਾ ਰਾਜ ਖ਼ਤਰੇ ਵਿੱਚ ਹੈ। ਪੁਲਿਸ ਦਾ ਇਹ ਕਾਰਾ ਬੇਹੱਦ ਸ਼ਰਮਨਾਕ ਹੈ ਅਤੇ ਜ਼ਿਲ੍ਹਾ ਪ੍ਰੈੱਸ ਕਲੱਬ ਮਾਲੇਰਕੋਟਲਾ ਪੀੜਤ ਪੱਤਰਕਾਰਾਂ ਦੇ ਨਾਲ ਚਟਾਨ ਵਾਂਗ ਖੜ੍ਹਾ ਹੈ।

# ਹਰਜੋਤ ਸਿੰਘ ਬੈਂਸ ਨੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਕੇ ਕਰਵਾਈ ਖੇਡਾਂ ਦੀ ਸ਼ੁਰੂਆਤ

**ਸ੍ਰੀ ਅਨੰਦਪੁਰ ਸਾਹਿਬ, 10 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਦਾ ਚੌਥਾ ਸੀਜ਼ਨ ਸ਼ੁਰੂ ਹੋ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 5 ਸਤੰਬਰ ਨੂੰ ਬਠਿੰਡਾ ਵਿਖੇ ਇਨ੍ਹਾਂ ਖੇਡਾਂ ਦਾ ਉਦਘਾਟਨ ਕੀਤਾ ਗਿਆ ਸੀ, ਜਦਕਿ 29 ਨਵੰਬਰ ਨੂੰ ਪਟਿਆਲਾ ਵਿਖੇ ਸਮਾਪਤੀ ਸਮਾਰੋਹ ਕਰਵਾਇਆ ਜਾਵੇਗਾ। ਇਸੇ ਤਹਿਤ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਸ੍ਰੀ ਦਸ਼ਮੇਸ਼ ਮਾਰਸ਼ਲ ਅਕੈਡਮੀ, ਸ੍ਰੀ ਅਨੰਦਪੁਰ ਸਾਹਿਬ ਵਿਖੇ ਖੇਡਾਂ ਦੀ ਸ਼ੁਰੂਆਤ ਕਰਵਾਈ ਅਤੇ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ।

ਸਿੱਖਿਆ ਮੰਤਰੀ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਦਾ ਪਹਿਲਾ ਸੀਜ਼ਨ ਪੰਜਾਬ ਸਰਕਾਰ ਵੱਲੋਂ ਸਾਲ 2022 ਵਿੱਚ ਸ਼ੁਰੂ ਕੀਤਾ ਗਿਆ ਸੀ। ਪਿਛਲੇ ਸੀਜ਼ਨਾਂ ਦੌਰਾਨ ਇਨ੍ਹਾਂ ਖੇਡਾਂ ਨੂੰ ਸੂਬੇ ਦੇ ਖਿਡਾਰੀਆਂ ਅਤੇ ਆਮ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਅਤੇ ਲਗਭਗ 05 ਲੱਖ ਤੱਕ ਖਿਡਾਰੀਆਂ ਨੇ ਹਿੱਸਾ ਲਿਆ। ਇਸ ਵਾਰ ਸਰਕਾਰ ਵੱਲੋਂ ਖੇਡਾਂ ਵਿੱਚ 10 ਲੱਖ ਤੱਕ ਖਿਡਾਰੀਆਂ ਦੀ ਸ਼ਮੂਲੀਅਤ ਦਾ ਟੀਚਾ ਰੱਖਿਆ ਗਿਆ ਹੈ। ਇਨ੍ਹਾਂ ਖੇਡਾਂ ਰਾਹੀਂ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਦਿਖਾਉਣ ਲਈ ਵੱਡਾ ਮੰਚ ਮਿਲ ਰਿਹਾ ਹੈ ਅਤੇ ਪਿੰਡ ਪੱਧਰ ਤੋਂ ਲੈ ਕੇ ਸੂਬਾ ਪੱਧਰ ਤੱਕ ਖੇਡ ਪ੍ਰਤਿਭਾ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਵਾਰ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ 9 ਉਮਰ ਵਰਗਾਂ ਅਧੀਨ 38 ਖੇਡਾਂ, ਇੱਕ ਪ੍ਰਦਰਸ਼ਨੀ ਖੇਡ ਟੈਨਿਸ ਬਾਲ ਕ੍ਰਿਕਟ ਅਤੇ 4 ਪੈਰਾ ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਉਮਰ ਵਰਗਾਂ ਵਿੱਚ ਅੰਡਰ-14, ਅੰਡਰ-17, ਅੰਡਰ-



21, 21-30, 31-40, 41-50, 51-60, 61-70 ਅਤੇ 70 ਸਾਲ ਤੋਂ ਉੱਪਰ ਦੇ ਵਰਗ ਸ਼ਾਮਲ ਹਨ। ਲੜਕਿਆਂ ਅਤੇ ਲੜਕੀਆਂ ਦੇ ਵੱਖ-ਵੱਖ ਮੁਕਾਬਲੇ ਕਰਵਾਏ ਜਾਣਗੇ। ਖੇਡਾਂ ਦੇ ਜੇਤੂ ਖਿਡਾਰੀਆਂ ਨੂੰ 12 ਕਰੋੜ ਰੁਪਏ ਤੋਂ ਵੱਧ ਦੀ ਇਨਾਮੀ ਰਾਸ਼ੀ ਦੇ ਨਾਲ ਗ੍ਰੇਡੇਸ਼ਨ ਸਰਟੀਫਿਕੇਟ ਵੀ ਦਿੱਤੇ ਜਾਣਗੇ। ਇਸ ਨਾਲ ਖਿਡਾਰੀਆਂ ਨੂੰ ਖੇਡਾਂ ਪ੍ਰਤੀ ਹੋਰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਦੇ ਭਵਿੱਖ ਨੂੰ ਬਿਹਤਰ ਬਣਾਉਣ ਵਿੱਚ ਮਦਦ ਮਿਲੇਗੀ।

ਸ. ਬੈਂਸ ਨੇ ਕਿਹਾ ਕਿ ਬਲਾਕ ਪੱਧਰ 'ਤੇ 7 ਖੇਡਾਂ ਦੇ ਮੁਕਾਬਲੇ 18 ਸਤੰਬਰ ਤੱਕ ਚੱਲਣਗੇ, ਜਿਨ੍ਹਾਂ ਵਿੱਚ ਅਥਲੈਟਿਕਸ, ਖੋ-ਖੋ, ਕਬੱਡੀ ਨੈਸ਼ਨਲ ਸਟਾਈਲ, ਕਬੱਡੀ ਸਰਕਲ ਸਟਾਈਲ, ਫੁੱਟਬਾਲ, ਵਾਲੀਬਾਲ ਸਮੈਸ਼ਿੰਗ ਅਤੇ ਵਾਲੀਬਾਲ ਸ਼ੂਟਿੰਗ ਸ਼ਾਮਲ ਹਨ। ਉਨ੍ਹਾਂ ਕਿਹਾ ਕਿ 20 ਤੋਂ 30 ਸਤੰਬਰ ਤੱਕ ਜ਼ਿਲ੍ਹਾ ਪੱਧਰੀ ਮੁਕਾਬਲੇ ਕਰਵਾਏ ਜਾਣਗੇ, ਜਿੱਥੇ ਇਨ੍ਹਾਂ 7 ਖੇਡਾਂ ਤੋਂ ਇਲਾਵਾ ਹੈਂਡਬਾਲ, ਸਾਫਟਬਾਲ, ਜੂਡੋ, ਗੱਤਕਾ, ਕਿੱਕ ਬਾਕਸਿੰਗ, ਹਾਕੀ, ਨੈਟਬਾਲ, ਬੈਡਮਿੰਟਨ, ਬਾਸਕਟਬਾਲ, ਪਾਵਰ ਲਿਫਟਿੰਗ, ਲਾਅਨ ਟੈਨਿਸ, ਰੈਸਲਿੰਗ, ਸਵੀਮਿੰਗ, ਬਾਕਸਿੰਗ, ਟੇਬਲ ਟੈਨਿਸ, ਵੇਟਲਿਫਟਿੰਗ, ਚੈੱਸ, ਸ਼ੂਟਿੰਗ, ਫੈਂਸਿੰਗ, ਰੋਲਰ ਸਕੇਟਿੰਗ ਅਤੇ ਆਰਚਰੀ ਸਮੇਤ ਕੁੱਲ 28 ਖੇਡਾਂ ਦੇ ਮੁਕਾਬਲੇ ਹੋਣਗੇ। ਇਸ ਤੋਂ ਬਾਅਦ ਸਿੱਖਿਆ ਮੰਤਰੀ ਨੇ ਕਿਹਾ ਕਿ 10 ਅਕਤੂਬਰ ਤੋਂ 23 ਨਵੰਬਰ ਤੱਕ ਸੂਬਾ ਪੱਧਰੀ ਮੁਕਾਬਲੇ ਹੋਣਗੇ, ਜਿੱਥੇ ਜ਼ਿਲ੍ਹਾ ਪੱਧਰ ਦੀਆਂ 28 ਖੇਡਾਂ ਤੋਂ ਇਲਾਵਾ ਜਿਮਨਾਸਟਿਕ, ਰੋਇੰਗ, ਕੈਕਿੰਗ-ਕੈਨੋਇੰਗ, ਵੁਸ਼ੂ, ਰਗਬੀ, ਸਾਈਕਲਿੰਗ, ਘੁੜਸਵਾਰੀ, ਤਾਇਕਵਾਂਡੋ, ਬੇਸਬਾਲ ਅਤੇ ਕਰਾਟੇ ਸਮੇਤ 10 ਹੋਰ ਖੇਡਾਂ ਨੂੰ ਸ਼ਾਮਲ ਕਰਕੇ ਕੁੱਲ 38 ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ।

ਸਿੱਖਿਆ ਮੰਤਰੀ ਨੇ ਖਿਡਾਰੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅੱਜ ਸ੍ਰੀ ਦਸ਼ਮੇਸ਼ ਮਾਰਸ਼ਲ ਅਕੈਡਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ੁਰੂ ਹੋਏ ਮੁਕਾਬਲਿਆਂ ਦੌਰਾਨ ਤਿੰਨ ਦਿਨਾਂ ਵਿੱਚ ਐਥਲੈਟਿਕਸ, ਕਬੱਡੀ ਨੈਸ਼ਨਲ ਅਤੇ ਸਰਕਲ ਸਟਾਈਲ, ਵਾਲੀਬਾਲ, ਖੋ-ਖੋ ਅਤੇ ਫੁੱਟਬਾਲ ਦੇ ਮੁਕਾਬਲੇ ਕਰਵਾਏ ਜਾਣਗੇ। 9 ਸਤੰਬਰ ਨੂੰ ਲੜਕੀਆਂ ਦੇ ਅੰਡਰ-14, ਅੰਡਰ-17, ਅੰਡਰ-21, ਅੰਡਰ-30 ਅਤੇ 31-40 ਸਾਲ ਉਮਰ ਵਰਗ ਦੇ ਮੁਕਾਬਲੇ ਹੋਣਗੇ। ਇਸ ਤੋਂ ਇਲਾਵਾ ਅੰਡਰ-14 ਲੜਕਿਆਂ ਦੇ ਮੁਕਾਬਲੇ ਵੀ ਇਸੇ ਦਿਨ ਕਰਵਾਏ ਜਾ ਰਹੇ ਹਨ। ਇਸ ਦੇ ਨਾਲ ਹੀ 25 ਤੋਂ 28 ਨਵੰਬਰ ਤੱਕ ਪੈਰਾ ਪਾਵਰਲਿਫਟਿੰਗ, ਪੈਰਾ ਬੈਡਮਿੰਟਨ, ਵ੍ਹੀਲਚੇਅਰ ਬਾਸਕਟਬਾਲ ਅਤੇ ਪੈਰਾ ਅਥਲੈਟਿਕਸ ਦੇ ਮੁਕਾਬਲੇ ਕਰਵਾਏ ਜਾਣਗੇ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਨ੍ਹਾਂ ਖੇਡਾਂ ਦਾ ਮੁੱਖ ਉਦੇਸ਼ ਨੌਜਵਾਨਾਂ ਅਤੇ ਖਿਡਾਰੀਆਂ ਨੂੰ ਖੇਡਾਂ ਨਾਲ ਜੋੜਨਾ, ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨਾ ਅਤੇ ਪੰਜਾਬ ਵਿੱਚ ਖੇਡਾਂ ਲਈ ਹੋਰ ਮਜ਼ਬੂਤ ਮਾਹੌਲ ਪੈਦਾ ਕਰਨਾ ਹੈ।

## ਪਰਾਲੀ ਦੀ ਸੁਚੱਜੀ ਸੰਭਾਲ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਪ੍ਰਚਾਰ ਵੈਨਾਂ ਰਵਾਨਾ




**ਤਰਨ ਤਾਰਨ, 10 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਤਰਨ ਤਾਰਨ ਵੱਲੋ ਸਾਂਝੇ ਤੌਰ 'ਤੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ, ਨਵੀਂ ਦਿੱਲੀ ਵੱਲੋਂ ਜਾਰੀ ਹੁਕਮਾਂ ਦੀ ਸਖ਼ਤੀ ਨਾਲ ਪਾਲਣਾ ਕਰਦੇ ਹੋਏ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਪਰਾਲੀ ਨੂੰ ਅੱਗ ਲਾਉਣ ਤੋਂ ਰੋਕਣ ਲਈ ਅਤੇ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਅੱਜ 8 ਪ੍ਰਚਾਰ ਵੈਨਾਂ ਬਲਾਕ ਤਰਨ ਤਾਰਨ, ਨੌਸ਼ਹਿਰਾ ਪਨੂੰਆਂ, ਚੋਹਲਾ ਸਾਹਿਬ, ਖਡੂਰ ਸਾਹਿਬ, ਭਿੱਖੀਵਿੰਡ, ਵਲਟੋਹਾ ਤੇ ਪੱਟੀ ਲਈ ਰਵਾਨਾ ਕੀਤੀਆਂ ਗਈਆਂ। ਇਨ੍ਹਾਂ ਵੈਨਾਂ ਨੂੰ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਦਿੱਤਿਆ ਸ਼ਰਮਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ।

ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਤੇਜ਼ਬੀਰ ਸਿੰਘ ਭੰਗੂ ਨੇ ਦੱਸਿਆ ਕਿ ਇਹ ਪ੍ਰਚਾਰ ਵੈਨਾਂ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕਰਨਗੀਆਂ ਅਤੇ ਇਸ ਤੋਂ ਹੋਣ ਵਾਲੇ ਨੁਕਸਾਨ ਜਿਵੇ ਕਿ ਵਾਤਾਵਰਣ ਨੂੰ ਪਲੀਤ ਹੋਣ ਤੋ ਬਚਾਉਣਾ, ਸੜਕੀ ਹਾਦਸਿਆਂ ਤੋ ਬਚਾਅ, ਮਿੱਤਰ ਕੀੜਿਆਂ ਦੀ ਸਾਂਭ-ਸੰਭਾਲ ਅਤੇ ਧਰਤੀ ਵਿਚਲੇ ਖ਼ੁਰਾਕੀ ਤੱਤਾਂ ਦੀ ਉਪਲਬੱਧਤਾ ਬਾਰੇ ਸੁਚੱਜੀ ਜਾਣਕਾਰੀ ਦੇਣਗੀਆਂ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵੈਨਾਂ ਦੇ ਨਾਲ ਖੇਤੀਬਾੜੀ ਵਿਭਾਗ ਤੋਂ ਕਰਮਚਾਰੀ ਵੀ ਵੈਨਾਂ ਦੇ ਨਾਲ ਭੇਜੇ ਗਏ ਹਨ, ਜੋ ਕਿ ਕਿਸਾਨਾਂ ਨੂੰ ਨਿੱਜੀ ਤੌਰ 'ਤੇ ਮਿਲ ਕੇ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕ ਕਰਨਗੇ। ਇਸ ਦੇ ਨਾਲ ਹੀ ਇਨ੍ਹਾਂ ਪ੍ਰਚਾਰ ਵੈਨਾਂ ਰਾਹੀਂ ਕਿਸਾਨਾਂ ਨੂੰ ਨਸ਼ੇ ਦੇ ਬੁਰੇ ਪ੍ਰਭਾਵਾਂ ਬਾਰੇ ਵੀ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਹੀ ਲਗਾਉਣ ਦਿੱਤੀ ਜਾਵੇਗੀ ਅਤੇ ਕਿਸਾਨਾਂ ਨੂੰ ਇਸ ਸਬੰਧੀ ਪ੍ਰੇਰਿਤ ਕਰਨ ਲਈ ਵਿਭਾਗ ਵੱਲੋਂ ਸੁਚੱਜੇ ਕਦਮ ਚੁਕੇ ਜਾ ਰਹੇ ਹਨ ਅਤੇ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਖਿਲਾਫ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਵੈਨਾਂ ਨੂੰ ਰਵਾਨਾ ਕਰਨ ਮੌਕੇ ਡਾ. ਅਮਰਦੀਪ ਸਿੰਘ ਖੇਤੀਬਾੜੀ ਅਫ਼ਸਰ ਚੋਹਲਾ ਸਾਹਿਬ, ਪ੍ਰਭਸਿਮਰਨ ਸਿੰਘ, ਗੁਰਬਰਿੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ, ਵਿਕਰਮ ਸੂਦ ਪ੍ਰੋਜੈਕਟ ਡਾਇਰੈਕਟਰ, ਜਗਦੀਪ ਕੌਰ ਡਿਪਟੀ ਪ੍ਰੋਜੈਕਟ ਡਾਇਰੈਕਟਰ, ਸੁਖਬੀਰ ਸਿੰਘ ਜੂਨੀਅਰ ਤਕਨੀਸ਼ੀਅਨ ਅਤੇ ਹੋਰ ਖੇਤੀ ਸਟਾਫ ਹਾਜ਼ਰ ਸੀ।

# ਅਮਨ ਅਰੋੜਾ ਨੇ 100-125 ਫੀਸਦ ਐਫ.ਸੀ.ਆਈ. ਰਿਟਰਨ, ਫਾਸਟ-ਟਰੈਕ ਪ੍ਰਵਾਨਗੀਆਂ ਦੇ ਨਾਲ ਆਲਮੀ ਨਿਵੇਸ਼ਕਾਂ ਨੂੰ ਪੰਜਾਬ ਵਿੱਚ ਨਿਵੇਸ਼ ਦਾ ਸੱਦਾ ਦਿੱਤਾ

**ਚੰਡੀਗੜ੍ਹ/ਦੁਬਈ, 10 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਨੂੰ ਭਾਰਤ ਦੇ ਅਗਲੇ ਵੱਡੇ ਅਤੇ ਸਭ ਤੋਂ ਪਸੰਦੀਦਾ ਨਿਵੇਸ਼ ਸਥਾਨ ਵਜੋਂ ਪੇਸ਼ ਕਰਦਿਆਂ ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਯੂਏਈ ਦੇ ਨਿਵੇਸ਼ਕਾਂ ਅਤੇ ਵਿਸ਼ਵ ਪੱਧਰੀ ਕਾਰੋਬਾਰੀਆਂ ਨੂੰ ਸੂਬੇ ਵਿੱਚ ਨਿਵੇਸ਼ ਦਾ ਸੱਦਾ ਦਿੱਤਾ। ਉਨ੍ਹਾਂ ਨੇ ਉਦਯੋਗਾਂ ਨੂੰ ਸੂਬੇ ਦੀ ਨਵੀਂ ਉਦਯੋਗਿਕ ਅਤੇ ਵਪਾਰਕ ਵਿਕਾਸ ਨੀਤੀ-2026 ਤਹਿਤ 100 ਫੀਸਦ ਤੋਂ 125 ਫੀਸਦ ਵਿੱਤੀ ਪ੍ਰੋਤਸਾਹਨ, ਫਾਸਟ-ਟਰੈਕ ਪ੍ਰਵਾਨਗੀਆਂ ਅਤੇ ਸਿੰਗਲ-ਵਿੰਡੋ ਪਲੇਟਫਾਰਮ ਇਨਵੈਸਟ ਪੰਜਾਬ ਰਾਹੀਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।




ਦੁਬਈ ਵਿੱਚ ਸਾਲਾਨਾ ਨਿਵੇਸ਼ ਮੀਟਿੰਗ (ਏਆਈਐਮ) ਦੌਰਾਨ ਨਿਵੇਸ਼ਕਾਂ ਅਤੇ ਉਦਯੋਗਪਤੀਆਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਵਿੱਚ ਮਜ਼ਬੂਤ ਉਦਯੋਗਿਕ ਬੁਨਿਆਦੀ ਢਾਂਚਾ, ਹੁਨਰਮੰਦ ਨੌਜਵਾਨ, ਸਾਜ਼ਗਾਰ ਉੱਦਮੀ ਈਕੋਸਿਸਟਮ, ਉੱਨਤ ਖੇਤੀਬਾੜੀ, ਰਣਨੀਤਕ ਸੰਪਰਕ ਅਤੇ ਵਿਆਪਕ ਖ਼ਪਤਕਾਰ ਮਾਰਕੀਟ ਮੌਜੂਦ ਹੈ ਜੋ ਇਸ ਨੂੰ ਯੂਏਈ ਅਤੇ ਵਿਸ਼ਵ ਪੱਧਰੀ ਨਿਵੇਸ਼ਕਾਂ ਲਈ ਇੱਕ ਆਦਰਸ਼ ਸਥਾਨ ਬਣਾਉਂਦਾ ਹੈ।

ਯੂਏਈ ਆਧਾਰਿਤ ਨਿਵੇਸ਼ਕਾਂ, ਵਿਸ਼ਵ ਪੱਧਰੀ ਕਾਰੋਬਾਰੀਆਂ ਅਤੇ ਪੰਜਾਬੀ ਭਾਈਚਾਰੇ ਨੂੰ ਪੰਜਾਬ ਦੇ ਉਦਯੋਗਿਕ ਵਿਕਾਸ ਦੇ ਅਗਲੇ ਪੜਾਅ ਦਾ ਹਿੱਸਾ ਬਣਨ ਦਾ ਸੱਦਾ ਦਿੰਦਿਆਂ ਸ਼੍ਰੀ ਅਮਨ ਅਰੋੜਾ ਨੇ ਸੂਬੇ ਦੀ ਪ੍ਰਗਤੀਸ਼ੀਲ ਉਦਯੋਗਿਕ ਅਤੇ ਕਾਰੋਬਾਰੀ ਵਿਕਾਸ ਨੀਤੀ 2026 ਨੂੰ ਉਜਾਗਰ ਕੀਤਾ, ਜਿਸ ਵਿੱਚ ਵੱਖ-ਵੱਖ ਨਿਵੇਸ਼ਕ ਸ਼੍ਰੇਣੀਆਂ ਅਤੇ ਤਰਜੀਹੀ ਖੇਤਰਾਂ ਅਤੇ ਪੰਜਾਬ ਵਿੱਚ ਸਿੰਗਲ-ਵਿਨਵੈਸਟ ਸਿਸਟਮ ਰਾਹੀਂ ਪ੍ਰੋਤਸਾਹਨ ਸਬੰਧੀ ਬਿਹਤਰ ਢਾਂਚੇ ਦੀ ਪੇਸ਼ਕਸ਼ ਕੀਤੀ ਗਈ ਹੈ।

ਅਮਨ ਅਰੋੜਾ ਨੇ ਕਿਹਾ, ਪੰਜਾਬ ਦੇ ਦਰਵਾਜੇ ਵਪਾਰ ਲਈ ਖੁੱਲ੍ਹੇ ਹਨ ਅਤੇ ਸੂਬਾ ਨਿਵੇਸ਼ ਲਈ ਪੂਰੀ ਤਰ੍ਹਾਂ ਤਿਆਰ ਹੈ। ਅਸੀਂ ਚਾਹੁੰਦੇ ਹਾਂ ਕਿ ਨਿਵੇਸ਼ਕ ਪੰਜਾਬ ਨੂੰ ਸਿਰਫ਼ ਇੱਕ ਮਾਰਕੀਟ ਵਜੋਂ ਨਹੀਂ, ਸਗੋਂ ਨਿਰਮਾਣ, ਫੂਡ ਪ੍ਰੋਸੈਸਿੰਗ, ਤਕਨਾਲੋਜੀ, ਲੌਜਿਸਟਿਕਸ ਅਤੇ ਵਿਸ਼ਵ ਪੱਧਰੀ ਕਾਰੋਬਾਰ ਦੇ ਸੰਚਾਲਨ ਲਈ ਇੱਕ ਰਣਨੀਤਕ ਭਾਈਵਾਲ ਵਜੋਂ ਵੇਖਣ। ਸਾਡਾ ਧਿਆਨ ਕਾਰੋਬਾਰ ਕਰਨ ਵਿੱਚ ਸੌਖ, ਤੁਰੰਤ ਪ੍ਰਵਾਨਗੀਆਂ, ਨੀਤੀਗਤ ਸਪੱਸ਼ਟਤਾ ਅਤੇ ਨਿਵੇਸ਼ਕਾਂ ਲਈ ਵੱਧ ਤੋਂ ਵੱਧ ਸਹਾਇਤਾ ਪ੍ਰਦਾਨ ਕਰਨ 'ਤੇ ਕੇਂਦਰਤ ਹੈ।

ਇਸ ਨੀਤੀ ਤਹਿਤ, ਯੋਗ ਨਿਰਮਾਣ ਇਕਾਈਆਂ ਸਥਿਰ ਫ਼ਿਕਸਡ ਕੈਪੀਟਲ ਇਨਵੈਸਟਮੈਂਟ (ਐਫ.ਸੀ.ਆਈ.) ਦੇ 100 ਫੀਸਦ ਤੱਕ ਵਿੱਤੀ ਪ੍ਰੋਤਸਾਹਨ ਪ੍ਰਾਪਤ ਕਰ ਸਕਦੀਆਂ ਹਨ, ਜਦੋਂ ਕਿ ਤਰਜੀਹੀ ਖੇਤਰਾਂ ਅਤੇ ਸਰਹੱਦੀ ਜ਼ਿਲ੍ਹਿਆਂ ਅਤੇ ਕੰਢੀ ਖੇਤਰਾਂ ਵਿੱਚ ਇਕਾਈਆਂ ਐਫਸੀਆਈ ਦੇ 125 ਫੀਸਦ ਤੱਕ ਪ੍ਰੋਤਸਾਹਨ ਲਈ ਯੋਗ ਹਨ, ਜੋ ਕਿ 500 ਕਰੋੜ ਰੁਪਏ ਦੀ ਕੁੱਲ ਸੀਮਾ ਦੇ ਅਧੀਨ ਹੈ। ਮੁੱਖ ਲਾਭਾਂ ਵਿੱਚ ਯੋਗ ਐਫਸੀਆਈ ਦੇ 20 ਫੀਸਦ ਤੱਕ ਦੀ ਪੂੰਜੀ ਸਬਸਿਡੀ (10 ਕਰੋੜ ਰੁਪਏ ਤੱਕ), ਯੋਗ ਮਿਆਦ ਲਈ ਸ਼ੁੱਧ ਐਸਜੀਐਸਟੀ ਦੀ 75 ਫੀਸਦ ਤੱਕ ਅਦਾਇਗੀ ਅਤੇ ਲਾਗੂ ਸ਼ਰਤਾਂ ਦੇ ਅਧੀਨ, ਯੋਗ ਨਵੀਆਂ ਇਕਾਈਆਂ ਦੇ ਨਾਲ-ਨਾਲ ਵਿਸਥਾਰ ਕਰਨ ਵਾਲੀਆਂ ਮੌਜੂਦਾ ਇਕਾਈਆਂ ਲਈ ਬਿਜਲੀ ਡਿਊਟੀ ਵਿੱਚ 100 ਫੀਸਦ ਛੋਟ ਸ਼ਾਮਲ ਹੈ।

ਇਹ ਨੀਤੀ ਰੁਜ਼ਗਾਰ ਦੇ ਮੌਕੇ ਵੀ ਪ੍ਰਦਾਨ ਕਰ ਰਹੀ ਹੈ ਅਤੇ ਤਰਜੀਹੀ ਤੇ ਉੱਭਰ ਰਹੇ ਖੇਤਰਾਂ ਵਿੱਚ ਨਿਵੇਸ਼ ਨੂੰ ਉਤਸ਼ਾਹਿਤ ਕਰ ਰਹੀ ਹੈ, ਜਿਸ ਨਾਲ ਨਿਵੇਸ਼ਕ ਆਪਣੇ ਕਾਰੋਬਾਰ ਅਤੇ ਰੁਜ਼ਗਾਰ ਯੋਜਨਾਵਾਂ ਨਾਲ ਪ੍ਰੋਤਸਾਹਨ ਨੂੰ ਜੋੜ ਸਕਦੇ ਹਨ। ਇਹ ਢਾਂਚਾ ਨਾ ਸਿਰਫ਼ ਨਵੇਂ ਪ੍ਰੋਜੈਕਟਾਂ ਨੂੰ, ਸਗੋਂ ਮੌਜੂਦਾ ਉਦਯੋਗਿਕ ਇਕਾਈਆਂ ਦੇ ਵਿਸਥਾਰ ਅਤੇ ਆਧੁਨਿਕੀਕਰਨ ਸਬੰਧੀ ਵੀ ਲਾਭ ਪ੍ਰਦਾਨ ਕਰਦਾ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਫੂਡ ਪ੍ਰੋਸੈਸਿੰਗ ਅਤੇ ਖੇਤੀਬਾੜੀ, ਨਿਰਮਾਣ, ਲੌਜਿਸਟਿਕਸ, ਟੈਕਸਟਾਈਲ, ਆਈਟੀ/ਆਈਟੀਈਐਸ, ਗਲੋਬਲ ਸਮਰੱਥਾ ਕੇਂਦਰ (ਜੀਸੀਸੀ), ਡੇਟਾ ਸੈਂਟਰ, ਨਵਿਆਉਣਯੋਗ ਊਰਜਾ, ਉੱਭਰ ਰਹੀਆਂ ਤਕਨਾਲੋਜੀਆਂ, ਹੁਨਰ ਵਿਕਾਸ ਅਤੇ ਰੁਜ਼ਗਾਰ-ਸਬੰਧੀ ਖੇਤਰਾਂ ਵਿੱਚ ਯੂਏਈ ਤੋਂ ਨਿਵੇਸ਼ ਨੂੰ ਆਕਰਸ਼ਿਤ ਕਰਨ ਲਈ ਉਤਸੁਕ ਹੈ।

ਉਦਯੋਗ ਮੰਤਰੀ ਨੇ ਕਿਹਾ ਕਿ ਇਨਵੈਸਟ ਪੰਜਾਬ ਸੂਬੇ ਦੀ ਨਿਵੇਸ਼ਕ ਸਹੂਲਤ ਰਣਨੀਤੀ ਦਾ ਅਧਾਰ ਹੈ, ਜੋ ਰੈਗੂਲੇਟਰੀ ਪ੍ਰਵਾਨਗੀਆਂ, ਪ੍ਰੋਤਸਾਹਨ ਅਤੇ ਸਹਾਇਤਾ ਲਈ ਏਕੀਕ੍ਰਿਤ ਪਲੇਟਫਾਰਮ ਪ੍ਰਦਾਨ ਕਰਦਾ ਹੈ। ਇਸ ਡਿਜੀਟਲ ਪਲੇਟਫਾਰਮ ਰਾਹੀਂ, ਨਿਵੇਸ਼ਕ ਅਰਜ਼ੀਆਂ ਜਮ੍ਹਾਂ ਕਰ ਸਕਦੇ ਹਨ, ਰੈਗੂਲੇਟਰੀ ਸੇਵਾਵਾਂ ਤੱਕ ਪਹੁੰਚ ਕਰ ਸਕਦੇ ਹਨ, ਪ੍ਰਵਾਨਗੀਆਂ ਨੂੰ ਟਰੈਕ ਕਰ ਸਕਦੇ ਹਨ, ਪ੍ਰੋਜੈਕਟ-ਵਿਸ਼ੇਸ਼ ਸਹੂਲਤ ਦੀ ਮੰਗ ਕਰ ਸਕਦੇ ਹਨ ਅਤੇ ਨਿਵੇਸ਼ ਸਬੰਧੀ ਨਿਰੰਤਰ ਸਹਾਇਤਾ ਪ੍ਰਾਪਤ ਕਰ ਸਕਦੇ ਹਨ ਜਿਸ ਨਾਲ ਪ੍ਰਕਿਰਿਆਤਮਕ ਦੇਰੀ ਵਿੱਚ ਵੱਡੀ ਕਮੀ ਆਈ ਹੈ ਅਤੇ ਪ੍ਰਵਾਨਗੀਆਂ ਲਈ ਕਈ ਵਿਭਾਗਾਂ ਤੱਕ ਪਹੁੰਚ ਕਰਨ ਦੀ ਜ਼ਰੂਰਤ ਖ਼ਤਮ ਹੋ ਗਈ ਹੈ।

ਸ਼੍ਰੀ ਅਮਨ ਅਰੋੜਾ ਨੇ ਕਿਹਾ, ਅਸੀਂ ਚਾਹੁੰਦੇ ਹਾਂ ਕਿ ਦੁਬਈ ਵਿੱਚ ਰਹਿ ਰਿਹਾ ਨਿਵੇਸ਼ਕ ਪੰਜਾਬ ਨਾਲ ਡਿਜੀਟਲ ਰੂਪ ਵਿੱਚ ਜੁੜ ਸਕੇ, ਲਾਗੂ ਪ੍ਰਵਾਨਗੀਆਂ ਅਤੇ ਪ੍ਰੋਤਸਾਹਨਾਂ ਬਾਰੇ ਪੂਰੀ ਸਪੱਸ਼ਟਤਾ ਪ੍ਰਾਪਤ ਕਰੇ ਅਤੇ ਇਨਵੈਸਟ ਪੰਜਾਬ ਰਾਹੀਂ ਸਮਰਪਿਤ ਸਹੂਲਤ ਪ੍ਰਾਪਤ ਕਰ ਸਕੇ। ਸਾਡਾ ਉਦੇਸ਼ ਨਿਵੇਸ਼ ਦੇ ਵਿਚਾਰ ਤੋਂ ਕਾਰੋਬਾਰ ਸ਼ੁਰੂ ਕਰਨ ਤੱਕ ਦੀ ਪੂਰੀ ਯਾਤਰਾ ਨੂੰ ਅਨੁਮਾਨਯੋਗ, ਪਾਰਦਰਸ਼ੀ ਅਤੇ ਨਿਰਵਿਘਨ ਬਣਾਉਣਾ ਹੈ।

ਉਨ੍ਹਾਂ ਕਿਹਾ ਕਿ ਇਨਵੈਸਟ ਪੰਜਾਬ ਦਫ਼ਤਰ ਯੂਏਈ ਦੇ ਨਿਵੇਸ਼ਕਾਂ ਨੂੰ ਢੁਕਵੇਂ ਮੌਕਿਆਂ ਅਤੇ ਸਥਾਨਾਂ ਦੀ ਪਛਾਣ ਕਰਨ ਤੋਂ ਲੈ ਕੇ ਪ੍ਰਵਾਨਗੀਆਂ ਪ੍ਰਾਪਤ ਕਰਨ ਅਤੇ ਯੋਗ ਪ੍ਰੋਤਸਾਹਨਾਂ ਤੱਕ ਪਹੁੰਚ ਕਰਨ ਤੱਕ ਹਰ ਸਹੂਲਤ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਅੰਮ੍ਰਿਤਸਰ-ਕੋਲਕਾਤਾ ਉਦਯੋਗਿਕ ਕੋਰੀਡੋਰ (ਏਕੇਆਈਸੀ) 'ਤੇ ਰਾਜਪੁਰਾ ਵਿਖੇ ਬਣਾਏ ਜਾਣ ਵਾਲੇ 1,100 ਏਕੜ ਦੇ ਏਕੀਕ੍ਰਿਤ ਨਿਰਮਾਣ ਕਲੱਸਟਰ ਨੂੰ ਨਿਰਮਾਣ ਅਤੇ ਸਹਾਇਕ ਉਦਯੋਗਾਂ ਲਈ ਇੱਕ ਪ੍ਰਮੁੱਖ ਮੌਕੇ ਵਜੋਂ ਉਜਾਗਰ ਕੀਤਾ। ਇਹ ਪ੍ਰੋਜੈਕਟ ਮਹੱਤਵਪੂਰਨ ਨਿਵੇਸ਼ ਨੂੰ ਆਕਰਸ਼ਿਤ ਕਰਨ ਦੇ ਨਾਲ ਨਾਲ ਵੱਡੇ ਪੱਧਰ 'ਤੇ ਰੁਜ਼ਗਾਰ ਪੈਦਾ ਕਰੇਗਾ।

ਸ੍ਰੀ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਯੂਏਈ ਦੇ ਵਿਸ਼ਵ ਵਿਆਪੀ ਨਿਵੇਸ਼ ਨੈਟਵਰਕ ਅਤੇ ਨਿਰਮਾਣ, ਖੇਤੀਬਾੜੀ, ਫੂਡ ਪ੍ਰੋਸੈਸਿੰਗ, ਤਕਨਾਲੋਜੀ ਅਤੇ ਮਨੁੱਖੀ ਵਸੀਲਿਆਂ ਵਿੱਚ ਪੰਜਾਬ ਦੀਆਂ ਸਮਰੱਥਾਵਾਂ ਦਾ ਲਾਭ ਉਠਾਉਂਦੇ ਹੋਏ ਯੂਏਈ ਨਾਲ ਲੰਬੇ ਸਮੇਂ ਦੀ ਭਾਈਵਾਲੀ ਬਣਾਉਣ ਲਈ ਵਚਨਬੱਧ ਹੈ।



# ਹਰਿਆਣਾ ਖ਼ਬਰਨਾਮਾ



# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 50 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ 1,890 ਕਰੋੜ ਰੁਪਏ ਤੋਂ ਵੱਧ ਦੀ ਰਕਮ ਟਰਾਂਸਫਰ ਕੀਤੀ

## ➢ ਦੀਨ ਦਿਆਲ ਲਾਡੋ ਲਕਸ਼ਮੀ ਯੋਜਨਾ ਦੀ 11ਵੀਂ ਕਿਸ਼ਤ ਵਜੋਂ 10.10 ਲੱਖ ਭੈਣਾਂ ਦੇ ਖਾਤਿਆਂ ਵਿੱਚ 212.16 ਕਰੋੜ ਰੁਪਏ ਦੀ ਰਕਮ ਜਾਰੀ ➢ ਉਦਯੋਗ ਅਤੇ ਵਣਜ ਵਿਭਾਗ ਦੀਆਂ 7 ਯੋਜਨਾਵਾਂ ਤਹਿਤ ਲਾਭਪਾਤਰੀਆਂ ਨੂੰ 311.25 ਕਰੋੜ ਰੁਪਏ ਦੀ ਪ੍ਰੋਤਸਾਹਨ ਰਕਮ ਜਾਰੀ

**ਚੰਡੀਗੜ੍ਹ 10 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਵੱਖ-ਵੱਖ ਯੋਜਨਾਵਾਂ ਤਹਿਤ 50 ਲੱਖ 28 ਹਜ਼ਾਰ 208 ਪਾਤਰ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ 1 ਹਜ਼ਾਰ 890 ਕਰੋੜ 16 ਲੱਖ ਰੁਪਏ ਦੀ ਰਕਮ ਜਾਰੀ ਕੀਤੀ। ਇਨ੍ਹਾਂ ਵਿੱਚ ਦੀਨ ਦਿਆਲ ਲਾਡੋ ਲਕਸ਼ਮੀ ਯੋਜਨਾ ਦੀ ਕਿਸ਼ਤ, ਬਜ਼ੁਰਗਾਂ ਤੇ ਦਿਵਿਆਂਗਾਂ ਦੀ ਸਮਾਜਿਕ ਸੁਰੱਖਿਆ ਪੈਨਸ਼ਨ, ਲੋੜਵੰਦ ਪਰਿਵਾਰਾਂ ਨੂੰ ਦਯਾਲੂ ਯੋਜਨਾ ਦੀ ਆਰਥਿਕ ਸਹਾਇਤਾ, ਗ੍ਰਹਿਣੀਆਂ ਨੂੰ ਗੈਸ ਸਬਸਿਡੀ, ਕਿਸਾਨਾਂ ਨੂੰ ਭਾਵਾਂਤਰ ਭਰਪਾਈ ਸ਼ਾਮਲ ਹਨ। ਮੁੱਖ ਮੰਤਰੀ ਨੇ ਕਿਹਾ ਕਿ ਡਬਲ ਇੰਜਣ ਸਰਕਾਰ ਦਾ ਸੰਕਲਪ ਹੈ ਕਿ ਹਰ ਯੋਗ ਵਿਅਕਤੀ ਤੱਕ ਸਰਕਾਰੀ ਯੋਜਨਾ ਦਾ ਲਾਭ ਸਿੱਧੇ, ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਪਹੁੰਚੇ।

ਮੁੱਖ ਮੰਤਰੀ ਨੇ ਵੀਰਵਾਰ ਨੂੰ ਹਰਿਆਣਾ ਨਿਵਾਸ ਵਿੱਚ ਆਯੋਜਿਤ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ @ਦੀਨ ਦਿਆਲ ਲਾਡੋ ਲਕਸ਼ਮੀ@ ਯੋਜਨਾ ਦੀ 11ਵੀਂ ਕਿਸ਼ਤ ਜਾਰੀ ਕੀਤੀ ਗਈ ਹੈ। ਇਸ ਤਹਿਤ 10 ਲੱਖ 10 ਹਜ਼ਾਰ ਲਾਭਪਾਤਰੀ ਭੈਣ-ਧੀਆਂ ਦੇ ਖਾਤਿਆਂ ਵਿੱਚ 212 ਕਰੋੜ 16 ਲੱਖ ਰੁਪਏ ਪਾਏ ਗਏ ਹਨ। ਇਸ ਦੇ ਨਾਲ ਹੀ ਯੋਜਨਾ ਤਹਿਤ ਹੁਣ ਤੱਕ 11 ਕਿਸ਼ਤਾਂ ਵਿੱਚ 2 ਹਜ਼ਾਰ 254 ਕਰੋੜ 47 ਲੱਖ ਰੁਪਏ ਦੀ ਰਕਮ ਜਾਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਆਉਂਦੀ 17 ਸਤੰਬਰ ਤੋਂ 1 ਲੱਖ 80 ਹਜ਼ਾਰ ਰੁਪਏ ਤੱਕ ਦੀ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਨੂੰ ਵੀ ਇਸ ਯੋਜਨਾ ਦਾ ਲਾਭ ਮਿਲਣਾ ਸ਼ੁਰੂ ਹੋ ਜਾਵੇਗਾ। ਰਾਜ ਸਰਕਾਰ ਨੇ ਚਾਲੂ ਵਿੱਤੀ ਸਾਲ ਦੇ ਬਜਟ ਵਿੱਚ ਲਾਡੋ ਲਕਸ਼ਮੀ ਯੋਜਨਾ ਲਈ 6 ਹਜ਼ਾਰ 500 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਹੈ।

ਇਸ ਮੌਕੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਸ੍ਰੀ ਕ੍ਰਿਸ਼ਨ ਕੁਮਾਰ ਬੇਦੀ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਅਤੇ ਵਿੱਤ ਅਤੇ ਯੋਜਨਾ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਅਰੁਣ ਗੁਪਤਾ, ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਕੇ. ਮਕਰੰਦ ਪਾਂਡੁਰੰਗ, ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਡਾਇਰੈਕਟਰ ਡਾ. ਆਦਿਤਿਆ ਦਹੀਆ ਅਤੇ ਵਧੀਕ ਡਾਇਰੈਕਟਰ (ਪ੍ਰਸ਼ਾਸਨ) ਸ੍ਰੀ ਵਿਵੇਕ ਕਾਲੀਆ, ਸ੍ਰੀ ਮਨੀਸ਼ ਲੋਹਾਨ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

35 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ 1,129 ਕਰੋੜ ਰੁਪਏ ਦੀ ਸਮਾਜਿਕ ਸੁਰੱਖਿਆ ਪੈਨਸ਼ਨ

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਵੱਖ-ਵੱਖ 15 ਸਮਾਜਿਕ ਸੁਰੱਖਿਆ ਪੈਨਸ਼ਨ ਯੋਜਨਾਵਾਂ ਤਹਿਤ 35 ਲੱਖ 6 ਹਜ਼ਾਰ 841 ਲਾਭਪਾਤਰੀਆਂ ਦੇ ਖਾਤਿਆਂ ਵਿੱਚ 1 ਹਜ਼ਾਰ 129 ਕਰੋੜ 5 ਲੱਖ ਰੁਪਏ ਦੀ ਰਕਮ ਸਿੱਧੇ ਟਰਾਂਸਫਰ ਕੀਤੀ ਗਈ ਹੈ। ਇਨ੍ਹਾਂ ਵਿੱਚ ਬੁਢਾਪਾ ਸਨਮਾਨ ਭੱਤਾ, ਦਿਵਿਆਂਗ ਭੱਤਾ ਸਮੇਤ ਹੋਰ ਸਮਾਜਿਕ ਸੁਰੱਖਿਆ ਪੈਨਸ਼ਨਾਂ ਸ਼ਾਮਲ ਹਨ।

ਉਨ੍ਹਾਂ ਕਿਹਾ ਕਿ ਸਰਕਾਰ ਨੇ ਵਿਵਸਥਾ ਪਰਿਵਰਤਨ ਕਰਦੇ ਹੋਏ @ਪ੍ਰੋ-ਐਕਟਿਵ ਮਾਡਲ@ ਅਪਣਾਇਆ ਹੈ। ਪਰਿਵਾਰ ਪਹਿਚਾਣ ਪੱਤਰ ਦੇ ਡਾਟਾਬੇਸ ਦੇ ਆਧਾਰ @ਤੇ ਯੋਗਤਾ ਖੁਦ ਤੈਅ ਹੁੰਦੀ ਹੈ ਅਤੇ ਯੋਗ ਨਾਗਰਿਕਾਂ ਨੂੰ ਬਿਨਾਂ ਦਫ਼ਤਰਾਂ ਦੇ ਚੱਕਰ ਕੱਟੇ ਅਤੇ ਬਿਨਾਂ ਅਰਜ਼ੀ ਦਿੱਤੇ ਘਰ ਬੈਠੇ ਹੀ ਸਮਾਜਿਕ ਸੁਰੱਖਿਆ ਪੈਨਸ਼ਨ ਦਾ ਲਾਭ ਮਿਲ ਰਿਹਾ ਹੈ। ਡਾਇਰੈਕਟ ਬੈਨਿਫਿਟ ਟਰਾਂਸਫਰ ਰਾਹੀਂ ਕੀਤਾ ਜਾ ਰਿਹਾ ਇਹ ਭੁਗਤਾਨ ਪਾਰਦਰਸ਼ਤਾ ਅਤੇ ਸੁਸ਼ਾਸਨ ਪ੍ਰਤੀ ਸਰਕਾਰ ਦੀ ਪ੍ਰਤੀਬੱਧਤਾ ਦਾ ਪ੍ਰਤੀਕ ਹੈ।

ਇਸ ਤੋਂ ਇਲਾਵਾ, ਦਯਾਲੂ ਯੋਜਨਾ ਤਹਿਤ 4 ਹਜ਼ਾਰ 520 ਪਰਿਵਾਰਾਂ ਨੂੰ 168 ਕਰੋੜ 13 ਲੱਖ 21 ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਪ੍ਰਦਾਨ ਕੀਤੀ ਗਈ ਹੈ। ਇਨ੍ਹਾਂ ਵਿੱਚ ਦਯਾਲੂ ਯੋਜਨਾ-2 ਦੇ 70 ਪਰਿਵਾਰ ਵੀ ਸ਼ਾਮਲ ਹਨ। ਅੱਜ ਜਾਰੀ ਰਕਮ ਨੂੰ ਮਿਲਾ ਕੇ ਹੁਣ ਤੱਕ 89 ਹਜ਼ਾਰ 56 ਪਰਿਵਾਰਾਂ ਨੂੰ 3 ਹਜ਼ਾਰ 320 ਕਰੋੜ 61 ਲੱਖ 21 ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਜਾ ਚੁੱਕੀ ਹੈ।



**5 ਲੱਖ ਭੈਣਾਂ ਨੂੰ 19.68 ਕਰੋੜ ਰੁਪਏ ਦੀ ਗੈਸ ਸਬਸਿਡੀ**

ਮੁੱਖ ਮੰਤਰੀ ਨੇ ਕਿਹਾ ਕਿ @ਹਰ ਘਰ-ਹਰ ਗ੍ਰਹਿਣੀ ਯੋਜਨਾ@ ਤਹਿਤ ਜੁਲਾਈ ਮਹੀਨੇ ਵਿੱਚ ਗੈਸ ਸਿਲੰਡਰ ਰਿਫਿਲ ਕਰਵਾਉਣ ਵਾਲੀਆਂ 5 ਲੱਖ ਭੈਣਾਂ ਦੇ ਬੈਂਕ ਖਾਤਿਆਂ ਵਿੱਚ ਅੱਜ 19 ਕਰੋੜ 68 ਲੱਖ ਰੁਪਏ ਦੀ ਸਬਸਿਡੀ ਵੀ ਟਰਾਂਸਫਰ ਕੀਤੀ ਗਈ ??। ਇਸ ਯੋਜਨਾ ਤਹਿਤ ਪਾਤਰ ਮਹਿਲਾਵਾਂ ਨੂੰ ਹਰ ਮਹੀਨੇ 500 ਰੁਪਏ ਵਿੱਚ ਗੈਸ ਸਿਲੰਡਰ ਉਪਲਬਧ ਕਰਵਾਇਆ ਜਾ ਰਿਹਾ ਹੈ। ਅੱਜ ਜਾਰੀ ਰਕਮ ਨੂੰ ਮਿਲਾ ਕੇ ਹੁਣ ਤੱਕ 14 ਲੱਖ 65 ਹਜ਼ਾਰ ਯੋਗ ਭੈਣਾਂ ਦੇ ਬੈਂਕ ਖਾਤਿਆਂ ਵਿੱਚ ਕੁੱਲ 359 ਕਰੋੜ 82 ਲੱਖ ਰੁਪਏ ਦੀ ਰਕਮ ਟਰਾਂਸਫਰ ਕੀਤੀ ਜਾ ਚੁੱਕੀ ਹੈ।

**ਕਿਸਾਨਾਂ ਨੂੰ ਭਾਵਾਂਤਰ ਭਰਪਾਈ ਦੀ ਸੌਗਾਤ**

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਭਾਵਾਂਤਰ ਭਰਪਾਈ ਯੋਜਨਾ ਤਹਿਤ ਆਲੂ, ਫੁੱਲ ਗੋਭੀ ਅਤੇ ਸ਼ਹਿਦ ਲਈ 6 ਹਜ਼ਾਰ 177 ਕਿਸਾਨਾਂ ਨੂੰ 49 ਕਰੋੜ 89 ਲੱਖ ਰੁਪਏ ਦੀ ਭਾਵਾਂਤਰ ਰਕਮ ਜਾਰੀ ਕੀਤੀ ਗਈ ਹੈ। ਇਸ ਵਿੱਚ ਆਲੂ ਲਈ 6 ਹਜ਼ਾਰ 12 ਕਿਸਾਨਾਂ ਨੂੰ 48 ਕਰੋੜ 9 ਲੱਖ ਰੁਪਏ, ਫੁੱਲ ਗੋਭੀ ਲਈ 99 ਕਿਸਾਨਾਂ ਨੂੰ 46 ਲੱਖ 76 ਹਜ਼ਾਰ ਰੁਪਏ ਅਤੇ ਸ਼ਹਿਦ ਲਈ 66 ਕਿਸਾਨਾਂ ਨੂੰ 1 ਕਰੋੜ 32 ਲੱਖ 73 ਹਜ਼ਾਰ ਰੁਪਏ ਦੀ ਰਕਮ ਸ਼ਾਮਲ ਹੈ।

ਆਲੂ ਦੀ ਭਾਵਾਂਤਰ ਰਕਮ ਅੰਬਾਲਾ, ਕਰਨਾਲ, ਕੁਰੂਕਸ਼ੇਤਰ, ਪਾਣੀਪਤ, ਯਮੁਨਾਨਗਰ ਅਤੇ ਪੰਚਕੂਲਾ ਜ਼ਿਲ੍ਹਿਆਂ ਦੇ ਸਬਜ਼ੀ ਉਤਪਾਦਕ ਕਿਸਾਨਾਂ ਨੂੰ ਜਾਰੀ ਕੀਤੀ ਗਈ ਹੈ। ਫੁੱਲ ਗੋਭੀ ਦੀ ਰਕਮ ਅੰਬਾਲਾ, ਕੁਰੂਕਸ਼ੇਤਰ ਅਤੇ ਯਮੁਨਾਨਗਰ ਜ਼ਿਲ੍ਹਿਆਂ ਦੇ ਕਿਸਾਨਾਂ ਨੂੰ ਦਿੱਤੀ ਗਈ ਹੈ। ਉੱਥੇ ਹੀ, ਸ਼ਹਿਦ ਦੀ ਰਕਮ ਅੰਬਾਲਾ, ਭਿਵਾਨੀ, ਫਤਿਆਬਾਦ, ਗੁਰੂਗ੍ਰਾਮ, ਹਿਸਾਰ, ਝੱਜਰ, ਜੀਂਦ, ਕੈਥਲ, ਕਰਨਾਲ, ਕੁਰੂਕਸ਼ੇਤਰ, ਨਾਰਨੌਲ, ਰੇਵਾੜੀ, ਰੋਹਤਕ, ਸਿਰਸਾ ਅਤੇ ਯਮੁਨਾਨਗਰ ਜ਼ਿਲ੍ਹਿਆਂ ਦੇ ਮਧੂਮੱਖੀ ਪਾਲਕਾਂ ਨੂੰ ਜਾਰੀ ਕੀਤੀ ਜਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਜਾਰੀ ਰਕਮ ਨੂੰ ਮਿਲਾ ਕੇ ਹੁਣ ਤੱਕ 45 ਹਜ਼ਾਰ 764 ਕਿਸਾਨਾਂ ਨੂੰ 246 ਕਰੋੜ 95 ਲੱਖ ਰੁਪਏ ਦੀ ਰਕਮ ਭਾਵਾਂਤਰ ਭਰਪਾਈ ਵਜੋ ਦਿੱਤੀ ਜਾ ਚੁੱਕੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਐਮ.ਐਸ.ਐਮ.ਈ. ਅਤੇ ਉਦਯੋਗ ਡਾਇਰੈਕਟੋਰੇਟ ਦੀਆਂ ਵੱਖ-ਵੱਖ 7 ਯੋਜਨਾਵਾਂ ਤਹਿਤ 670 ਲਾਭਪਾਤਰੀਆਂ ਨੂੰ 311 ਕਰੋੜ 25 ਲੱਖ ਰੁਪਏ ਦੀ ਪ੍ਰੋਤਸਾਹਨ ਰਕਮ ਵੀ ਜਾਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਬਜਟ ਭਾਸ਼ਣ ਵਿੱਚ ਇਸ ਬਾਰੇ ਐਲਾਨ ਕੀਤਾ ਗਿਆ ਸੀ।

ਉਨ੍ਹਾਂ ਕਿਹਾ ਕਿ ਇਸੇ ਐਲਾਨ ਨੂੰ ਪੂਰਾ ਕਰਦਿਆਂ ਅੱਜ ਵੱਖ-ਵੱਖ ਸਕੀਮਾਂ ਦੇ ਲਾਭਪਾਤਰੀਆਂ ਨੂੰ 311.25 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਗਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਰਾਜ ਸਰਕਾਰ ਦੀ ਤਰਜੀਹ ਹੈ ਕਿ ਗ਼ਰੀਬ, ਕਿਸਾਨ, ਮਹਿਲਾ, ਬਜ਼ੁਰਗ, ਦਿਵਿਆਂਗ ਅਤੇ ਲੋੜਵੰਦ ਪਰਿਵਾਰਾਂ ਦੇ ਨਾਲ-ਨਾਲ ਉੱਦਮੀਆਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਸਿੱਧੇ ਅਤੇ ਸਮਾਂਬੱਧ ਢੰਗ ਨਾਲ ਮਿਲੇ। ਪਾਰਦਰਸ਼ੀ ਵਿਵਸਥਾ, ਡੀ.ਬੀ.ਟੀ. ਅਤੇ ਪ੍ਰੋ-ਐਕਟਿਵ ਮਾਡਲ ਰਾਹੀਂ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਯੋਗ ਵਿਅਕਤੀ ਨੂੰ ਲਾਭ ਲੈਣ ਲਈ ਕਿਸੇ ਦਫ਼ਤਰ ਦੇ ਚੱਕਰ ਨਾ ਕੱਟਣੇ ਪੈਣ।

ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਅੱਜ ਵੱਖ-ਵੱਖ 26 ਯੋਜਨਾਵਾਂ ਤਹਿਤ ਕੁੱਲ 50 ਲੱਖ 28 ਹਜ਼ਾਰ 208 ਯੋਗ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ 1 ਹਜ਼ਾਰ 890 ਕਰੋੜ 16 ਲੱਖ ਰੁਪਏ ਦੀ ਰਕਮ ਜਾਰੀ ਕੀਤੀ ਗਈ ਹੈ।

# ਕੇ. ਮਕਰੰਦ ਪਾਂਡੁਰੰਗ ਬਣੇ ਚਰਖੀ ਦਾਦਰੀ ਜ਼ਿਲ੍ਹੇ ਦੇ ਇੰਚਾਰਜ ਅਧਿਕਾਰੀ

**ਚੰਡੀਗੜ੍ਹ 10 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਸਰਕਾਰ ਨੇ ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਅਤੇ ਖਾਨ ਅਤੇ ਭੂ-ਵਿਗਿਆਨ ਵਿਭਾਗ ਦੇ ਕਮਿਸ਼ਨਰ ਤੇ ਸਕੱਤਰ ਅਤੇ ਪੰਚਕੂਲਾ ਮਹਾਂਨ ਵਿਕਾਸ ਅਥਾਰਟੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਸ੍ਰੀ ਕੇ. ਮਕਰੰਦ ਪਾਂਡੁਰੰਗ ਨੂੰ ਉਨ੍ਹਾਂ ਦੀਆਂ ਮੌਜੂਦਾ ਜ਼ਿੰਮੇਵਾਰੀਆਂ ਤੋਂ ਇਲਾਵਾ ਚਰਖੀ ਦਾਦਰੀ ਜ਼ਿਲ੍ਹੇ ਦਾ ਇੰਚਾਰਜ ਅਧਿਕਾਰੀ ਨਿਯੁਕਤ ਕੀਤਾ ਹੈ। ਇਸ ਸਬੰਧ ਵਿੱਚ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਹੁਕਮ ਜਾਰੀ ਕੀਤੇ ਗਏ ਹਨ।

ਸੋਧੇ ਹੋਏ ਫੀਡਬੈਕ ਪ੍ਰਬੰਧ ਅਨੁਸਾਰ, ਸ੍ਰੀ ਕੇ. ਮਕਰੰਦ ਪਾਂਡੁਰੰਗ ਹਰ ਤਿਮਾਹੀ ਮਾਨੀਟਰਿੰਗ ਐਂਡ ਕੋਆਰਡੀਨੇਸ਼ਨ ਸੈਲ ਨੂੰ ਫੀਡਬੈਕ ਪੇਸ਼ ਕਰਨਗੇ। ਇਸ ਵਿੱਚ 25 ਕਰੋੜ ਰੁਪਏ ਜਾਂ ਇਸ ਤੋਂ ਵੱਧ ਲਾਗਤ ਵਾਲੇ ਪ੍ਰੋਜੈਕਟਾਂ, ਅਪਰਾਧ ਦੀ ਸਮੁੱਚੀ ਸਥਿਤੀ ਅਤੇ ਗੰਭੀਰ ਅਪਰਾਧਾਂ ਦੀਆਂ ਘਟਨਾਵਾਂ, ਵਿਜੀਲੈਂਸ ਮਾਮਲਿਆਂ, ਰਾਈਟ ਟੂ ਸਰਵਿਸ ਐਕਟ ਤਹਿਤ ਸੇਵਾ ਵੰਡ ਪ੍ਰਬੰਧ ਦੀ ਪ੍ਰਭਾਵਸ਼ੀਲਤਾ ਅਤੇ ਸਿਹਤ, ਸਿੱਖਿਆ ਤੇ ਸਮਾਜਿਕ ਖੇਤਰਾਂ ਦੇ ਕੰਮਕਹਜ ਦੀ ਸਮੀਖਿਆ ਸ਼ਾਮਲ ਹੋਵੇਗੀ।

ਉਹ ਟੈਕਸਾਂ, ਜੀ.ਐਸ.ਟੀ. ਅਤੇ ਹੋਰ ਸਬੰਧਤ ਮਾਮਲਿਆਂ ਦੇ ਸਬੰਧ ਵਿੱਚ ਡੀ.ਈ.ਟੀ.ਸੀ. ਦੇ ਸਾਹਮਣੇ ਆਉਣ ਵਾਲੀਆਂ ਰੁਕਾਵਟਾਂ ਦੀ ਵੀ ਸਮੀਖਿਆ ਕਰਨਗੇ।

# ਆਈਟੀਆਈ ਦੇ ਐਸਸੀਵੀਟੀ ਟਰੇਡਾਂ ਵਿੱਚ 'ਆਨ ਦਾ ਸਪਾਟ' ਦਾਖ਼ਲੇ ਦੀ ਮਿਤੀ 19 ਸਤੰਬਰ ਤੱਕ ਵਧੀ

**ਚੰਡੀਗੜ੍ਹ, 10 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਹੁਨਰ ਵਿਕਾਸ ਅਤੇ ਉਦਯੋਗਿਕ ਸਿਖਲਾਈ ਵਿਭਾਗ ਨੇ ਰਾਜ ਦੇ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਉਦਯੋਗਿਕ ਸਿਖਲਾਈ ਸੰਸਥਾਵਾਂ (9"9) ਵਿੱਚ ਸੈਸ਼ਨ 2026-27 ਲਈ ਐਸਸੀਵੀਟੀ ਦੇ ਤਹਿਤ ਖਾਲੀ ਸੀਟਾਂ 'ਤੇ 'ਆਨ ਦਾ ਸਪਾਟ' ਦਾਖ਼ਲਾ ਪ੍ਰਕਿਰਿਆ ਦੀ ਆਖ਼ਰੀ ਮਿਤੀ 19 ਸਤੰਬਰ, 2026 ਤੱਕ ਵਧਾ ਦਿੱਤੀ ਹੈ। ਇਹ ਦਾਖ਼ਲਾ ਪ੍ਰਕਿਰਿਆ ਪੂਰੀ ਤਰ੍ਹਾਂ ਨਾਲ ਸੰਸਥਾ ਪੱਧਰ 'ਤੇ ਆਯੋਜਿਤ ਕੀਤੀ ਜਾਵੇਗੀ, ਜਿਸ ਲਈ ਵਿਭਾਗ ਦੀ ਅਧਿਕਾਰਤ ਵੈੱਬਸਾਈਟ 'ਤੇ ਨਵੀਆਂ ਆਨਲਾਈਨ ਅਰਜ਼ੀਆਂ ਵੀ ਮੰਗੀਆਂ ਜਾ ਰਹੀਆਂ ਹਨ।

ਇੱਕ ਸਰਕਾਰੀ ਬੁਲਾਰੇ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਪੱਧਰ 'ਤੇ ਹੋਣ ਵਾਲੀ ਇਹ ਦਾਖ਼ਲਾ ਪ੍ਰਕਿਰਿਆ ਨਵੇਂ ਅਤੇ ਪੁਰਾਣੇ ਬਿਨੈਕਾਰਾਂ ਦੀ ਸਾਂਝੀ ਮੈਰਿਟ ਦੇ ਆਧਾਰ 'ਤੇ ਹੋਵੇਗੀ ਅਤੇ ਇਸ ਵਿੱਚ ਕੋਈ ਰਾਖਵਾਂਕਰਨ (ਰਿਜ਼ਰਵੇਸ਼ਨ) ਲਾਗੂ ਨਹੀਂ ਹੋਵੇਗਾ। ਦਾਖ਼ਲੇ ਦੇ ਚਾਹਵਾਨ ਉਮੀਦਵਾਰਾਂ ਨੂੰ 19 ਸਤੰਬਰ, 2026 ਨੂੰ ਦੁਪਹਿਰ 12:00 ਵਜੇ ਤੱਕ ਆਪਣਾ ਮੈਰਿਟ ਕਾਰਡ ਸਬੰਧਤ ਸੰਸਥਾ ਵਿੱਚ ਜਮ੍ਹਾਂ ਕਰਵਾਉਣਾ ਹੋਵੇਗਾ। ਇਸ ਤੋਂ ਬਾਅਦ ਉਮੀਦਵਾਰਾਂ ਨੂੰ ਆਪਣੇ ਸਾਰੇ ਅਸਲ ਸਰਟੀਫਿਕੇਟਾਂ ਨਾਲ ਸੰਸਥਾ ਵਿੱਚ ਖੁਦ ਹਾਜ਼ਰ ਹੋਣਾ ਪਵੇਗਾ ਅਤੇ ਮੌਕੇ 'ਤੇ ਹੀ ਦਾਖ਼ਲਾ ਫ਼ੀਸ ਆਨਲਾਈਨ ਜਮ੍ਹਾਂ ਕਰਵਾਉਣੀ ਪਵੇਗੀ।

ਉਮੀਦਵਾਰ ਦਾਖ਼ਲਾ ਪੋਰਟਲ ਤੋਂ ਆਪਣਾ ਮੈਰਿਟ ਕਾਰਡ ਡਾਊਨਲੋਡ ਕਰ ਸਕਦੇ ਹਨ ਅਤੇ ਸੰਸਥਾਵਾਂ ਅਨੁਸਾਰ ਖਾਲੀ ਸੀਟਾਂ ਦੀ ਗਿਣਤੀ ਵੀ ਪੋਰਟਲ 'ਤੇ ਦੇਖ ਸਕਦੇ ਹਨ। ਵਿਭਾਗ ਵੱਲੋਂ ਇਹ ਸਪੱਸ਼ਟ ਕੀਤਾ ਗਿਆ ਹੈ ਕਿ ਇਸ ਐਸਸੀਵੀਟੀ ਦਾਖ਼ਲੇ ਦੇ ਆਧਾਰ 'ਤੇ ਪਹਿਲਾਂ ਐਨਸੀਵੀਟੀ ਵਿੱਚ ਲਿਆ ਗਿਆ ਦਾਖ਼ਲਾ ਰੱਦ ਨਹੀਂ ਕੀਤਾ ਜਾਵੇਗਾ। ਸੈਸ਼ਨ 2026-27 ਦੀ ਜਾਣਕਾਰੀ ਪੁਸਤਿਕਾ ਵਿੱਚ ਦੱਸੇ ਗਏ ਹੋਰ ਸਾਰੇ ਨਿਯਮ ਅਤੇ ਸ਼ਰਤਾਂ ਪਹਿਲਾਂ ਵਾਂਗ ਹੀ ਲਾਗੂ ਰਹਿਣਗੀਆਂ।

# ਹਰਿਆਣਾ ਵਿੱਚ ਉੱਚੀ ਇਮਾਰਤਾਂ ਵਿੱਚ ਅੱਗ ਦੁਰਘਟਨਾਵਾਂ ਨਾਲ ਨਜਿੱਠਣ ਦੀ ਤਿਆਰੀ

**ਚੰਡੀਗੜ੍ਹ, 10 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਦਾ ਫਾਇਰ ਅਤੇ ਐਮਰਜੈਂਸੀ ਸਰਵਿਸਿਜ਼ ਡਾਇਰੈਕਟੋਰੇਟ ਰਾਜ ਵਿੱਚ ਐਮਰਜੈਂਸੀ ਸੇਵਾਵਾਂ ਨੂੰ ਹੋਰ ਜ਼ਿਆਦਾ ਆਧੁਨਿਕ ਅਤੇ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ 90 ਮੀਟਰ ਦੇ ਦੋ ਅਤੇ 104 ਮੀਟਰ ਦੇ ਦੋ ਏਰੀਅਲ ਲੈਡਰ ਪਲੇਟਫਾਰਮ ਖਰੀਦਣ ਜਾ ਰਿਹਾ ਹੈ। ਇਸ ਪ੍ਰਸਤਾਵਿਤ ਖਰੀਦ ਦੇ ਸਬੰਧ ਵਿੱਚ ਤਕਨੀਕੀ ਮਾਪਦੰਡਾਂ, ਯੋਗਤਾ ਮਾਪਦੰਡਾਂ, ਵਾਰੰਟੀ, ਡਿਲੀਵਰੀ ਸ਼ਡਿਊਲ ਅਤੇ ਵਪਾਰਕ ਪ੍ਰਬੰਧਾਂ 'ਤੇ ਭਾਰਤੀ ਅਤੇ ਵਿਦੇਸ਼ੀ ਨਿਰਮਾਤਾਵਾਂ, ਅਥੋਰਾਇਜਡ ਪ੍ਰਤੀਨਿਧੀਆਂ ਅਤੇ ਹਿੱਤਧਾਰਕਾਂ ਤੋਂ ਸੁਝਾਅ ਪ੍ਰਾਪਤ ਕਰਨ ਲਈ ਡਾਇਰੈਕਟੋਰੇਟ ਇੱਕ ਪ੍ਰੀ-ਐਨ.ਆਈ.ਟੀ. ਅਤੇ ਮਾਰਕੀਟ ਕੰਸਲਟੇਸ਼ਨ ਮੀਟਿੰਗ ਆਯੋਜਿਤ ਕਰਨ ਜਾ ਰਿਹਾ ਹੈ।

ਇਹ ਸਲਾਹ-ਮਸ਼ਵਰਾ ਮੀਟਿੰਗ 11 ਸਤੰਬਰ, 2026 ਨੂੰ ਦੁਪਹਿਰ 12:30 ਵਜੇ ਵੀਡੀਓ ਕਾਨਫਰੰਸਿੰਗ ਰਾਹੀਂ ਆਯੋਜਿਤ ਕੀਤੀ ਜਾਵੇਗੀ। ਇਸ ਵਿੱਚ ਹਿੱਸਾ ਲੈਣ ਲਈ ਚਾਹਵਾਨ ਹਿੱਤਧਾਰਕਾਂ ਨੂੰ 10 ਸਤੰਬਰ, 2026 ਨੂੰ ਸ਼ਾਮ 05:30 ਵਜੇ ਤੱਕ ਆਪਣੀ ਰਜਿਸਟ੍ਰੇਸ਼ਨ ਕਰਵਾਉਣੀ ਹੋਵੇਗੀ। ਰਜਿਸਟ੍ਰੇਸ਼ਨ ਅਤੇ ਆਪਣੇ ਸੁਝਾਅ ਪੇਸ਼ ਕਰਨ ਲਈ ਬਿਨੈਕਾਰ ਸੰਸਥਾ ਦੇ ਨਾਮ, ਪ੍ਰਤੀਨਿਧ ਦੇ ਨਾਮ ਅਤੇ ਅਹੁਦੇ, ਈਮੇਲ ਆਈ.ਡੀ. ਅਤੇ ਸੰਪਰਕ ਨੰਬਰ ਦੇ ਨਾਲ ਤਕਨੀਕੀ ਈਮੇਲ 'ਤੇ ਸੰਪਰਕ ਕਰ ਸਕਦੇ ਹਨ।

ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਇਹ ਮੀਟਿੰਗ ਸਿਰਫ਼ ਆਉਣ ਵਾਲੇ ਟੈਂਡਰ ਦਸਤਾਵੇਜ਼ ਨੂੰ ਅੰਤਮ ਰੂਪ ਦੇਣ ਅਤੇ ਉਦਯੋਗ ਤੋਂ ਸੁਝਾਅ ਅਤੇ ਜਾਣਕਾਰੀ ਪ੍ਰਾਪਤ ਕਰਨ ਦੇ ਉਦੇਸ਼ ਨਾਲ ਕੀਤੀ ਜਾ ਰਹੀ ਹੈ।

ਇਹ ਆਪਣੇ ਆਪ ਵਿੱਚ ਕੋਈ ਟੈਂਡਰ, ਈ.ਓ.ਆਈ. ਜਾਂ ਚੋਣ ਪ੍ਰਕਿਰਿਆ ਨਹੀਂ ਹੈ ਅਤੇ ਨਾ ਹੀ ਇਸ ਵਿੱਚ ਹਿੱਸਾ ਲੈਣ ਵਾਲੇ ਕਿਸੇ ਵੀ ਹਿੱਸੇਦਾਰ ਨੂੰ ਭਵਿੱਖ ਦੀ ਖਰੀਦ ਪ੍ਰਕਿਰਿਆ ਵਿੱਚ ਕੋਈ ਵਿਸ਼ੇਸ਼ ਅਧਿਕਾਰ ਪ੍ਰਦਾਨ ਕੀਤਾ ਜਾਵੇਗਾ।

# ਮੁੱਖ ਮੰਤਰੀ ਦੀਆਂ ਮੀਟਿੰਗਾਂ ਦੇ ਫ਼ੈਸਲਿਆਂ ਦੇ ਲਾਗੂ ਕਰਨ 'ਤੇ ਹਰਿਆਣਾ ਸਰਕਾਰ ਦੀ ਤਿੱਖੀ ਨਜ਼ਰ

## ਹਰ ਫ਼ੈਸਲੇ ਲਈ ਤੈਅ ਹੋਵੇਗੀ ਜ਼ਿੰਮੇਵਾਰੀ; ਮੁੱਖ ਮੰਤਰੀ ਮੀਟਿੰਗ ਮੋਨਿਟਰਿੰਗ ਪੋਰਟਲ 'ਤੇ ਹੋਵੇਗੀ ਨਿਯਮਤ ਨਿਗਰਾਨੀ

**ਚੰਡੀਗੜ੍ਹ 10 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਸਰਕਾਰ ਨੇ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਹੋਣ ਵਾਲੀਆਂ ਮੀਟਿੰਗਾਂ ਵਿੱਚ ਲਏ ਗਏ ਫ਼ੈਸਲਿਆਂ ਅਤੇ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਦਾ ਸਮਾਂਬੱਧ ਅਤੇ ਨਤੀਜਾਮੁਖੀ ਲਾਗੂਕਰਨ ਯਕੀਨੀ ਬਣਾਉਣ ਲਈ ਮਾਨਕ ਸੰਚਾਲਨ ਪ੍ਰਕਿਰਿਆ ਲਾਗੂ ਕੀਤੀ ਹੈ। ਇਸ ਤਹਿਤ ਹਰ ਫ਼ੈਸਲੇ ਨੂੰ ਸਪੱਸ਼ਟ ਐਕਸ਼ਨ ਪੁਆਇੰਟ ਵਿੱਚ ਤਬਦੀਲ ਕਰਕੇ ਉਸ ਲਈ ਜ਼ਿੰਮੇਵਾਰ ਵਿਭਾਗ/ਅਧਿਕਾਰੀ, ਸਮਾਂ-ਸੀਮਾ ਅਤੇ ਨਤੀਜੇ ਨਿਰਧਾਰਤ ਕੀਤੇ ਜਾਣਗੇ ਅਤੇ ਪਾਲਣਾ ਦੀ ਨਿਯਮਤ ਨਿਗਰਾਨੀ ਕੀਤੀ ਜਾਵੇਗੀ।



ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਦੁਆਰਾ ਜਾਰੀ ਐਸ.ਓ.ਪੀ. ਅਨੁਸਾਰ, ਮੁੱਖ ਮੰਤਰੀ ਦੀਆਂ ਮੀਟਿੰਗਾਂ ਦੇ ਮਿੰਟਸ ਆਫ਼ ਮੀਟਿੰਗ ($♲$) ਸਿਰਫ਼ ਚਰਚਾ ਦਾ ਵੇਰਵਾ ਨਾ ਹੋ ਕੇ ਫ਼ੈਸਲਾ ਅਤੇ ਕਾਰਵਾਈ ਕੇਂਦਰਿਤ ਦਸਤਾਵੇਜ਼ ਹੋਣਗੀਆਂ। ਹਰ ਫ਼ੈਸਲਾ ਸਪੱਸ਼ਟ, ਸੰਖੇਪ ਅਤੇ ਮਾਪਣਯੋਗ ਰੂਪ ਵਿੱਚ ਦਰਜ ਕੀਤਾ ਜਾਵੇਗਾ। ਜਿੱਥੇ ਇੱਕ ਤੋਂ ਵੱਧ ਵਿਭਾਗਾਂ ਦੀ ਭੂਮਿਕਾ ਹੋਵੇਗੀ, ਉੱਥੇ ਲੀਡ ਡਿਪਾਰਟਮੈਂਟ/ਏਜੰਸੀ ਅਤੇ ਸਬੰਧਤ ਵਿਭਾਗਾਂ ਦੀਆਂ ਜ਼ਿੰਮੇਵਾਰੀਆਂ ਸਪੱਸ਼ਟ ਤੌਰ 'ਤੇ ਨਿਰਧਾਰਤ ਕੀਤੀਆਂ ਜਾਣਗੀਆਂ।

ਮੀਟਿੰਗ ਦੀ ਕਾਰਵਾਈ ਦਾ ਖਰੜਾ ਤਿੰਨ ਕੰਮ ਵਾਲੇ ਦਿਨਾਂ ਦੇ ਅੰਦਰ ਤਿਆਰ ਕੀਤਾ ਜਾਵੇਗਾ। ਪ੍ਰਵਾਨਿਤ ਐਮਓਐਮ ਜਾਰੀ ਹੋਣ ਤੋਂ ਬਾਅਦ ਉਸ ਵਿੱਚ ਦਰਜ ਸਾਰੇ ਐਕਸ਼ਨ ਪੁਆਇੰਟਾਂ ਨੂੰ ਦੋ ਕੰਮਕਾਜੀ ਦਿਨਾਂ ਦੇ ਅੰਦਰ ਮੁੱਖ ਮੰਤਰੀ ਮੀਟਿੰਗ ਨਿਗਰਾਨੀ ਪੋਰਟਲ 'ਤੇ ਅਪਲੋਡ ਕੀਤਾ ਜਾਵੇਗਾ। ਪੋਰਟਲ 'ਤੇ ਸਬੰਧਤ ਵਿਭਾਗ, ਜ਼ਿੰਮੇਵਾਰ ਅਧਿਕਾਰੀ, ਸਮਾਂ-ਸੀਮਾ, ਟੀਚਾ/ਮਾਈਲਸਟੋਨ, ਮੌਜੂਦਾ ਸਥਿਤੀ, ਏਟੀਆਰ ਅਤੇ ਜ਼ਰੂਰੀ ਸਪੋਰਟਿੰਗ ਡਾਕੂਮੈਂਟ/ਸਬੂਤ ਉਪਲਬਧ ਕਰਵਾਏ ਜਾਣਗੇ।

ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਹਰੇਕ ਐਕਸ਼ਨ ਪੁਆਇੰਟ ਦੀ ਸਥਿਤੀ ਨੂੰ ਸਿਰਫ਼ ਆਮ ਸ਼ਬਦਾਂ ਵਿੱਚ ਦੱਸਣ ਦੀ ਬਜਾਏ ਵਸਤੂਨਿਸ਼ਠ ਰੂਪ ਵਿੱਚ ਦਰਜ ਕੀਤਾ ਜਾਵੇਗਾ। ਇਸ ਲਈ ਕੰਪਲੀਟਡ (ਪੂਰਣ), ਇਨ ਪ੍ਰੋਗਰੈਸ (ਪ੍ਰਕਿਰਿਆਧੀਨ), ਓਵਰਡਿਊ (ਸਮਾਂ-ਸੀਮਾ ਤੋਂ ਲੰਬਿਤ), ਨਾਟ ਸਟਾਰਟਡ (ਅਜੇ ਸ਼ੁਰੂ ਨਹੀਂ) ਅਤੇ ਨਾਟ ਫਿਜ਼ੀਬਲ/ਇਸ਼ੂ ਰਿਕਵਾਇਰਿੰਗ ਡਿਸੀਜ਼ਨ (ਵਿਹਾਰਕ ਨਹੀਂ/ਫ਼ੈਸਲਾ ਲੋੜੀਂਦਾ) ਵਰਗੀਆਂ ਸ਼੍ਰੇਣੀਆਂ ਵਿੱਚ ਸਥਿਤੀ ਅੱਪਡੇਟ ਕੀਤੀ ਜਾਵੇਗੀ। ਕਿਸੇ ਕੰਮ ਨੂੰ ਪੂਰਾ ਦਰਸਾਉਣ ਤੋਂ ਪਹਿਲਾਂ, ਜਿੱਥੇ ਸੰਭਵ ਹੋਵੇ, ਸਬੰਧਤ ਹੁਕਮ, ਪ੍ਰਵਾਨਗੀ, ਪ੍ਰਗਤੀ ਰਿਪੋਰਟ, ਪੋਰਟਲ ਰਿਪੋਰਟ, ਫ਼ੋਟੋ, ਅੰਕੜੇ ਜਾਂ ਹੋਰ ਸਬੂਤ ਵੀ ਉਪਲਬਧ ਕਰਵਾਉਣੇ ਪੈਣਗੇ।

ਅਨੁਪਾਲਣ ਦੀ ਮੁੱਢਲੀ ਏਟੀਆਰ ਐਮਓਐਮ ਦੇ ਪ੍ਰਸਾਰਣ ਤੋਂ ਬਾਅਦ ਇੱਕ ਮਹੀਨੇ ਦੇ ਅੰਦਰ ਪੇਸ਼ ਕੀਤੀ ਜਾਵੇਗੀ। ਜਿਹੜੇ ਕੰਮ ਨਿਰਧਾਰਤ ਮਿਆਦ ਵਿੱਚ ਪੂਰੇ ਨਹੀਂ ਕੀਤੇ ਜਾ ਸਕਣਗੇ, ਉਨ੍ਹਾਂ ਦੇ ਸਬੰਧ ਵਿੱਚ ਹਰ ਮਹੀਨੇ ਅੱਪਡੇਟ ਕੀਤੀ ਏਟੀਆਰ ਪੇਸ਼ ਕਰਨੀ ਪਵੇਗੀ। ਅਜਿਹੀ ATR ਵਿੱਚ ਹੁਣ ਤੱਕ ਦੀ ਕਾਰਵਾਈ, ਬਾਕੀ ਕੰਮ, ਦੇਰੀ ਦਾ ਕਾਰਨ, ਮੌਜੂਦਾ ਸਥਿਤੀ, ਸੋਧਿਆ ਸਮਾਂ-ਸੀਮਾ ਅਤੇ ਅਪੇਖ਼ਿਕਤ ਸਹਿਯੋਗ ਜਾਂ ਫ਼ੈਸਲੇ ਦਾ ਸਪੱਸ਼ਟ ਜ਼ਿਕਰ ਕਰਨਾ ਹੋਵੇਗਾ।

ਨਿਰਧਾਰਤ ਸਮਾਂ-ਸੀਮਾ ਵਿੱਚ ਕੰਮ ਪੂਰਾ ਨਾ ਹੋਣ 'ਤੇ ਸਬੰਧਤ ਪ੍ਰਸ਼ਾਸਨਿਕ ਸਕੱਤਰ/ਵਿਭਾਗ ਮੁਖੀ ਵੱਲੋਂ ਦੇਰੀ ਦੇ ਕਾਰਨਾਂ ਦੀ ਸਮੀਖਿਆ ਕੀਤੀ ਜਾਵੇਗੀ। ਲਗਾਤਾਰ ਲੰਬਿਤ ਰਹਿਣ ਵਾਲੇ ਜਾਂ ਨੀਤੀਗਤ, ਵਿੱਤੀ ਜਾਂ ਪ੍ਰਸ਼ਾਸਨਿਕ ਫ਼ੈਸਲੇ ਦੀ ਲੋੜ ਵਾਲੇ ਮਾਮਲਿਆਂ ਨੂੰ ਸਮਰੱਥ ਪੱਧਰ 'ਤੇ ਫ਼ੈਸਲੇ ਲਈ ਪੇਸ਼ ਕੀਤਾ ਜਾਵੇਗਾ। ਬੇਹੱਦ ਮਹੱਤਵਪੂਰਨ ਅਤੇ ਸਮਾਂਬੱਧ ਮਾਮਲਿਆਂ ਦੀ ਸਬੰਧਤ ਪ੍ਰਸ਼ਾਸਨਿਕ ਸਕੱਤਰ ਵੱਲੋਂ ਨਿੱਜੀ ਨਿਗਰਾਨੀ ਵੀ ਯਕੀਨੀ ਬਣਾਈ ਜਾਵੇਗੀ।

ਹਰੇਕ ਵਿਭਾਗ ਇੱਕ ਸੀਨੀਅਰ ਅਤੇ ਜ਼ਿੰਮੇਵਾਰ ਅਧਿਕਾਰੀ ਨੂੰ ਵਿਭਾਗੀ ਨੋਡਲ ਅਧਿਕਾਰੀ ਨਾਮਜ਼ਦ ਕਰੇਗਾ। ਨੋਡਲ ਅਧਿਕਾਰੀ ਮੁੱਖ ਮੰਤਰੀ ਦੀਆਂ ਬੈਠਕਾਂ ਨਾਲ ਜੁੜੇ ਸਾਰੇ ਐਕਸ਼ਨ ਪੁਆਇੰਟਾਂ ਦਾ ਤਾਲਮੇਲ, ਸਮੇਂ 'ਤੇ ਏਟੀਆਰ ਪ੍ਰਾਪਤ ਕਰਨਾ, ਇਸ ਦੀ ਤੱਥਾਤਮਕ ਸ਼ੁੱਧਤਾ ਯਕੀਨੀ ਬਣਾਉਣਾ, ਪੋਰਟਲ ਅੱਪਡੇਟ ਕਰਵਾਉਣਾ ਅਤੇ ਲੰਬਿਤ ਮਾਮਲਿਆਂ ਦੀ ਨਿਯਮਤ ਸਮੀਖਿਆ ਕਰੇਗਾ। ਵਿਭਾਗਾਂ ਨੂੰ ਨਾਮਜ਼ਦ ਨੋਡਲ ਅਧਿਕਾਰੀ ਦਾ ਵੇਰਵਾ 15 ਸਤੰਬਰ, 2026 ਤੱਕ ਉਪਲਬਧ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ, ਤਾਂ ਜੋ ਉਨ੍ਹਾਂ ਨੂੰ ਪੋਰਟਲ ਲਈ ਜ਼ਰੂਰੀ ਲੌਗਇਨ ਆਈਡੀ ਅਤੇ ਐਕਸੈਸ ਪ੍ਰਦਾਨ ਕੀਤਾ ਜਾ ਸਕੇ।

ਐਸਓਪੀ ਤਹਿਤ ਹਰੇਕ ਵਿਭਾਗ ਨੂੰ ਆਪਣੇ ਪੱਧਰ 'ਤੇ ਲੰਬਿਤ ਐਕਸ਼ਨ ਪੁਆਇੰਟਾਂ ਦੀ ਨਿਯਮਤ ਅੰਦਰੂਨੀ ਸਮੀਖਿਆ ਵੀ ਕਰਨੀ ਪਵੇਗੀ। ਆਉਣ ਵਾਲੀਆਂ ਸਮੀਖਿਆ ਬੈਠਕਾਂ ਤੋਂ ਪਹਿਲਾਂ ਪਿਛਲੀਆਂ ਬੈਠਕਾਂ ਦੇ ਲੰਬਿਤ ਬਿੰਦੂਆਂ ਦੀ ਵਿਭਾਗਵਾਰ ਅਤੇ ਐਕਸ਼ਨ ਪੁਆਇੰਟ ਦੇ ਆਧਾਰ 'ਤੇ ਸਥਿਤੀ ਤਿਆਰ ਕੀਤੀ ਜਾਵੇਗੀ, ਜਿਸ ਵਿੱਚ ਪ੍ਰਾਪਤੀ, ਅੜਿੱਕਾ ਅਤੇ ਅੱਗੇ ਦੀ ਕਾਰਜਯੋਜਨਾ ਸਪੱਸ਼ਟ ਤੌਰ 'ਤੇ ਦਰਸਾਈ ਜਾਵੇਗੀ। ਸਮੀਖਿਆ ਵਿੱਚ ਸਿਰਫ਼ ਕਾਗਜ਼ੀ ਪ੍ਰਗਤੀ ਦੀ ਬਜਾਏ ਅਸਲ ਨਤੀਜੇ ਨੂੰ ਤਰਜੀਹ ਦਿੱਤੀ ਜਾਵੇਗੀ।

ਸਰਕਾਰ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਮੁੱਖ ਮੰਤਰੀ ਦੀਆਂ ਬੈਠਕਾਂ ਦੀ ਕਾਰਵਾਈ ਵਿੱਚ ਸਿਰਫ਼ ਉਹੀ ਫ਼ੈਸਲੇ ਅਤੇ ਨਿਰਦੇਸ਼ ਦਰਜ ਕੀਤੇ ਜਾਣਗੇ ਜੋ ਅਸਲ ਵਿੱਚ ਬੈਠਕ ਵਿੱਚ ਲਏ ਗਏ ਹੋਣ। ਚਰਚਾ ਅਤੇ ਅੰਤਿਮ ਫ਼ੈਸਲੇ ਦੇ ਵਿਚਕਾਰ ਸਪੱਸ਼ਟ ਅੰਤਰ ਰੱਖਿਆ ਜਾਵੇਗਾ ਅਤੇ ਲੰਬਿਤ ਫ਼ੈਸਲਿਆਂ ਨੂੰ ਸਪੱਸ਼ਟ ਤੌਰ 'ਤੇ ਡਿਸੀਜ਼ਨ ਪੈਂਡਿੰਗ/ਫ਼ਾਰ ਫਰਦਰ ਐਗਜ਼ਾਮੀਨੇਸ਼ਨ ਵਜੋਂ ਦਰਸਾਇਆ ਜਾਵੇਗਾ। ਨਾਲ ਹੀ, ਬੈਠਕਾਂ ਨਾਲ ਜੁੜੇ ਏਜੰਡਾ, ਬੈਕਗ੍ਰਾਊਂਡ ਨੋਟ, ਐਮਓਐਮ, ਏਟੀਆਰ ਅਤੇ ਹੋਰ ਰਿਕਾਰਡਾਂ ਦਾ ਸੁਰੱਖਿਅਤ ਅਤੇ ਉਚਿਤ ਰਿਕਾਰਡ ਰੱਖਿਆ ਜਾਵੇਗਾ।

ਇਹ ਐਸਓਪੀ ਤੁਰੰਤ ਪ੍ਰਭਾਵ ਨਾਲ ਲਾਗੂ ਹੋਵੇਗੀ ਅਤੇ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਹੋਣ ਵਾਲੀਆਂ ਸਾਰੀਆਂ ਆਉਣ ਵਾਲੀਆਂ ਬੈਠਕਾਂ ਦੇ ਨਾਲ-ਨਾਲ, ਜਿੱਥੋਂ ਤੱਕ ਸੰਭਵ ਹੋਵੇ, ਪਹਿਲਾਂ ਹੋਈਆਂ ਬੈਠਕਾਂ ਦੇ ਲੰਬਿਤ ਐਕਸ਼ਨ ਪੁਆਇੰਟਾਂ ਦੀ ਨਿਗਰਾਨੀ 'ਤੇ ਵੀ ਲਾਗੂ ਹੋਵੇਗੀ। ਸਰਕਾਰ ਨੇ ਸਾਰੇ ਸਬੰਧਤ ਵਿਭਾਗਾਂ ਅਤੇ ਅਧਿਕਾਰੀਆਂ ਨੂੰ ਨਿਰਧਾਰਤ ਪ੍ਰਕਿਰਿਆਵਾਂ ਅਤੇ ਸਮਾਂ-ਸੀਮਾ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਬੇਲੋੜੀ ਦੇਰੀ ਜਾਂ ਨਿਰਦੇਸ਼ਾਂ ਦੀ ਅਵਗਿਆ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ।





